ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 52
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 22 February, 2026) ਐਤਵਾਰ , 22 ਫਰਵਰੀ, 2026, 11 ਫੱਗਣ (ਪੰਚਮੀ), ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਸੋਨੇ ਦੀਆਂ ਕੀਮਤਾਂ ਨੇ ਤੋੜੇ ਸਾਰੇ ਰਿਕਾਰਡ!

ਨਵੀਂ ਦਿੱਲੀ, 21 ਫਰਵਰੀ (ਚ.ਨ.ਸ.):ਭਾਰਤੀ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਨੇ ਇੱਕ ਨਵਾਂ ਇਤਿਹਾਸ ਰਚ ਦਿੱਤਾ ਹੈ। ਪਿਛਲੇ ਹਫ਼ਤੇ ਦੀ ਲਗਾਤਾਰ ਗਿਰਾਵਟ ਤੋਂ ਬਾਅਦ, ਕੀਮਤਾਂ ਵਿੱਚ ਇੱਕ ਵਾਰ ਫਿਰ ਵੱਡੀ ਤੇਜ਼ੀ ਦੇਖਣ ਨੂੰ ਮਿਲੀ ਹੈ, ਜਿਸ ਨਾਲ ਸੋਨਾ 1.56 ਲੱਖ ਰੁਪਏ ਅਤੇ ਚਾਂਦੀ 2.52 ਲੱਖ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਈ ਹੈ। ਮਾਰਕੀਟ ਡੇਟਾ ਅਨੁਸਾਰ, 21 ਫਰਵਰੀ 2026 ਨੂੰ ਭਾਰਤ ਵਿੱਚ 24 ਕੈਰਟ ਸੋਨੇ ਦੀ ਕੀਮਤ 15,738 ਰੁਪਏ ਪ੍ਰਤੀ 1 ਗ੍ਰਾਮ ਅਤੇ 22 ਕੈਰਟ ਸੋਨੇ ਦੀ ਕੀਮਤ 14,426 ਰੁਪਏ ਪ੍ਰਤੀ 1 ਗ੍ਰਾਮ ਦਰਜ ਕੀਤੀ ਗਈ ਹੈ। ਦੂਜੇ ਪਾਸੇ, ਚਾਂਦੀ ਨੇ ਸਭ ਨੂੰ ਹੈਰਾਨ ਕਰਦੇ ਹੋਏ ਵੱਡੀ ਛਾਲ ਮਾਰੀ ਹੈ ਅਤੇ ਇਸ ਦੀ ਕੀਮਤ 2,69,900 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ।

## ਟਰੰਪ ਵੱਲੋਂ ਨਵੇਂ ਆਯਾਤ ਟੈਰਿਫ਼ ਦਾ ਐਲਾਨ

### ਭਾਰਤ ਲਈ ਟੈਰਿਫ਼ ਘਟਾ ਕੇ ਕੀਤਾ 10 ਪ੍ਰਤੀਸ਼ਤ

ਚੜ੍ਹਦੀਕਲਾ ਬਿਊਰੋ

================

ਨਿਊਯਾਰਕ/ਵਾਸ਼ਿੰਗਟਨ, 21 ਫਰਵਰੀ : ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ, ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੇਸ਼ ਵਿੱਚ ਆਯਾਤ ਕੀਤੀਆਂ ਜਾਣ ਵਾਲੀਆਂ ਵਸਤਾਂ 'ਤੇ ਨਵੇਂ ਗਲੋਬਲ ਟੈਰਿਫ ਦਾ ਐਲਾਨ ਕੀਤਾ, ਜੋ ਹੁਣ ਭਾਰਤ 'ਤੇ 18 ਪ੍ਰਤੀਸ਼ਤ ਦੀ ਬਜਾਏ 10 ਪ੍ਰਤੀਸ਼ਤ ਟੈਰਿਫ (ਟੈਰਿਫ) ਦੇ ਅਧੀਨ ਹੋਵੇਗਾ। 'ਮੌਜੂਦਾ ਅੰਤਰਰਾਸ਼ਟਰੀ ਭੁਗਤਾਨ ਸਮੱਸਿਆਵਾਂ ਨੂੰ ਹੱਲ ਕਰਨ ਲਈ ਇੱਕ ਅਸਥਾਈ ਆਯਾਤ ਸਰਚਾਰਜ ਲਗਾਉਣਾ' ਸਿਰਲੇਖ ਵਾਲੇ ਇੱਕ ਐਲਾਨ ਵਿੱਚ, ਟਰੰਪ ਨੇ ਕਿਹਾ ਕਿ ਉਹ 24 ਫਰਵਰੀ ਤੋਂ ਪ੍ਰਭਾਵੀ, 150 ਦਿਨਾਂ ਦੀ ਮਿਆਦ ਲਈ ਅਮਰੀਕਾ ਵਿੱਚ ਆਯਾਤ ਕੀਤੀਆਂ ਜਾਣ ਵਾਲੀਆਂ ਵਸਤਾਂ 'ਤੇ ਮੁੱਲ ਦੇ ਆਧਾਰ 'ਤੇ 10 ਪ੍ਰਤੀਸ਼ਤ ਅਸਥਾਈ ਆਯਾਤ ਸਰਚਾਰਜ ਲਗਾ ਰਹੇ ਹਨ।



ਦੁਨੀਆਂ ਭਰ ਦੇ ਦੇਸ਼ਾਂ 'ਤੇ ਇਸ ਨਵੇਂ 10 ਪ੍ਰਤੀਸ਼ਤ ਟੈਰਿਫ ਦੇ ਲਾਗੂ ਹੋਣ ਨਾਲ, ਅਮਰੀਕਾ ਵਿੱਚ ਆਯਾਤ ਕੀਤੀਆਂ ਜਾਣ ਵਾਲੀਆਂ ਭਾਰਤੀ ਵਸਤਾਂ ਹੁਣ 18 ਪ੍ਰਤੀਸ਼ਤ ਟੈਰਿਫ ਦੇ ਅਧੀਨ ਨਹੀਂ ਰਹਿਣਗੀਆਂ ਜੋ ਭਾਰਤ ਅਤੇ ਅਮਰੀਕਾ ਵਿਚਕਾਰ ਅੰਤਰਿਮ ਵਪਾਰ ਸਮਝੌਤੇ ਦੇ ਢਾਂਚੇ ਦੀ ਘੋਸ਼ਣਾ ਤੋਂ ਬਾਅਦ ਨਿਰਧਾਰਤ ਕੀਤੀਆਂ ਗਈਆਂ ਸਨ। ਟਰੰਪ ਦੇ ਆਪਣੇ ਦੂਜੇ ਕਾਰਜਕਾਲ ਦੇ ਮੁੱਖ ਆਰਥਿਕ ਏਜੰਡੇ ਨੂੰ ਇੱਕ ਵੱਡਾ ਝਟਕਾ ਦਿੰਦੇ ਹੋਏ, ਅਮਰੀਕੀ ਸੁਪਰੀਮ ਕੋਰਟ ਨੇ 6-3 ਬਹੁਮਤ ਦੇ ਫੈਸਲੇ ਵਿੱਚ ਕਿਹਾ ਕਿ ਟਰੰਪ ਦੁਆਰਾ ਦੁਨੀਆਂ ਭਰ ਦੇ ਦੇਸ਼ਾਂ 'ਤੇ ਲਗਾਏ ਗਏ ਟੈਰਿਫ ਗੈਰ-ਕਾਨੂੰਨੀ ਸਨ ਅਤੇ ਉਸਨੇ ਵਿਆਪਕ ਟੈਰਿਫ ਲਗਾ ਕੇ ਆਪਣੇ ਅਧਿਕਾਰ ਨੂੰ ਪਾਰ ਕੀਤਾ।

ਇਸ ਮਹੀਨੇ ਦੇ ਸ਼ੁਰੂ ਵਿੱਚ, ਜਦੋਂ ਅਮਰੀਕਾ ਅਤੇ ਭਾਰਤ ਨੇ ਇੱਕ ਅੰਤਰਿਮ ਵਪਾਰ ਸਮਝੌਤੇ ਲਈ ਇੱਕ ਢਾਂਚੇ 'ਤੇ ਸਮਝੌਤੇ ਦਾ ਐਲਾਨ ਕੀਤਾ, ਤਾਂ ਟਰੰਪ ਨੇ ਇੱਕ ਕਾਰਜਕਾਰੀ ਆਦੇਸ਼ ਜਾਰੀ ਕਰਕੇ ਰੂਸੀ ਤੇਲ ਖਰੀਦਣ ਲਈ ਭਾਰਤ 'ਤੇ ਲਗਾਏ ਗਏ 25 ਪ੍ਰਤੀਸ਼ਤ ਦੰਡਕਾਰੀ ਟੈਰਿਫ ਨੂੰ ਹਟਾ ਦਿੱਤਾ। ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਨਵੀਂ ਦਿੱਲੀ ਨੇ ਮਾਸਕੋ ਤੋਂ ਸਿੱਧੇ ਜਾਂ ਅਸਿੱਧੇ ਤੌਰ 'ਤੇ ਊਰਜਾ ਆਯਾਤ ਕਰਨਾ ਬੰਦ ਕਰਨ ਅਤੇ ਅਮਰੀਕੀ (ਬਾਕੀ ਸਫਾ 2 'ਤੇ)

## ਪਾਕਿਸਤਾਨ ਵੱਲੋਂ ਕੁਪਵਾੜਾ ਵਿੱਚ ਮੁੜ ਗੋਲ਼ੀਬੰਦੀ ਦੀ ਉਲੰਘਣਾ

ਸ੍ਰੀਨਗਰ, 21 ਫਰਵਰੀ (ਚ.ਨ.ਸ.): ਪਾਕਿਸਤਾਨ ਨੇ ਸ਼ੁੱਕਰਵਾਰ ਜੰਮੂ-ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ 'ਚ ਕੰਟਰੋਲ ਰੇਖਾ ਨੇੜੇ ਜੰਗਬੰਦੀ ਦੀ ਉਲੰਘਣਾ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਦੁਪਹਿਰ ਵੇਲੇ ਪਾਕਿਸਤਾਨੀ ਕਬਜ਼ੇ ਹੇਠਲੇ ਕਸ਼ਮੀਰ ਦੀਆਂ ਚੌਕੀਆਂ ਤੋਂ ਉੱਤਰੀ ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਦੇ ਨੌਗਾਮ ਸੈਕਟਰ 'ਚ ਟੀ.ਐੱਮ.ਜੀ. ਵਿਖੇ ਭਾਰਤੀ ਚੌਕੀਆਂ 'ਤੇ ਛੋਟੇ ਹਥਿਆਰਾਂ ਨਾਲ ਗੋਲੀਬਾਰੀ ਕਰ ਕੇ ਜੰਗਬੰਦੀ ਦੀ ਉਲੰਘਣਾ ਕੀਤੀ ਗਈ। ਹਾਲਾਂਕਿ ਕੁਝ ਸਮੇਂ ਬਾਅਦ ਗੋਲੀਬਾਰੀ ਬੰਦ ਹੋ ਗਈ ਤੇ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਇਸ ਤੋਂ ਇਲਾਵਾ ਰਾਜੌਰੀ ਜ਼ਿਲੇ 'ਚ ਸੁੰਦਰਬਨੀ ਦੇ ਨਥੁਆ ਟਿੱਬਾ ਖੇਤਰ 'ਚ ਕੰਟਰੋਲ ਰੇਖਾ ਨੇੜੇ ਸੁਰੱਖਿਆ ਫੋਰਸਾਂ ਵੱਲੋਂ ਚਲਾਈ ਗਈ ਤਲਾਸ਼ੀਆਂ ਦੀ ਮੁਹਿੰਮ ਦੌਰਾਨ ਹਥਿਆਰ ਤੇ ਗੋਲਾ-ਬਾਰੂਦ ਬਰਾਮਦ ਕੀਤਾ ਗਿਆ। ਅਧਿਕਾਰੀਆਂ ਨੇ ਸ਼ੁੱਕਰਵਾਰ ਕਿਹਾ ਕਿ ਇਕ ਦਿਨ ਪਹਿਲਾਂ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ ਸੀ। ਖੁਫੀਆ ਜਾਣਕਾਰੀ ਦੇ ਆਧਾਰ 'ਤੇ ਵ੍ਹਾਈਟ ਨਾਈਟ ਕੋਰ ਅਧੀਨ ਕੰਮ ਕਰਨ ਵਾਲੀ ਫੌਜ ਦੀ (ਬਾਕੀ ਸਫਾ 2 'ਤੇ)

### ਭਾਰਤ-ਬ੍ਰਾਜ਼ੀਲ 'ਚ 10 ਸਮਝੌਤੇ ਸਹੀਬੱਧ

## ਦੋਵੇਂ ਦੇਸ਼ ਅਗਲੇ ਪੰਜ ਸਾਲਾਂ 'ਚ ਦੁਵੱਲੇ ਵਪਾਰ ਨੂੰ 20 ਅਰਬ ਡਾਲਰ ਤੱਕ ਲਿਜਾਣਗੇ: ਮੋਦੀ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਫਰਵਰੀ :ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ. ਸਿਲਵਾ ਵਿਚਾਲੇ ਸ਼ਨੀਵਾਰ ਨੂੰ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਇੱਕ ਬਹੁਤ ਹੀ ਅਹਿਮ ਦੁਵੱਲੀ ਬੈਠਕ ਹੋਈ। ਇਸ ਬੈਠਕ ਦੌਰਾਨ ਦੋਵਾਂ ਦੇਸ਼ਾਂ ਨੇ ਰਣਨੀਤਕ ਸਾਂਝੇਦਾਰੀ ਨੂੰ ਮਜ਼ਬੂਤ ਕਰਦਿਆਂ 10 ਪ੍ਰਮੁੱਖ ਖੇਤਰਾਂ ਵਿੱਚ ਸਮਝੌਤਿਆਂ 'ਤੇ ਹਸਤਾਖਰ ਕੀਤੇ ਹਨ।



ਇਸੇ ਦੌਰਾਨ ਮੋਦੀ ਨੇ ਅੱਜ ਐਲਾਨ ਕੀਤਾ ਸੀ ਕਿ ਭਾਰਤ ਅਤੇ ਬ੍ਰਾਜ਼ੀਲ ਨੇ ਅਗਲੇ ਪੰਜ ਸਾਲਾਂ ਵਿੱਚ ਆਪਣੇ ਦੁਵੱਲੇ ਵਪਾਰ ਨੂੰ 20 ਅਰਬ ਡਾਲਰ ਤੋਂ ਪਾਰ ਲਿਜਾਣ ਦਾ ਟੀਚਾ ਮਿੱਥਿਆ ਹੈ। ਇਹ ਫੈਸਲਾ ਭਾਰਤ ਦੌਰੇ 'ਤੇ ਆਏ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ. ਸਿਲਵਾ ਨਾਲ ਹੋਈ ਇੱਕ ਉੱਚ-ਪੱਧਰੀ ਮੀਟਿੰਗ ਦੌਰਾਨ ਲਿਆ ਗਿਆ।

ਇਸ ਮੀਟਿੰਗ ਦਾ ਮੁੱਖ ਮਕਸਦ ਦੋਵਾਂ ਦੇਸ਼ਾਂ ਵਿਚਾਲੇ ਤਕਨਾਲੋਜੀ, ਊਰਜਾ, ਰੱਖਿਆ ਅਤੇ ਖੇਤੀਬਾੜੀ ਖੇਤਰਾਂ ਵਿੱਚ ਰਣਨੀਤਕ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰਨਾ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲਾਤੀਨੀ ਅਮਰੀਕਾ ਵਿੱਚ ਬ੍ਰਾਜ਼ੀਲ ਭਾਰਤ ਦਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਹੈ। ਉਨ੍ਹਾਂ ਕਿਹਾ ਕਿ ਇਹ ਆਰਥਿਕ ਰਿਸ਼ਤਾ ਸਿਰਫ਼ ਇੱਕ ਅੰਕੜਾ ਨਹੀਂ ਹੈ, ਸਗੋਂ ਇਹ ਦੋਵਾਂ ਦੇਸ਼ਾਂ ਦੇ ਆਪਸੀ ਭਰੋਸੇ ਦਾ ਪ੍ਰਤੀਕ ਹੈ। ਬ੍ਰਾਜ਼ੀਲ ਦੇ ਰਾਸ਼ਟਰਪਤੀ 'ਏ.ਆਈ. ਇੰਪੈਕਟ ਸਮਿਟ' ਵਿੱਚ ਹਿੱਸਾ ਲੈਣ ਅਤੇ ਹੋਰ ਦੁਵੱਲੇ ਸਮਝੌਤਿਆਂ ਲਈ ਭਾਰਤ ਆਏ ਹੋਏ ਹਨ। ਮੀਟਿੰਗ ਦੌਰਾਨ ਦੋਵਾਂ ਆਗੂਆਂ ਨੇ ਆਰਥਿਕ ਸਹਿਯੋਗ ਨੂੰ ਮਜ਼ਬੂਤ ਕਰਨ ਲਈ 'ਮਰਕੋਸੁਰ' ਵਪਾਰਕ ਢਾਂਚੇ ਦੇ ਵਿਸਥਾਰ ਬਾਰੇ ਵੀ ਚਰਚਾ ਕੀਤੀ।

ਇਸ ਤੋਂ ਇਲਾਵਾ ਬ੍ਰਾਜ਼ੀਲ ਵਿੱਚ ਇੱਕ 'ਡਿਜੀਟਲ ਪਬਲਿਕ ਇਨਫਰਾਸਟਰੱਕਚਰ' ਲਈ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕੀਤਾ ਜਾਵੇਗਾ। ਦੋਵੇਂ ਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.), ਸੈਮੀਕੰਡਕਟਰ, ਸੁਪਰਕੰਪਿਊਟਿੰਗ ਅਤੇ ਬਲਾਕਚੈਨ ਤਕਨਾਲੋਜੀਆਂ ਵਿੱਚ ਵੀ ਸਹਿਯੋਗ ਵਧਾਉਣਗੇ।

ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਤਕਨੀਕੀ ਸਹਿਯੋਗ ਨਾ ਸਿਰਫ਼ ਭਾਰਤ ਅਤੇ ਬ੍ਰਾਜ਼ੀਲ ਲਈ ਸਗੋਂ ਪੂਰੀ ਦੁਨੀਆਂ ਦੇ ਵਿਕਾਸਸ਼ੀਲ ਦੇਸ਼ਾਂ (ਗਲੋਬਲ ਸਾਊਥ) ਲਈ ਵੀ ਫਾਇਦੇਮੰਦ ਹੋਵੇਗਾ।

### ਆਤਿਸ਼ੀ ਵੀਡੀਓ ਮਾਮਲਾ

## ਡੀ.ਜੀ.ਪੀ. ਪੰਜਾਬ ਸਣੇ ਕਈ ਅਧਿਕਾਰੀ ਦਿੱਲੀ ਵਿਧਾਨ ਸਭਾ ਵੱਲੋਂ ਤਲਬ

ਨਵੀਂ ਦਿੱਲੀ, 21 ਫਰਵਰੀ (ਚ.ਨ.ਸ.): ਦਿੱਲੀ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਨੇ ਪੰਜਾਬ ਪੁਲਿਸ ਦੇ ਮੁਖੀ (ਡੀ.ਜੀ.ਪੀ.) ਗੌਰਵ ਯਾਦਵ ਸਮੇਤ ਸੂਬੇ ਦੇ ਕਈ ਸੀਨੀਅਰ ਅਧਿਕਾਰੀਆਂ ਨੂੰ ਸੰਮਨ ਜਾਰੀ ਕੀਤੇ ਹਨ।

ਇਹ ਕਾਰਵਾਈ ਦਿੱਲੀ ਦੀ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਨਾਲ ਜੁੜੇ ਇਕ ਵੀਡੀਓ ਵਿਵਾਦ ਅਤੇ ਉਸ 'ਤੇ ਪੰਜਾਬ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਨੂੰ ਲੈ ਕੇ ਕੀਤੀ ਗਈ ਹੈ। ਦਿੱਲੀ ਵਿਧਾਨ ਸਭਾ ਸਕੱਤਰੇਤ ਵੱਲੋਂ ਜਾਰੀ ਕੀਤੇ ਗਏ ਪੱਤਰ ਅਨੁਸਾਰ, ਪੰਜਾਬ ਦੇ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਲੋਕ ਸ਼ੇਖਰ, ਡੀ.ਜੀ.ਪੀ. ਗੌਰਵ ਯਾਦਵ ਅਤੇ ਜਲੰਧਰ ਦੀ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੂੰ 27 ਫਰਵਰੀ ਨੂੰ ਦੁਪਹਿਰ 3 ਵਜੇ (ਬਾਕੀ ਸਫਾ 2 'ਤੇ)

### ਨਿੱਝਰ ਕਤਲ ਕੇਸ ਮਾਮਲਾ

## ਕੈਨੇਡਾ ਦੇ ਨਿਆਂ ਵਿਭਾਗ ਨੇ ਸੰਵੇਦਨਸ਼ੀਲ ਸਬੂਤਾਂ ਨੂੰ ਗੁਪਤ ਰੱਖਣ ਦੀ ਇਜਾਜ਼ਤ ਮੰਗੀ

ਚੜ੍ਹਦੀਕਲਾ ਬਿਊਰੋ

================

ਟੋਰਾਂਟੋ, 21 ਫਰਵਰੀ :ਭਾਰਤੀ ਏਜੰਟਾਂ 'ਤੇ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਦੋਸ਼ ਲਾਉਣ ਤੋਂ ਬਾਅਦ, ਕੈਨੇਡਾ ਦਾ ਨਿਆਂ ਵਿਭਾਗ ਹੁਣ ਉਸ ਦੇ ਮੁਕੱਦਮੇ ਵਿੱਚ ਕੌਮੀ ਸੁਰੱਖਿਆ ਨਾਲ ਜੁੜੇ ਕੁਝ ਸੰਵੇਦਨਸ਼ੀਲ ਸਬੂਤਾਂ ਨੂੰ ਰੋਕਣ(ਦੱਬਣ) ਦੀ ਕੋਸ਼ਿਸ਼ ਕਰ ਰਿਹਾ ਹੈ। ਸਤੰਬਰ 2023 ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਪਹਿਲੀ ਵਾਰ ਜਨਤਕ ਤੌਰ 'ਤੇ ਭਾਰਤ ਦੀ ਸ਼ਮੂਲੀਅਤ ਦਾ ਦੋਸ਼ ਲਾਏ ਜਾਣ ਤੋਂ ਬਾਅਦ ਇਹ ਮਾਮਲਾ ਭਾਰਤ-ਕੈਨੇਡਾ ਸਬੰਧਾਂ ਵਿੱਚ ਇੱਕ ਵੱਡੀ ਰੁਕਾਵਟ ਬਣਿਆ ਹੋਇਆ ਹੈ।



ਇੱਕ ਖ਼ਬਰ ਏਜੰਸੀ ਅਨੁਸਾਰ, ਕੈਨੇਡਾ ਦੇ ਅਟਾਰਨੀ ਜਨਰਲ ਦੀ ਨੁਮਾਇੰਦਗੀ ਕਰਨ ਵਾਲੇ ਸੰਘੀ ਵਕੀਲਾਂ ਨੇ ਫੈਡਰਲ ਕੋਰਟ ਵਿੱਚ ਇੱਕ ਅਰਜ਼ੀ ਦਾਇਰ ਕਰਕੇ ਕੁਝ ਖਾਸ ਸਬੂਤਾਂ ਨੂੰ ਦਬਾਉਣ ਦੀ ਇਜਾਜ਼ਤ ਮੰਗੀ ਹੈ, ਅਤੇ ਦਲੀਲ ਦਿੱਤੀ ਕਿ ਇਸਦਾ ਖੁਲਾਸਾ 'ਅੰਤਰਰਾਸ਼ਟਰੀ ਸਬੰਧਾਂ ਅਤੇ ਕੌਮੀ ਸੁਰੱਖਿਆ ਲਈ ਨੁਕਸਾਨਦੇਹ' ਹੋਵੇਗਾ। ਇਹ ਅਰਜ਼ੀ ਕੈਨੇਡਾ ਐਵੀਡੈਂਸ ਐਕਟ ਦੀ ਧਾਰਾ 38 ਦੇ ਤਹਿਤ ਦਾਇਰ ਕੀਤੀ ਗਈ ਸੀ। ਖ਼ਬਰ ਏਜੰਸੀ ਨੇ ਅੱਗੇ ਦੱਸਿਆ ਕਿ ਫੈਡਰਲ ਕੋਰਟ ਵਿੱਚ ਦਾਇਰ ਅਰਜ਼ੀ ਦੇ ਨੋਟਿਸ ਵਿੱਚ ਕਿਹਾ ਗਿਆ ਹੈ ਕਿ ਸੰਘੀ ਅਟਾਰਨੀ ਜਨਰਲ ਨੂੰ 2024 ਅਤੇ 2025 ਦੇ ਦੌਰਾਨ ਚਾਰ ਨੋਟਿਸ ਪ੍ਰਾਪਤ ਹੋਏ ਸਨ (ਬਾਕੀ ਸਫਾ 2 'ਤੇ)

### ਮੁੱਖ ਮੰਤਰੀ ਪੰਜਾਬ ਵੱਲੋਂ ਗੁਜਰਾਤ ਦੌਰੇ ਦੌਰਾਨ ਐਲਾਨ

## ਪੰਜਾਬ ਦਾ ਬਜਟ 8 ਮਾਰਚ ਨੂੰ ਹੋਵੇਗਾ ਪੇਸ਼, ਨਹੀਂ ਲਾਵਾਂਗੇ ਕੋਈ ਨਵਾਂ ਟੈਕਸ: ਮਾਨ

ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 21 ਫਰਵਰੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਵਿਚ ਕਈ ਨਵਾਂ ਟੈਕਸ ਨਹੀਂ ਲਗਾਇਆ ਜਾਵੇਗਾ ਤੇ ਟੈਕਸ ਦਰਾਂ ਵਿਚ ਕੋਈ ਵਾਧਾ ਨਹੀਂ ਕੀਤਾ ਜਾਵੇਗਾ। ਪੰਜਾਬ ਸਰਕਾਰ ਦਾ ਬਜਟ 8 ਮਾਰਚ ਨੂੰ ਪੇਸ਼ ਹੋਵੇਗਾ। ਇਹ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਗੁਜਰਾਤ ਵਿਚ ਕੀਤਾ।



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੋ ਰੋਜ਼ਾ ਦੌਰੇ 'ਤੇ ਗੁਜਰਾਤ ਪੁੱਜ ਗਏ ਹਨ।

ਉਨ੍ਹਾਂ ਵੱਲੋਂ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਲੈ ਕੇ ਅਹਿਮਦਾਬਾਦ ਵਿੱਚ ਅਹਿਮ ਪ੍ਰੈਸ ਕਾਨਫ਼ਰੰਸ ਕੀਤੀ ਜਾਵੇਗੀ। ਸੂਤਰਾਂ ਅਨੁਸਾਰ ਭਗਵੰਤ ਮਾਨ ਤੇ ਕੇਜਰੀਵਾਲ ਵੱਲੋਂ ਗੁਜਰਾਤ ਵਿੱਚ ਪਾਰਟੀ ਆਗੂਆਂ ਨਾਲ ਅਗਲੀ ਰਣਨੀਤੀ ਬਾਰੇ ਵਿਚਾਰ-ਚਰਚਾ ਕੀਤੀ ਜਾਵੇਗੀ।

ਦੋਵੇਂ ਆਗੂ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾਣ ਵਾਲੇ ਵਪਾਰ ਸਮਝੌਤੇ ਨੂੰ ਲੈ ਕੇ ਵਪਾਰੀਆਂ ਨਾਲ ਵੀ ਮੁਲਾਕਾਤ ਕਰਨਗੇ। ਗੁਜਰਾਤ ਵਿਚ ਆਮ ਆਦਮੀ ਪਾਰਟੀ ਦੇਸ਼ ਦੇ ਬਜਟ ਤੇ ਗੁਜਰਾਤ ਦੇ ਬਜਟ 'ਤੇ ਚਰਚਾ ਕਰਨ ਲਈ ਵੱਖ-ਵੱਖ ਸ਼ਹਿਰਾਂ ਵਿਚ ਪ੍ਰੋਗਰਾਮ ਕਰ ਰਹੀ ਹੈ। ਸੀ.ਐੱਮ. ਮਾਨ ਨੇ ਕਿਹਾ ਕਿ ਦੇਸ਼ ਦਾ ਬਜਟ ਤੇ ਗੁਜਰਾਤ ਦਾ ਬਜਟ ਇਕੋ ਜਿਹਾ ਹੈ। ਇਸ ਵਿਚ ਆਮ ਲੋਕਾਂ, ਕਿਸਾਨਾਂ, ਗਰੀਬਾਂ, ਮਹਿਲਾਵਾਂ, ਛੋਟੇ ਵਪਾਰੀਆਂ, ਦੁਕਾਨਦਾਰਾਂ ਲਈ ਕੁਝ ਵੀ ਨਹੀਂ ਹੈ। ਇਹ ਸਿਰਫ ਕੁਝ ਵੱਡੇ ਘਰਾਣਿਆਂ ਲਈ ਹੈ।

## ਵਧੇਰੇ ਪਹੁੰਚਯੋਗ ਬਣਾਉਣ ਲਈ ਕਾਨੂੰਨ 'ਕਿਲ੍ਹੇ ਤੋਂ ਮੰਚ' ਤਕ ਵਿਕਸਿਤ ਹੋਣਾ ਚਾਹੀਦੈ: ਸੀ.ਜੇ.ਆਈ.

ਚੜ੍ਹਦੀਕਲਾ ਬਿਊਰੋ

================

ਜੋਧਪੁਰ , 21 ਫਰਵਰੀ : ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਨੇ ਸ਼ਨੀਵਾਰ ਨੂੰ ਕਿਹਾ ਕਿ 'ਕਾਨੂੰਨ ਸਮਾਜ ਨੂੰ ਮਨਮਾਨੀ ਤੋਂ ਬਚਾਉਣ ਲਈ ਬਣਾਏ ਗਏ ਕਿਲ੍ਹੇ 'ਚ ਨਹੀਂ ਰਹਿ ਸਕਦਾ।' ਉਨ੍ਹਾਂ ਨੇ ਨੌਜੁਆਨ ਵਕੀਲਾਂ ਨੂੰ ਇਸ ਨੂੰ ਇਕ 'ਮੰਚ' ਬਣਾਉਣ ਦਾ ਸੱਦਾ ਦਿਤਾ ਜਿਥੇ ਮਤਭੇਦਾਂ 'ਤੇ ਬਹਿਸ ਕੀਤੀ ਜਾਂਦੀ ਹੈ, ਅਧਿਕਾਰਾਂ ਨੂੰ ਪ੍ਰਗਟ ਕੀਤਾ ਜਾਂਦਾ ਹੈ ਅਤੇ ਸ਼ਕਤੀ ਨਾਲ ਤਰਕ ਕੀਤਾ ਜਾਂਦਾ ਹੈ। ਜਸਟਿਸ ਕਾਂਤ ਨੇ ਇੱਥੇ ਨੈਸ਼ਨਲ ਲਾਅ ਯੂਨੀਵਰਸਿਟੀ ਦੇ 18ਵੇਂ ਕਨਵੋਕੇਸ਼ਨ ਵਿਚ ਅਪਣੇ ਸੰਬੋਧਨ ਦੌਰਾਨ- 'ਫੋਰਟ ਤੋਂ ਫੋਰਮ ਤਕ : ਇਕ ਅਧੂਰੇ ਗਣਰਾਜ ਵਿਚ ਕਾਨੂੰਨ' ਦੌਰਾਨ ਪੇਸ਼ੇਵਰਾਂ ਨੂੰ ਅਪੀਲ ਕੀਤੀ ਕਿ ਉਹ ਕਾਨੂੰਨ ਨੂੰ ਇਕ ਬੰਦ ਕਿਲ੍ਹੇ ਵਜੋਂ ਨਹੀਂ, ਬਲਕਿ ਇਕ ਜੀਵੰਤ, ਵਿਕਸਤ ਜਨਤਕ ਮੰਚ ਵਜੋਂ ਵੇਖਣ। ਸੀ.ਜੇ.ਆਈ. ਨੇ ਮੇਹਰਾਨਗੜ੍ਹ ਕਿਲ੍ਹੇ ਨੂੰ ਕਾਨੂੰਨ ਦੀ ਇਤਿਹਾਸਕ ਯਾਤਰਾ ਲਈ ਇਕ ਸ਼ਕਤੀਸ਼ਾਲੀ ਰੂਪਕ ਵਜੋਂ ਬੁਲਾਇਆ।



ਉਨ੍ਹਾਂ ਕਿਹਾ,''ਇਕ ਕਿਲ੍ਹਾ ਰੱਖਿਆ ਕਰਨ ਲਈ, ਵਿਗਾੜ ਅਤੇ ਅਨਿਸ਼ਚਿਤਤਾ ਤੋਂ ਬਚਣ ਲਈ ਬਣਾਇਆ ਗਿਆ ਹੈ। ਅਪਣੀ ਸ਼ੁਰੂਆਤੀ ਧਾਰਨਾ 'ਚ, ਕਾਨੂੰਨ ਅਜਿਹੇ ਢਾਂਚੇ ਨਾਲ ਮਿਲਦਾ-ਜੁਲਦਾ ਸੀ, ਜੋ ਸਮਾਜ ਨੂੰ ਮਨਮਾਨੀ ਅਤੇ ਹਫੜਾ-ਦਫੜੀ ਤੋਂ ਬਚਾਉਣ ਲਈ ਬਣਾਇਆ ਗਿਆ ਸੀ।'' ਉਨ੍ਹਾਂ ਅੱਗੇ ਕਿਹਾ,''ਸੰਵਿਧਾਨਕ ਲੋਕਤੰਤਰ 'ਚ ਕਾਨੂੰਨ ਇਕੱਲਾ ਕਿਲ੍ਹਾ ਨਹੀਂ ਰਹਿ ਸਕਦਾ। ਇਸ ਨੂੰ ਇਕ ਅਜਿਹੇ ਮੰਚ ਵਿਚ (ਬਾਕੀ ਸਫਾ 2 'ਤੇ)

### ਪੰਜਾਬੀ 'ਕੜੇ' ਦੀ ਤਾਕਤ

## ਇੰਡੀਅਨ-ਅਮਰੀਕਨ ਵਕੀਲ ਨੇ ਅਮਰੀਕੀ ਸੁਪਰੀਮ ਕੋਰਟ ਵਿੱਚ ਟਰੰਪ ਵਿਰੁੱਧ ਜਿੱਤਿਆ ਕੇਸ

ਚੜ੍ਹਦੀਕਲਾ ਬਿਊਰੋ

================

ਨਿਊਯਾਰਕ, 21 ਫਰਵਰੀ:ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਕਿਵੇਂ ਇੱਕ ਪੰਜਾਬੀ ਕੜੇ ਨੇ ਉਸ ਭਾਰਤੀ-ਅਮਰੀਕੀ ਵਕੀਲ ਨੂੰ ਹੌਸਲਾ ਦਿੱਤਾ ਜਿਸ ਤੋਂ ਬਾਅਦ ਉਸ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵਿਰੁੱਧ ਇੱਕ ਇਤਿਹਾਸਕ ਕੇਸ ਜਿੱਤਿਆ। ਨੀਲ ਕਟਿਆਲ ਅਕਸਰ ਆਪਣੇ ਆਪ ਨੂੰ ਮਾਣ ਨਾਲ ਪਰਵਾਸੀਆਂ ਦਾ ਪੁੱਤ ਕਹਿੰਦਾ ਹੈ। ਕਿਸੇ ਨੇ ਸੋਚਿਆ ਵੀ ਨਹੀਂ ਹੋਵੇਗਾ ਕਿ ਅਮਰੀਕੀ ਸੁਪਰੀਮ ਕੋਰਟ ਦੇ ਉਸ ਵੱਡੇ ਫੈਸਲੇ ਪਿੱਛੇ, ਜਿਸ ਨੇ ਟਰੰਪ ਦੇ ਟੈਰਿਫ (ਟੈਕਸ) ਨਿਯਮਾਂ ਨੂੰ ਰੋਕ ਦਿੱਤਾ, ਇੱਕ ਪੰਜਾਬੀ ਕੜੇ ਦੀ ਸ਼ਕਤੀ ਸੀ। ਇਸ ਕੇਸ ਨੂੰ ਜਿੱਤਣ ਤੋਂ ਬਾਅਦ ਨੀਲ ਕਟਿਆਲ ਨੇ ਕਿਹਾ ਕਿ ਰਾਸ਼ਟਰਪਤੀ ਤਾਕਤਵਰ ਹੁੰਦੇ ਹਨ ਪਰ ਸਾਡਾ ਸੰਵਿਧਾਨ ਉਨ੍ਹਾਂ ਤੋਂ ਵੀ ਵੱਧ ਤਾਕਤਵਰ ਹੈ।




ਨੀਲ ਨੇ ਟਰੰਪ ਵੱਲੋਂ 1977 ਦੇ ਐਮਰਜੈਂਸੀ ਆਰਥਿਕ ਕਾਨੂੰਨ ਦੀ ਵਰਤੋਂ ਕਰਕੇ ਦੂਜੇ ਦੇਸ਼ਾਂ ਤੋਂ ਆਉਣ ਵਾਲੇ ਸਾਮਾਨ 'ਤੇ ਲਗਾਏ ਗਏ ਭਾਰੀ ਟੈਕਸਾਂ ਵਿਰੁੱਧ ਅਦਾਲਤ ਵਿੱਚ ਬਹਿਸ ਕੀਤੀ। (ਬਾਕੀ ਸਫਾ 2 'ਤੇ)

## ਪੰਚਾਇਤ ਫੰਡਾਂ ਦੀ ਵਿਜੀਲੈਂਸ ਜਾਂਚ ਦੀ ਮੰਗ ਵਾਲੀ ਜਨਹਿਤ ਪਟੀਸ਼ਨ ਦਾਇਰ

ਚੰਡੀਗੜ੍ਹ , 21 ਫਰਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ (ਪੀ.ਆਈ.ਐਲ.) ਦਾਇਰ ਕੀਤੀ ਗਈ ਹੈ, ਜਿਸ ਵਿੱਚ 14ਵੇਂ/15ਵੇਂ ਵਿੱਤ ਕਮਿਸ਼ਨ ਅਤੇ ਮਨਰੇਗਾ ਵਰਗੀਆਂ ਕੇਂਦਰੀ ਪੇਂਡੂ ਵਿਕਾਸ ਸਕੀਮਾਂ ਦੇ ਤਹਿਤ ਦਿੱਤੀਆਂ ਜਾਣ ਵਾਲੀਆਂ ਗ੍ਰਾਂਟਾਂ ਦੇ ਪ੍ਰਸ਼ਾਸਨ ਵਿੱਚ ਕਥਿਤ ਪ੍ਰਣਾਲੀਗਤ ਬੇਨਿਯਮੀਆਂ ਅਤੇ ਪਾਰਦਰਸ਼ਤਾ ਦੀ ਘਾਟ ਨੂੰ ਹੱਲ ਕਰਨ ਲਈ ਨਿਆਂਇਕ ਦਖਲ ਦੀ ਮੰਗ ਕੀਤੀ ਗਈ ਹੈ। ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਹਿਸੀਲ ਮੁਕੇਰੀਆਂ ਦੇ ਪਿੰਡ ਮੁਸਾਹਿਬਪੁਰ ਦੇ ਨਿਵਾਸੀ ਸੰਜੀਵ ਕੁਮਾਰ ਨੇ ਐਡਵੋਕੇਟ ਅਖਿਲ ਡਡਵਾਲ ਰਾਹੀਂ ਦਾਇਰ ਪਟੀਸ਼ਨ ਵਿੱਚ ਦੋਸ਼ ਲਾਇਆ ਹੈ ਕਿ ਪੰਜਾਬ ਵਿੱਚ ਪੰਚਾਇਤਾਂ ਦੇ ਫੰਡ ਪ੍ਰਬੰਧਨ ਦੀ ਕੋਈ (ਬਾਕੀ ਸਫਾ 2 'ਤੇ)

## ਹੋਲਾ-ਮਹੱਲਾ ਖ਼ਾਲਸਾ ਪੰਥ ਦਾ ਕੌਮੀ ਤਿਉਹਾਰ, ਗੁਰਮਤਿ ਮਰਿਯਾਦਾ ਅਨੁਸਾਰ ਮਨਾਇਆ ਜਾਵੇ: ਗਿ. ਗੜਗੱਜ

ਬਬਲੂ ਮਹਾਜਨ/ਤਰਲੋਚਨ ਸਿੰਘ

================

ਅੰਮ੍ਰਿਤਸਰ/ਸ੍ਰੀ ਅਨੰਦਪੁਰ ਸਾਹਿਬ, 21 ਫਰਵਰੀ :ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੇ ਨਾਮ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਹੋਲਾ-ਮਹੱਲਾ ਖਾਲਸਾ ਪੰਥ ਦਾ ਕੌਮੀ ਤਿਉਹਾਰ ਹੈ, ਜੋ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਖਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾਂਦਾ ਹੈ। ਇਹ ਤਿਉਹਾਰ ਗੁਰਮਤਿ ਮਰਿਆਦਾ ਅਤੇ ਪੂਰਨ ਜ਼ਾਬਤੇ ਅਨੁਸਾਰ ਮਨਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ 26 ਫਰਵਰੀ ਨੂੰ ਰਾਤ 12 ਵਜੇ ਗੁਰਦੁਆਰਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਪੰਜ ਨਗਾਰਿਆਂ 'ਤੇ ਚੋਟ ਲਗਾ ਕੇ ਹੋਲਾ-ਮਹੱਲਾ ਦੀ ਆਰੰਭਤਾ ਕੀਤੀ ਜਾਵੇਗੀ। 27 ਫਰਵਰੀ ਨੂੰ ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਨ੍ਹਾਂ ਦੇ ਭੋਗ 1 ਮਾਰਚ ਨੂੰ ਪਾਏ ਜਾਣਗੇ। ਇਸੇ ਤਰ੍ਹਾਂ 2 ਮਾਰਚ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 4 ਮਾਰਚ ਨੂੰ ਸੰਪੂਰਨ ਭੋਗ ਪਾਏ ਜਾਣਗੇ। ਉਨ੍ਹਾਂ ਨੌਜਵਾਨਾਂ ਨੂੰ ਖ਼ਾਸ ਅਪੀਲ ਕਰਦਿਆਂ ਕਿਹਾ ਕਿ ਆਪਣੇ ਟਰੈਕਟਰਾਂ ਅਤੇ ਵਾਹਨਾਂ ਨੂੰ ਖ਼ਾਲਸਾਈ ਨਿਸ਼ਾਨ ਸਾਹਿਬ ਨਾਲ ਸਜਾ ਕੇ ਪੂਰਨ ਜ਼ਾਬਤੇ ਅਤੇ ਅਨੁਸ਼ਾਸਨ ਵਿੱਚ ਰਹਿੰਦੇ ਹੋਏ ਚੜ੍ਹਦੀ ਕਲਾ ਨਾਲ ਸ੍ਰੀ ਅਨੰਦਪੁਰ ਸਾਹਿਬ (ਬਾਕੀ ਸਫਾ 2 'ਤੇ)




## ਦਿੱਲੀ 'ਚ ਧਾਰਮਿਕ ਸਥਾਨਾਂ 'ਤੇ ਅੱਤਵਾਦੀ ਹਮਲੇ ਦਾ ਅਲਰਟ

ਨਵੀਂ ਦਿੱਲੀ, 21 ਫਰਵਰੀ (ਚ.ਨ.ਸ.): ਕੇਂਦਰੀ ਖ਼ੁਫ਼ੀਆ ਏਜੰਸੀਆਂ ਵੱਲੋਂ ਦਿੱਲੀ ਵਿੱਚ ਅਤਿਵਾਦੀ ਹਮਲੇ ਦੇ ਖਦਸ਼ੇ ਦੇ ਮੱਦੇਨਜ਼ਰ ਲਾਲ ਕਿਲ੍ਹੇ ਅਤੇ ਚਾਂਦਨੀ ਚੌਕ ਸਮੇਤ ਕਈ ਇਤਿਹਾਸਕ ਤੇ ਧਾਰਮਿਕ ਸਥਾਨਾਂ 'ਤੇ ਸੁਰੱਖਿਆ ਵਧਾ ਦਿੱਤੀ ਗਈ ਹੈ। ਰਿਪੋਰਟਾਂ ਅਨੁਸਾਰ, ਪਾਕਿਸਤਾਨ ਅਧਾਰਤ ਅਤਿਵਾਦੀ ਸੰਗਠਨ ਲਸ਼ਕਰ-ਏ-ਤਾਇਬਾ ਭਾਰਤ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਦੀ ਸਾਜਿਸ਼ ਰਚ ਰਿਹਾ ਹੈ। ਖਾਸ ਤੌਰ 'ਤੇ ਚਾਂਦਨੀ ਚੌਕ ਦੇ ਇੱਕ ਪ੍ਰਾਚੀਨ ਮੰਦਰ ਅਤੇ ਲਾਲ ਕਿਲ੍ਹੇ ਦੇ ਆਸ-ਪਾਸ ਆਈ.ਈ.ਡੀ. ਧਮਾਕੇ ਦੀ ਚੇਤਾਵਨੀ ਦਿੱਤੀ ਗਈ ਹੈ। ਦੱਸ ਦਈਏ ਕਿ ਇਹ ਅਲਰਟ ਇਸ ਲਈ ਵੀ ਗੰਭੀਰ ਹੈ (ਬਾਕੀ ਸਫਾ 2 'ਤੇ)






## ਹਰ ਕਿਸੇ ਨੂੰ ਨਹੀਂ, ਸਿਰਫ਼ ਲੋੜਵੰਦ ਔਰਤਾਂ ਨੂੰ ਹੀ ਮਿਲਣਗੇ 1,000 ਰੁਪਏ

ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 21 ਫਰਵਰੀ: ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦੀ ਆਪਣੀ ਪ੍ਰਸਤਾਵਿਤ ਯੋਜਨਾ ਨੂੰ ਵਿਕਲਪਿਕ ਬਣਾਉਣ 'ਤੇ ਵਿਚਾਰ ਕਰ ਰਹੀ ਹੈ। ਇਸ ਦੇ ਤਹਿਤ, ਔਰਤਾਂ ਇਹ ਚੋਣ ਕਰ ਸਕਣਗੀਆਂ ਕਿ ਇਸ ਯੋਜਨਾ ਵਿੱਚ ਸ਼ਾਮਲ ਹੋਣਾ ਹੈ ਜਾਂ ਨਹੀਂ। ਸੂਤਰਾਂ ਨੇ ਕਿਹਾ ਕਿ ਇਹ ਯੋਜਨਾ ਆਉਣ ਵਾਲੇ ਬਜਟ ਸੈਸ਼ਨ ਵਿੱਚ ਸ਼ੁਰੂ ਹੋਣ ਦੀ ਸੰਭਾਵਨਾ ਹੈ, ਜੋ ਕਿ 'ਆਪ' ਦੇ ਸ਼ਾਸਨ ਦਾ ਆਖਰੀ ਸਾਲ ਹੈ।

ਸੂਤਰਾਂ ਨੇ ਕਿਹਾ ਕਿ ਸਰਕਾਰ ਇਸ ਯੋਜਨਾ ਨੂੰ ਘੱਟ ਆਮਦਨ ਵਾਲੇ ਸਮੂਹਾਂ ਦੀਆਂ ਲੋੜਵੰਦ ਔਰਤਾਂ ਤੱਕ ਸੀਮਤ ਕਰਨ ਦੇ ਵਿਕਲਪ 'ਤੇ ਵਿਚਾਰ ਕਰ ਰਹੀ ਹੈ, ਕਿਉਂਕਿ ਉਨ੍ਹਾਂ ਨੂੰ ਚਿੰਤਾ ਹੈ ਕਿ ਇਸ ਨਾਲ ਰਾਜ ਦੇ ਖਜ਼ਾਨੇ 'ਤੇ ਹੋਰ ਬੋਝ ਪੈ ਸਕਦਾ ਹੈ। ਇੱਕ ਸਰਕਾਰੀ ਅਧਿਕਾਰੀ ਨੇ ਕਿਹਾ ਕਿ ਇਸ ਯੋਜਨਾ ਦਾ ਅਧਿਕਾਰਤ ਐਲਾਨ ਆਉਣ ਵਾਲੇ ਰਾਜ ਦੇ ਬਜਟ ਸੈਸ਼ਨ ਵਿੱਚ ਹੋਣ ਦੀ ਉਮੀਦ ਹੈ।



**ਸਰਕਾਰ ਕਿੰਨਾ ਖਰਚ ਕਰੇਗੀ ?**

ਜੇਕਰ ਇਸ ਯੋਜਨਾ ਨੂੰ ਵਿਕਲਪਿਕ ਬਣਾਇਆ ਜਾਂਦਾ ਹੈ, ਤਾਂ ਸੂਬਾ ਸਰਕਾਰ ਨੂੰ ਲਗਭਗ 6,000 ਕਰੋੜ ਰੁਪਏ ਖਰਚ ਕਰਨੇ ਪੈ ਸਕਦੇ ਹਨ। ਜੇਕਰ ਇਸਨੂੰ ਰਾਜ ਦੀਆਂ ਸਾਰੀਆਂ ਔਰਤਾਂ ਲਈ ਲਾਗੂ ਕੀਤਾ ਜਾਂਦਾ ਹੈ, ਤਾਂ ਇਹ ਅੰਕੜਾ 10,000 ਕਰੋੜ ਰੁਪਏ ਤੱਕ ਵੱਧ ਸਕਦਾ ਹੈ। ਇਸ ਨਾਲ ਸੂਬੇ ਦੀ ਆਰਥਿਕ ਸਥਿਤੀ ਡਾਵਾਂਡੋਲ ਹੋ ਸਕਦੀ ਹੈ।

ਸੂਤਰਾਂ ਨੇ ਦੱਸਿਆ ਕਿ ਸਰਕਾਰ ਉਨ੍ਹਾਂ ਔਰਤਾਂ ਨੂੰ ਬਾਹਰ ਰੱਖਣ ਦੇ ਵਿਕਲਪ 'ਤੇ ਵਿਚਾਰ ਕਰ ਰਹੀ ਹੈ ਜੋ ਇਸ ਯੋਜਨਾ ਵਿੱਚ ਹਿੱਸਾ ਨਾ ਲੈਣ ਦਾ ਫੈਸਲਾ ਕਰਦੀਆਂ ਹਨ। ਭਾਈਚਾਰੇ ਅਤੇ ਸ਼ਹਿਰ ਵਿੱਚ ਉੱਚ ਦਰਜੇ ਦੀਆਂ ਔਰਤਾਂ ਜੇਕਰ ਚਾਹੁਣ ਤਾਂ ਇਸ ਯੋਜਨਾ ਤੋਂ ਬਾਹਰ ਹੋ ਸਕਦੀਆਂ ਹਨ। ਇਸ ਨਾਲ ਹੇਠਲੇ ਪੱਧਰ ਦੇ ਭਾਈਚਾਰਿਆਂ ਦੀਆਂ ਔਰਤਾਂ ਨੂੰ ਫਾਇਦਾ ਹੋਵੇਗਾ।

**ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ ਅੰਤਿਮ ਫੈਸਲਾ ਲੈਣਗੇ**

ਸੂਤਰਾਂ ਨੇ ਕਿਹਾ ਕਿ ਅੰਤਿਮ ਫੈਸਲਾ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਕੀਤਾ ਜਾਵੇਗਾ। ਵਿੱਤ ਮੰਤਰੀ ਹਰਪਾਲ ਚੀਮਾ ਦੇ ਇਸ ਮੁੱਦੇ 'ਤੇ ਚਰਚਾ ਕਰਨ ਲਈ ਜਲਦੀ ਹੀ ਕੇਜਰੀਵਾਲ ਨਾਲ ਮੁਲਾਕਾਤ ਕਰਨ ਦੀ ਉਮੀਦ ਹੈ।

ਇੱਕ ਸਰਕਾਰੀ ਅਧਿਕਾਰੀ ਨੇ ਕਿਹਾ ਕਿ ਸਰਕਾਰ ਇੱਕਮੁਸ਼ਤ ਰਕਮ ਦੀ ਬਜਾਏ ਮਹੀਨਾਵਾਰ ਰਕਮ ਵੰਡਣ ਦੇ ਵਿਕਲਪ 'ਤੇ ਵੀ ਵਿਚਾਰ ਕਰ ਰਹੀ ਹੈ। ਜੇਕਰ 10,000 ਕਰੋੜ ਇੱਕ ਵਾਰ ਵਿੱਚ ਵੰਡੇ ਜਾਂਦੇ ਹਨ, ਤਾਂ ਵਿਆਜ ਦੀ ਇੱਕ ਵੱਡੀ ਰਕਮ ਅਦਾ ਕਰਨੀ ਪਵੇਗੀ।

**2022 ਦੀਆਂ ਚੋਣਾਂ ਵਿੱਚ ਵਾਅਦਾ ਕੀਤਾ ਗਿਆ**

ਆਮ ਆਦਮੀ ਪਾਰਟੀ ਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਸੀ। ਚੋਣਾਂ ਤੋਂ ਬਾਅਦ, 'ਆਪ' ਨੇ ਭਾਰੀ ਬਹੁਮਤ ਪ੍ਰਾਪਤ ਕੀਤਾ, ਪਰ ਚਾਰ ਸਾਲ ਬਾਅਦ ਵੀ, ਆਮ ਆਦਮੀ ਪਾਰਟੀ ਇਸ ਵਾਅਦੇ ਨੂੰ ਪੂਰਾ ਕਰਨ ਲਈ ਦਬਾਅ ਹੇਠ ਹੈ।

ਚੋਣਾਂ ਤੋਂ ਪਹਿਲਾਂ ਦੇ ਐਲਾਨ ਵਿੱਚ, ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਜੇਕਰ 'ਆਪ' ਸਰਕਾਰ ਬਣਾਉਂਦੀ ਹੈ, ਤਾਂ ਪੰਜਾਬ ਵਿੱਚ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀ ਹਰ ਔਰਤ ਨੂੰ ਪ੍ਰਤੀ ਮਹੀਨਾ 1,000 ਰੁਪਏ ਮਿਲਣਗੇ।




# ਸਿੱਖਿਆ ਕ੍ਰਾਂਤੀ ਦੇ ਇਤਿਹਾਸਕ ਨਤੀਜੇ ਸਾਹਮਣੇ ਆਉਣ ਲੱਗੇ, ਸਰਕਾਰੀ ਸਕੂਲਾਂ ਦੇ 305 ਵਿਦਿਆਰਥੀ ਨੇ ਪਾਸ ਕੀਤਾ ਜੇ.ਈ.ਈ. ਮੇਨਜ਼ : ਬੈਂਸ



ਚੰਡੀਗੜ੍ਹ, 21 ਫਰਵਰੀ (ਚ.ਨ.ਸ.) : ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਪੰਜਾਬ ਭਵਨ ਵਿਖੇ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਵਿੱਦਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਨਿਰੰਤਰ ਸੁਧਾਰਾਂ ਸਦਕਾ ਸੂਬੇ ਦੇ ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ ਪਹਿਲੀ ਕੋਸ਼ਿਸ਼ ਵਿੱਚ ਹੀ ਜੁਆਇੰਟ ਐਂਟਰੈਂਸ ਪ੍ਰੀਖਿਆ (ਜੇ.ਈ.ਈ.) ਮੇਨਜ਼- 2026 ਪਾਸ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ, ਜੋ ਕਿ ਪਿਛਲੇ ਸਾਲ ਦੇ 187 ਸਫਲ ਉਮੀਦਵਾਰਾਂ ਨਾਲੋਂ 63 ਫੀਸਦੀ ਦੇ ਸ਼ਾਨਦਾਰ ਵਾਧੇ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਇਸ ਪ੍ਰਾਪਤੀ ਨੂੰ ਸੂਬੇ ਦੀ ਸਕੂਲ ਸਿੱਖਿਆ ਪ੍ਰਣਾਲੀ ਲਈ ਇੱਕ ਅਹਿਮ ਤੇ ਇਤਿਹਾਸਕ ਪਲ ਦੱਸਿਆ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਉਨ੍ਹਾਂ ਦੇ ਹਲਕੇ ਸ੍ਰੀ ਆਨੰਦਪੁਰ ਸਾਹਿਬ ਦੇ ਪੰਜ ਵਿਦਿਆਰਥੀਆਂ ਨੇ ਵੀ ਇਹ ਵੱਕਾਰੀ ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਐਲਾਨ ਕੀਤਾ ਕਿ ਸਰਕਾਰ ਯੋਗ ਵਿਦਿਆਰਥੀਆਂ ਨੂੰ ਜੇ.ਈ.ਈ. ਐਡਵਾਂਸ ਦੀ ਤਿਆਰੀ ਲਈ ਤਿੰਨ ਹਫ਼ਤਿਆਂ ਦਾ ਵਿਸ਼ੇਸ਼ ਰਿਹਾਇਸ਼ੀ ਸਿਖਲਾਈ ਕੈਂਪ ਲਾਵੇਗੀ, ਤਾਂ ਜੋ ਅਗਲੇ ਪੜਾਅ ਲਈ ਉਨ੍ਹਾਂ ਦਾ ਸਹੀ ਮਾਰਗਦਰਸ਼ਨ ਯਕੀਨੀ ਬਣਾਇਆ ਜਾ ਸਕੇ।

ਬੈਂਸ ਨੇ ਕਿਹਾ,"ਇਹ ਪ੍ਰਾਪਤੀ ਸਾਡੇ ਪੂਰੇ ਸਕੂਲ ਸਿੱਖਿਆ ਵਿਭਾਗ ਲਈ ਬਹੁਤ ਮਾਣ ਵਾਲੀ ਗੱਲ ਹੈ। ਮੈਂ ਆਪਣੇ ਸਾਰੇ ਸਮਰਪਿਤ ਅਧਿਆਪਕਾਂ ਦਾ ਦਿਲੋਂ ਧੰਨਵਾਦ ਕਰਦਾ ਹਾਂ। ਹਾਲ ਹੀ ਵਿੱਚ ਆਏ ਜੇ.ਈ.ਈ. ਮੇਨਜ਼ ਫੇਜ਼ 1 ਦੇ ਨਤੀਜਿਆਂ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਤਸਵੀਰ ਪੇਸ਼ ਕੀਤੀ ਹੈ , ਜਿਸ ਵਿੱਚ 305 ਵਿਦਿਆਰਥੀਆਂ ਨੇ ਪ੍ਰਤੀਯੋਗੀ ਇੰਜੀਨੀਅਰਿੰਗ ਪ੍ਰੀਖਿਆ ਪਾਸ ਕੀਤੀ ਹੈ। ਇਹ ਪ੍ਰਾਪਤੀ ਪਿਛਲੇ ਸਾਲ ਦੇ 187 ਸਫ਼ਲ ਉਮੀਦਵਾਰਾਂ ਨਾਲੋਂ 63 ਫੀਸਦ ਦਾ ਸ਼ਾਨਦਾਰ ਵਾਧਾ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਇੱਕ ਸਾਲ ਵਿੱਚ ਹੀ ਇੰਨਾ ਵੱਡਾ ਮੀਲ ਪੱਥਰ ਸਥਾਪਤ ਕਰਨਾ ਸਾਡੀ ਪੰਜਾਬ ਸਿੱਖਿਆ ਕ੍ਰਾਂਤੀ ਪਹਿਲਕਦਮੀ ਦੀ ਪਰਿਵਰਤਨਸ਼ੀਲ ਸ਼ਕਤੀ ਦਾ ਪ੍ਰਤੱਖ ਪ੍ਰਮਾਣ ਹੈ। ਅਸੀਂ ਆਪਣੀ ਤਰੱਕੀ ਨੂੰ ਹੋਰ ਤੇਜ਼ ਕਰਨ ਲਈ ਵਚਨਬੱਧ ਹਾਂ,।"

ਇਨ੍ਹਾਂ ਵਿਦਿਆਰਥੀਆਂ ਦੀ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਭਵਿੱਸ਼ਯਾ, ਜੋ ਸਕੂਲ ਆਫ਼ ਐਮੀਨੈਂਸ, ਟਾਊਨ ਹਾਲ, ਅੰਮ੍ਰਿਤਸਰ ,12ਵੀਂ ਜਮਾਤ ਨਾਨ-ਮੈਡੀਕਲ ਦਾ ਵਿਦਿਆਰਥੀ ਹੈ, ਨੇ 98.182 ਫੀਸਦੀ ਅੰਕ ਪ੍ਰਾਪਤ ਕੀਤੇ, ਭਾਵੇਂ ਕਿ ਉਹ ਸਿਰਫ਼ 1.5 ਲੱਖ ਦੀ ਸਾਲਾਨਾ ਆਮਦਨ ਵਾਲੇ ਗਰੀਬ ਪਰਿਵਾਰ ਤੋਂ ਆਉਂਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਜੇਈਈ ਪ੍ਰੀਖਿਆਵਾਂ ਲਈ ਕੁਆਲੀਫਾਈ ਕਰਨ ਵਾਲੀਆਂ ਵਿਦਿਆਰਥਣਾਂ ਦੀ ਗਿਣਤੀ ਵਿੱਚ ਚੋਖ਼ਾ ਵਾਧਾ ਹੈ ਹੈ ਅਤੇ ਇਸ ਵਾਰ 134 ਲੜਕੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਹੈ, ਜੋ ਕਿ ਸਰਕਾਰੀ ਸਕੂਲਾਂ ਵਿੱਚ ਸਟੈਮ (ਐਸਟੀਈਐਮ) ਸਿੱਖਿਆ ਖੇਤਰ 'ਚ ਵੱਧ ਰਹੀ ਲਿੰਗ ਸਮਾਨਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਸਫ਼ਲਤਾ ਦਾ ਸਿਹਰਾ ਪੇਸ ਪ੍ਰੋਗਰਾਮ ਅਧੀਨ ਦੋ ਸਾਲਾਂ ਦੀ ਜੇਈਈ ਪ੍ਰੀਖਿਆ ਤਿਆਰੀ, ਗਰਮੀਆਂ ਅਤੇ ਸਰਦੀਆਂ ਦੀਆਂ ਛੁੱਟੀਆਂ ਦੌਰਾਨ ਮੁਫ਼ਤ ਰਿਹਾਇਸ਼ੀ ਕੋਚਿੰਗ ਕੈਂਪ, ਨਿਯਮਤ ਮੌਕ ਟੈਸਟ, ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦਾ ਵਿਸ਼ਲੇਸ਼ਣ, ਪੇਸ਼ ਪੋਰਟਲ ਰਾਹੀਂ ਡਿਜੀਟਲ ਸਿਖਲਾਈ ਤੱਕ ਪਹੁੰਚ ਅਤੇ ਅਵੰਤੀ ਫੈਲੋ ਤੇ ਹੋਰ ਪ੍ਰਮੁੱਖ ਕੋਚਿੰਗ ਸੰਸਥਾਵਾਂ ਦੀ ਮਾਹਰ ਫੈਕਲਟੀ ਵੱਲੋਂ ਪ੍ਰਦਾਨ ਕੀਤੀ ਕਰੀਅਰ ਸੇਧ ਆਦਿ ਨੂੰ ਜਾਂਦਾ ਹੈ।

# ਭਗਵੰਤ ਮਾਨ ਸਰਕਾਰ ਵੱਲੋਂ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਵਿਖੇ 10 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਲੜਕੀਆਂ ਦੇ ਹੋਸਟਲ ਨਿਰਮਾਣ ਦੀ ਸ਼ੁਰੂਆਤ: ਚੀਮਾ



ਚੰਡੀਗੜ੍ਹ, 21 ਫਰਵਰੀ (ਚ.ਨ.ਸ.): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ, ਮਾਨਸਾ ਵਿਖੇ ਲੜਕੀਆਂ ਦੇ ਨਵੇਂ ਹੋਸਟਲ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਉਚੇਰੀ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦੇ ਕੋਨੇ-ਕੋਨੇ ਤੋਂ ਆਉਣ ਵਾਲੀਆਂ ਧੀਆਂ ਲਈ ਸੁਰੱਖਿਅਤ ਅਤੇ ਮਿਆਰੀ ਸਿੱਖਿਆ ਸਹੂਲਤਾਂ ਯਕੀਨੀ ਬਣਾਉਣ ਲਈ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਲੱਗਭੱਗ 10 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਬਣਨ ਵਾਲੇ ਇਸ ਗਰਲਜ਼ ਹੋਸਟਲ ਦਾ ਨਿਰਮਾਣ ਅਗਲੇ ਛੇ ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਇਹ ਸਹੂਲਤ ਉਨ੍ਹਾਂ ਵਿਦਿਆਰਥਣਾਂ ਨੂੰ ਵੱਡੀ ਰਾਹਤ ਦੇਵੇਗੀ ਜੋ ਦੂਰ-ਦੁਰਾਡੇ ਦੇ ਇਲਾਕਿਆਂ ਤੋਂ ਪੜ੍ਹਾਈ ਲਈ ਆਉਂਦੀਆਂ ਹਨ।

ਉਨ੍ਹਾਂਅੱਗੇ ਐਲਾਨ ਕੀਤਾ, "ਕਾਲਜ ਵਿੱਚ 13 ਲੱਖ ਰੁਪਏ ਦੀ ਲਾਗਤ ਨਾਲ ਇੱਕ ਅਤਿ-ਆਧੁਨਿਕ ਡਿਜੀਟਲ ਲਾਇਬ੍ਰੇਰੀ ਵੀ ਸਥਾਪਿਤ ਕੀਤੀ ਜਾਵੇਗੀ। ਇਹ ਡਿਜੀਟਲ ਲਾਇਬ੍ਰੇਰੀ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਸਹਾਈ ਹੋਵੇਗੀ।

ਸੂਬੇ ਦੇ ਵਿਆਪਕ ਵਿਕਾਸ ਦੇ ਏਜੰਡੇ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਾਰੇ ਖੇਤਰਾਂ ਵਿੱਚ ਸਰਬਪੱਖੀ ਵਿਕਾਸ ਦਾ ਗਵਾਹ ਬਣ ਰਿਹਾ ਹੈ।

ਆਪਣੀ ਪਿਛਲੀ ਫੇਰੀ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ, "ਮੇਰੀ ਪਿਛਲੀ ਫੇਰੀ ਦੌਰਾਨ ਵਿਦਿਆਰਥਣਾਂ ਨੇ ਰਿਹਾਇਸ਼ੀ ਸਹੂਲਤਾਂ ਦੀ ਘਾਟ ਕਾਰਨ ਆ ਰਹੀਆਂ ਮੁਸ਼ਕਿਲਾਂ ਬਾਰੇ ਦੱਸਿਆ ਸੀ। ਉਨ੍ਹਾਂ ਦੀਆਂ ਚਿੰਤਾਵਾਂ ਦਾ ਤੁਰੰਤ ਨੋਟਿਸ ਲੈਂਦਿਆਂ ਅਸੀਂ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਅਤੇ ਪੀ.ਐਮ-ਊਸ਼ਾ ਸਕੀਮ ਤਹਿਤ ਇਸ ਕਰੋੜਾਂ ਰੁਪਏ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।"ਉਨ੍ਹਾਂ ਕਿਹਾ, "ਹੋਸਟਲ ਵਿੱਚ 122 ਵਿਦਿਆਰਥਣਾਂ ਦੇ ਰਹਿਣ ਲਈ ਕਮਰੇ ਹੋਣਗੇ, ਜੋ ਸਾਡੀਆਂ ਧੀਆਂ ਲਈ ਇੱਕ ਸੁਰੱਖਿਅਤ ਅਤੇ ਸਹਾਇਕ ਮਾਹੌਲ ਯਕੀਨੀ ਬਣਾਉਣਗੇ।

ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਡਾ: ਬਰਿੰਦਰ ਕੌਰ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਡਾਇਰੈਕਟਰ (ਸੀ.ਸੀ.) ਡਾ: ਅਮਰ ਇੰਦਰ ਸਿੰਘ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਵਿਦਿਅਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੇ ਲਗਾਤਾਰ ਸਹਿਯੋਗ ਦੀ ਸ਼ਲਾਘਾ ਕੀਤੀ। ਆਪਣੀ ਫੇਰੀ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੈਂਪਸ ਵਿੱਚ ਕਿੱਕਬਾਕਸਿੰਗ ਦੇ ਮੈਚ ਵੀ ਦੇਖੇ, ਖਿਡਾਰੀਆਂ ਦੀ ਲਗਨ ਅਤੇ ਅਨੁਸ਼ਾਸਨ ਲਈ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਉਨ੍ਹਾਂ ਨਾਲ ਯਾਦਗਾਰੀ ਤਸਵੀਰਾਂ ਵੀ ਖਿਚਵਾਈਆਂ।

ਇਸ ਮੌਕੇ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ, ਡਿਪਟੀ ਕਮਿਸ਼ਨਰ ਮਾਨਸਾ ਨਵਜੋਤ ਕੌਰ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਵਿੱਤ ਮੰਤਰੀ ਦੇ ਓ.ਐਸ.ਡੀ ਤਪਿੰਦਰ ਸਿੰਘ ਸੋਹੀ, ਡਾਇਰੈਕਟਰ ਅਮਨ ਮਿੱਤਲ, ਐਸ.ਡੀ.ਐਮ ਕਾਲਾ ਰਾਮ ਕਾਂਸਲ, ਨਗਰ ਕੌਂਸਲ ਪ੍ਰਧਾਨ ਸੁਨੀਲ ਕੁਮਾਰ ਨੀਨੂ ਅਤੇ ਕਈ ਹੋਰ ਪ੍ਰਸ਼ਾਸਨਿਕ ਅਤੇ ਸਿਆਸੀ ਸ਼ਖਸੀਅਤਾਂ ਹਾਜ਼ਰ ਸਨ।

# ਡੀ.ਜੀ.ਪੀ. ਪੰਜਾਬ ਵੱਲੋਂ ਆਈ.ਪੀ.ਐਸ. ਅਧਿਕਾਰੀ ਜਗਜੀਤ ਸਿੰਘ ਬਾਵਾ ਨੂੰ 100ਵੇਂ ਜਨਮਦਿਨ 'ਤੇ ਸ਼ੁਭਕਾਮਨਾਵਾਂ



ਚੰਡੀਗੜ੍ਹ, 21 ਫਰਵਰੀ, (ਚ.ਨ.ਸ.) : ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ 1951 ਬੈਚ ਦੇ ਸੇਵਾਮੁਕਤ ਆਈਪੀਐਸ ਅਧਿਕਾਰੀ ਸ੍ਰੀ ਜਗਜੀਤ ਸਿੰਘ ਬਾਵਾ ਨੂੰ ਉਨ੍ਹਾਂ ਦੇ 100ਵੇਂ ਜਨਮਦਿਨ ਮੌਕੇ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਡੀਜੀਪੀ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) 'ਤੇ ਪਾਈ ਪੋਸਟ ਵਿੱਚ ਕਿਹਾ ਕਿ ਇੰਡੀਅਨ ਪੁਲਿਸ ਸਰਵਿਸ ਦੇ ਪੰਜਾਬ ਕੇਡਰ ਦੀ ਪ੍ਰਮੁੱਖ ਹਸਤੀ ਸ੍ਰੀ ਬਾਵਾ ਅਧਿਕਾਰੀਆਂ ਦੀ ਇੱਕ ਪੀੜ੍ਹੀ ਦੀ ਨੁਮਾਇੰਦਗੀ ਕਰਦੇ ਹਨ, ਜਿਨ੍ਹਾਂ ਨੇ ਪੇਸ਼ੇਵਰ, ਸਿਧਾਂਤਕ ਅਤੇ ਨਿਡਰ ਪੁਲਿਸਿੰਗ ਦੀ ਮਜ਼ਬੂਤ ਨੀਂਹ ਰੱਖੀ। ਉਨ੍ਹਾਂ ਲਿਖਿਆ ਕਿ ਪੰਜਾਬ ਕੇਡਰ ਲੰਬੇ ਸਮੇਂ ਤੋਂ ਆਪਣੀ ਸਮਰਪਿਤ ਸੇਵਾ ਭਾਵਨਾ, ਲੀਡਰਸ਼ਿਪ ਅਤੇ ਦੇਸ਼ ਪ੍ਰਤੀ ਯੋਗਦਾਨ ਲਈ ਪ੍ਰਸ਼ੰਸਾ ਦਾ ਪਾਤਰ ਰਿਹਾ ਹੈ ਅਤੇ ਸ੍ਰੀ ਬਾਵਾ ਪੰਜਾਬ ਕੇਡਰ ਦੇ ਆਈ.ਪੀ.ਐਸ. ਅਧਿਕਾਰੀਆਂ ਦੀ ਮੋਹਰਲੀ ਕਤਾਰ ਦੀਆਂ ਹਸਤੀਆਂ ਵਿੱਚੋਂ ਇੱਕ ਹਨ।

ਦੱਸਣਯੋਗ ਹੈ ਕਿ ਵਿਸ਼ੇਸ਼ ਡੀਜੀਪੀ ਹੈੱਡਕੁਆਰਟਰ ਐਸ.ਐਸ. ਸ੍ਰੀਵਾਸਤਵ ਅਤੇ ਡੀਆਈਜੀ ਪਰਸੋਨਲ ਅਮਨੀਤ ਕੌਂਡਲ ਨੇ ਵੈਟਰਨ ਅਧਿਕਾਰੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਸਮੁੱਚੀ ਪੁਲਿਸ ਫੋਰਸ ਦੀ ਤਰਫ਼ੋਂ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਸ੍ਰੀ ਜਗਜੀਤ ਸਿੰਘ ਬਾਵਾ ਨੇ 13 ਜੁਲਾਈ, 1951 ਨੂੰ ਆਪਣਾ ਸੇਵਾਕਾਲ ਸ਼ੁਰੂ ਕੀਤਾ ਅਤੇ ਐਸਐਸਪੀ ਫਿਰੋਜ਼ਪੁਰ ਵਜੋਂ ਨਿਯੁਕਤ ਹੋਣ ਤੋਂ ਪਹਿਲਾਂ ਉਨ੍ਹਾਂ ਨੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਏਐਸਪੀ ਅਤੇ ਐਸਪੀ ਵਜੋਂ ਸੇਵਾਵਾਂ ਨਿਭਾਈਆਂ। ਉਨ੍ਹਾਂ ਨੇ ਡੀਆਈਜੀ ਅਤੇ ਆਈਜੀਪੀ ਵਜੋਂ ਵੀ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ ਅਤੇ ਆਈਜੀਪੀ ਪੰਜਾਬ ਵਜੋਂ ਵੀ ਸੇਵਾ ਨਿਭਾਈ। ਇਸ ਤੋਂ ਬਾਅਦ ਉਨ੍ਹਾਂ ਨੂੰ 27 ਸਤੰਬਰ, 1977 ਨੂੰ ਕੇਂਦਰੀ ਡੈਪੂਟੇਸ਼ਨ 'ਤੇ ਨਵੀਂ ਦਿੱਲੀ ਵਿੱਚ ਡਾਇਰੈਕਟਰ ਸੀਬੀਆਈ ਨਿਯੁਕਤ ਕੀਤਾ ਗਿਆ । ਸ੍ਰੀ ਬਾਵਾ ਨੂੰ ਸੇਵਾਮੁਕਤੀ ਦੀ ਉਮਰ ਤੋਂ ਬਾਅਦ ਸੇਵਾ ਵਿੱਚ ਇੱਕ ਸਾਲ ਦਾ ਵਾਧਾ ਦਿੱਤਾ ਗਿਆ ਅਤੇ ਫਿਰ 28 ਫਰਵਰੀ, 1985 ਨੂੰ ਨੂੰ ਉਹ ਸੇਵਾਮੁਕਤ ਹੋ ਗਏ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਆਈਜੀਪੀ ਪੰਜਾਬ ਅਤੇ ਡਾਇਰੈਕਟਰ ਸੀਬੀਆਈ ਵਜੋਂ ਆਪਣੀ ਮਿਸਾਲੀ ਸੇਵਾ ਰਾਹੀਂ ਸ੍ਰੀ ਬਾਵਾ ਨੇ ਇਮਾਨਦਾਰੀ, ਸੰਸਥਾਗਤ ਤਾਕਤ ਅਤੇ ਜਨਤਕ ਵਿਸ਼ਵਾਸ ਦੇ ਉੱਚਤਮ ਮਿਆਰਾਂ ਨੂੰ ਕਾਇਮ ਰੱਖਿਆ। ਉਨ੍ਹਾਂ ਕਿਹਾ ਕਿ ਸ੍ਰੀ ਬਾਵਾ ਦਾ ਜੀਵਨ ਅਤੇ ਕਰੀਅਰ ਲਗਾਤਾਰ ਅਧਿਕਾਰੀਆਂ ਨੂੰ ਪ੍ਰੇਰਿਤ ਕਰਦਾ ਆ ਰਿਹਾ ਹੈ।

ਡੀਜੀਪੀ ਨੇ ਅੱਗੇ ਕਿਹਾ ਕਿ ਜਦੋਂ ਅਸੀਂ ਅੱਜ ਸ੍ਰੀ ਬਾਵਾ ਦਾ 100ਵਾਂ ਜਨਮਦਿਨ ਮਨਾ ਰਹੇ ਹਾਂ, ਪੰਜਾਬ ਪੁਲਿਸ ਦੇਸ਼ ਪ੍ਰਤੀ ਡਿਊਟੀ, ਸਨਮਾਨ ਅਤੇ ਸੇਵਾ ਲਈ ਉਨ੍ਹਾਂ ਪ੍ਰਤੀ ਆਪਣਾ ਡੂੰਘਾ ਮਾਣ-ਸਨਮਾਨ ਜ਼ਾਹਰ ਕਰਦੀ ਹੈ।

# ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਲਿਫਟ ਸਹੂਲਤ ਦੀ ਸ਼ੁਰੂਆਤ

### ਆਨੰਦ ਪਰਿਵਾਰ ਵੱਲੋਂ ਕੀਤੀ ਸੇਵਾ ਸ਼ਲਾਘਾਯੋਗ : ਕਾਲਕਾ, ਕਾਹਲੋਂ



ਨਵੀਂ ਦਿੱਲੀ, 21 ਫਰਵਰੀ, (ਚ.ਨ.ਸ.) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਲਿਫਟ ਦੀ ਸਹੂਲਤ ਦੀ ਸ਼ੁਰੂਆਤ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਲਿਫਟ ਵਾਸਤੇ ਸੇਵਾ ਆਨੰਦ ਪਰਿਵਾਰ ਵੱਲੋਂ ਕੀਤੀ ਗਈ ਹੈ ਤੇ ਉਹਨਾਂ ਦਾ ਉਪਰਾਲਾ ਸ਼ਲਾਘਾਯੋਗ ਹੈ। ਉਹਨਾਂ ਦੱਸਿਆ ਕਿ ਕਾਰ ਸੇਵਾ ਵਾਲੇ ਬਾਬਾ ਬਚਨ ਸਿੰਘ ਜੀ ਅਤੇ ਬਾਬਾ ਸੁਰਿੰਦਰ ਸਿੰਘ ਜੀ ਦੀ ਨਿਗਰਾਨੀ ਹੇਠ ਲਿਫਟ ਲਗਾਉਣ ਦੀ ਸੇਵਾ ਕੀਤੀ ਗਈ ਹੈ ਜਿਸ ਵਾਸਤੇ ਕਮੇਟੀ ਹਮੇਸ਼ਾ ਹੀ ਬਾਬਾ ਜੀ ਦੀ ਧੰਨਵਾਦੀ ਰਹੇਗੀ।

ਉਹਨਾਂ ਕਿਹਾ ਕਿ ਜਿਹੜੀਆਂ ਸੰਗਤਾਂ ਨੂੰ ਪੌੜੀਆਂ ਚੜ੍ਹ ਕੇ ਗੁਰੂ ਘਰ ਦੇ ਦਰਸ਼ਨ ਕਰਨ ਵਿਚ ਮੁਸ਼ਕਿਲ ਆਉਂਦੀ ਸੀ, ਹੁਣ ਉਹ ਲਿਫਟ ਰਾਹੀਂ ਗੁਰਦੁਆਰਾ ਸਾਹਿਬ ਤੱਕ ਪਹੁੰਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਅਸਥਾਨ ਦੇ ਦਰਸ਼ਨ ਕਰ ਸਕਣਗੀਆਂ। ਉਹਨਾਂ ਕਿਹਾ ਕਿ ਇਹ ਬਹੁਤ ਵੱਡੀ ਸੇਵਾ ਹੈ ਜਿਸ ਵਾਸਤੇ ਆਨੰਦ ਪਰਿਵਾਰ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ ਥੋੜ੍ਹੀ ਹੈ। ਉਹਨਾਂ ਨੇ ਆਸ ਪ੍ਰਗਟਾਈ ਕਿ ਇਹ ਸਹੂਲਤ ਸੰਗਤਾਂ ਵਾਸਤੇ ਬਹੁਤ ਲਾਹੇਵੰਦ ਸਾਬਤ ਹੋਵੇਗੀ।

# ਮੁੱਖ ਮੰਤਰੀ ਮਾਨ ਨੇ ਸੰਦੀਪ ਗਿਲਹੋਤਰਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



ਫਾਜ਼ਿਲਕਾ, 21 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅੱਜ ਉੱਘੇ ਸਮਾਜ ਸੇਵਕ ਸੰਦੀਪ ਗਿਲਹੋਤਰਾ ਦੇ ਦੇਹਾਂਤ 'ਤੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਗਿਲਹੋਤਰਾ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ, ਜਿਨ੍ਹਾਂ ਦਾ ਕੁਝ ਦਿਨ ਪਹਿਲਾਂ ਦੇਹਾਂਤ ਹੋ ਗਿਆ ਸੀ। ਸੰਦੀਪ ਗਿਲਹੋਤਰਾ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਸਹੁਰਾ ਸਾਹਿਬ ਸਨ।

ਇਸ ਔਖੀ ਘੜੀ ਵਿੱਚ ਪੀੜਤ ਪਰਿਵਾਰ ਨਾਲ ਦੁੱਖ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਵਰਗੀ ਸੰਦੀਪ ਗਿਲਹੋਤਰਾ ਨਿਰਸਵਾਰਥ ਸੇਵਾ ਦੇ ਚਾਨਣ ਮੁਨਾਰੇ ਅਤੇ ਸਮਰਪਿਤ ਸਮਾਜ ਸੇਵਕ ਸਨ, ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਲੋਕਾਂ ਦੀ ਭਲਾਈ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਨੇ ਸਮਾਜ ਦੇ ਸਾਰੇ ਵਰਗਾਂ, ਖਾਸ ਕਰ ਕੇ ਹਾਸ਼ੀਏ 'ਤੇ ਧੱਕੇ ਭਾਈਚਾਰਿਆਂ ਦੀ ਬਿਹਤਰੀ ਲਈ ਅਣਥੱਕ ਕੰਮ ਕੀਤਾ। ਉਹ ਦੱਬੇ-ਕੁਚਲੇ ਅਤੇ ਲੋੜਵੰਦ ਲੋਕਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੇ ਸਨ।"

ਮੁੱਖ ਮੰਤਰੀ ਨੇ ਅੱਗੇ ਕਿਹਾ, "ਸੰਦੀਪ ਗਿਲਹੋਤਰਾ ਦੇ ਚੰਗੇ ਕੰਮ ਹਮੇਸ਼ਾ ਲੋਕਾਂ ਦੇ ਦਿਲਾਂ ਵਿੱਚ ਉੱਕਰੇ ਰਹਿਣਗੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰਦੇ ਰਹਿਣਗੇ। ਉਨ੍ਹਾਂ ਦੇ ਬੇਵਕਤੀ ਅਕਾਲ ਚਲਾਣੇ ਨੇ ਇੱਕ ਅਜਿਹਾ ਖਲਾਅ ਪੈਦਾ ਕਰ ਦਿੱਤਾ ਹੈ, ਜੋ ਕਦੇ ਵੀ ਭਰਿਆ ਨਹੀਂ ਜਾ ਸਕਦਾ। ਇਸ ਮਹਾਨ ਸਮਾਜ ਸੇਵਕ ਦੇ ਯੋਗਦਾਨ ਹਮੇਸ਼ਾ ਸਮਾਜ ਸੇਵਾ ਦੇ ਮਾਰਗ ਨੂੰ ਰੌਸ਼ਨ ਕਰਦੇ ਰਹਿਣਗੇ।"

ਪਰਿਵਾਰ ਦੀ ਲੋਕ ਸੇਵਾ ਪ੍ਰਤੀ ਵਚਨਬੱਧਤਾ ਦੀ ਸਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਇਸ ਮਹਾਨ ਆਤਮਾ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ, ਉਨ੍ਹਾਂ ਦਾ ਜਵਾਈ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਮਿਸਨਰੀ ਉਤਸਾਹ ਨਾਲ ਸੂਬੇ ਦੇ ਲੋਕਾਂ ਦੀ ਸੇਵਾ ਕਰ ਰਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਪੀੜਤ ਪਰਿਵਾਰਕ ਮੈਂਬਰਾਂ, ਰਿਸਤੇਦਾਰਾਂ ਅਤੇ ਸਨੇਹੀਆਂ ਨੂੰ ਇਸ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਕਰਨ ਦੀ ਤਾਕਤ ਦੇਣ ਅਤੇ ਵਿਛੜੀ ਰੂਹ ਨੂੰ ਸਦੀਵੀ ਸਾਂਤੀ ਬਖਸਣ।

ਇਸ ਮੌਕੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ, ਅਮਨਦੀਪ ਸਿੰਘ ਗੋਲਡੀ ਮੁਸਾਫਿਰ, ਜਗਦੀਪ ਕੰਬੋਜ ਗੋਲਡੀ ਅਤੇ ਹੋਰ ਵੀ ਮੌਜੂਦ ਸਨ।

# ਪੰਜਾਬ ਦੇ ਕਈ ਇਲਾਕਿਆਂ ਵਿੱਚ ਪਈ ਸੰਘਣੀ ਧੁੰਦ

ਚੰਡੀਗੜ੍ਹ, 21 ਫਰਵਰੀ, (ਚ.ਨ.ਸ.) :ਪੰਜਾਬ ਅਤੇ ਚੰਡੀਗੜ੍ਹ ਵਿੱਚ ਠੰਢ ਲੱਗਭੱਗ ਖ਼ਤਮ ਹੋ ਗਈ ਹੈ। ਸਵੇਰ ਅਤੇ ਸ਼ਾਮ ਨੂੰ ਥੋੜ੍ਹੀ ਜਿਹੀ ਠੰਢ ਰਹਿੰਦੀ ਹੈ, ਪਰ ਦਿਨ ਵੇਲੇ ਤੇਜ਼ ਧੁੱਪ ਨੇ ਗਰਮੀ ਦਾ ਅਹਿਸਾਸ ਕਰਵਾਇਆ ਹੈ। ਇਸ ਦੇ ਵਿਚਕਾਰ ਅੱਜ ਕਈ ਥਾਈਂ ਬਹੁਤ ਸੰਘਣੀ ਧੁੰਦ ਲਈ। ਜਿਸ ਨਾਲ ਦ੍ਰਿਸ਼ਟੀ ਬਿਲਕੁੱਲ ਘੱਟ ਗਈ। ਚੰਡੀਗੜ੍ਹ ਮੌਸਮ ਵਿਭਾਗ ਦੇ ਅਨੁਸਾਰ, ਅਗਲੇ ਸੱਤ ਦਿਨਾਂ ਤੱਕ ਪੰਜਾਬ ਅਤੇ ਚੰਡੀਗੜ੍ਹ ਵਿੱਚ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ। ਹਾਲਾਂਕਿ, ਦਿਨ ਵੇਲੇ ਪਹਾੜਾਂ ਤੋਂ ਹਵਾਵਾਂ ਚੱਲਣਗੀਆਂ। ਪਿਛਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 0.9 ਡਿਗਰੀ ਵਧਿਆ ਹੈ, ਜੋ ਕਿ ਆਮ ਨਾਲੋਂ 3.5 ਡਿਗਰੀ ਵੱਧ ਹੈ। ਫ਼ਰੀਦਕੋਟ ਵਿੱਚ ਸਭ ਤੋਂ ਵੱਧ ਤਾਪਮਾਨ 28.8 ਡਿਗਰੀ ਦਰਜ ਕੀਤਾ ਗਿਆ। ਹਾਲਾਂਕਿ, ਇਸ ਮਹੀਨੇ ਦੀ ਬਾਰਿਸ਼ ਆਮ ਨਾਲੋਂ 97% ਘੱਟ ਰਹੀ ਹੈ। ਮੌਸਮ ਵਿਭਾਗ ਦੇ ਅਨੁਸਾਰ, ਇਸ ਸਮੇਂ ਦੌਰਾਨ ਉੱਤਰ-ਪੱਛਮ ਤੋਂ ਹਵਾਵਾਂ ਚੱਲਣਗੀਆਂ। ਦਿਨ ਵੇਲੇ ਤਾਪਮਾਨ ਵਧੇਗਾ ਅੱਜ ਕਈ ਥਾਵਾਂ 'ਤੇ ਧੁੰਦ ਪਈ। ਅੰਮ੍ਰਿਤਸਰ ਵਿਚ ਵੀ ਸੰਘਣੀ ਧੁੰਦ ਦਰਜ ਕੀਤੀ ਗਈ, ਜਿਸ ਨਾਲ ਦ੍ਰਿਸ਼ਟੀ 500 ਮੀਟਰ ਤੋਂ ਘੱਟ ਰਹਿ ਗਈ। ਹਾਲਾਂਕਿ, ਇਸ ਮਹੀਨੇ ਅਜੇ ਮੀਂਹ ਪੈਣ ਦੀ ਕੋਈ ਭਵਿੱਖਬਾਣੀ ਨਹੀਂ ਹੈ। ਚੰਡੀਗੜ੍ਹ ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਸਿੰਘ ਨੇ ਕਿਹਾ ਕਿ ਸੂਬੇ ਵਿੱਚ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਹੈ। ਅਗਲੇ ਸੱਤ ਦਿਨਾਂ ਵਿੱਚ ਘੱਟੋ-ਘੱਟ ਤਾਪਮਾਨ ਹੌਲੀ-ਹੌਲੀ 2-3 ਡਿਗਰੀ ਵਧੇਗਾ।

# ਸਿਹਤ ਮੰਤਰੀ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣ ਰਹੇ ਕਾਰਡਾਂ ਦੀ ਸਮੀਖਿਆ

## ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਾਰਡ ਬਣਾਉਣ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਦਿੱਤੀਆਂ




ਅੰਮ੍ਰਿਤਸਰ, 21 ਫਰਵਰੀ, (ਬਬਲੂ ਮਹਾਜਨ): ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਬਣ ਰਹੇ ਕਾਰਡਾਂ ਦਾ ਰੀਵਿਊ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ, ਵਿਧਾਇਕ ਅਜਨਾਲਾ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਅੰਮ੍ਰਿਤਸਰ ਕੇਂਦਰੀ ਡਾ. ਅਜੇ ਗੁਪਤਾ, ਵਿਧਾਇਕ ਅੰਮ੍ਰਿਤਸਰ ਪੂਰਬੀ ਸ੍ਰੀਮਤੀ ਜੀਵਨਜੋਤ ਕੌਰ, ਵਿਧਾਇਕ ਅੰਮ੍ਰਿਤਸਰ ਪੱਛਮੀ ਡਾ. ਜਸਬੀਰ ਸਿੰਘ ਸੰਧੂ, ਵਿਧਾਇਕ ਅਟਾਰੀ ਜਸਵਿੰਦਰ ਸਿੰਘ ਰਮਦਾਸ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪ੍ਰਭਬੀਰ ਸਿੰਘ ਬਰਾੜ, ਪ੍ਰਧਾਨ ਗੁਰਪ੍ਰਤਾਪ ਸਿੰਘ ਸੰਧੂ ਤੋਂ ਇਲਾਵਾ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀਮਤੀ ਅਮਨਦੀਪ ਕੌਰ, ਐੱਸ.ਡੀ.ਐੱਮ. ਬਾਬਾ ਬਕਾਲਾ ਸ. ਅਮਨਦੀਪ ਸਿੰਘ, ਐੱਸ.ਡੀ.ਐੱਮ. ਅਜਨਾਲਾ ਸ. ਰਵਿੰਦਰ ਸਿੰਘ ਅਰੋੜਾ, ਸਿਵਲ ਸਰਜਨ ਡਾ. ਸਤਿੰਦਰ ਸਿੰਘ ਬਜਾਜ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ ਵਿੱਚ ਬਣ ਰਹੇ ਕਾਰਡਾਂ ਦੀ ਸਮੀਖਿਆ ਕਰਦਿਆਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਲੋਕਾਂ ਨੂੰ ਇਸ ਯੋਜਨਾ ਦਾ ਲਾਭ ਦੇਣ ਲਈ ਵੱਧ ਤੋਂ ਵੱਧ ਕਾਰਡ ਬਣਾਏ ਜਾਣ ਅਤੇ ਇਸ ਕੰਮ ਲਈ ਕੈਂਪਾਂ ਦੀ ਗਿਣਤੀ ਵਧਾਈ ਜਾਵੇ। ਉਨ੍ਹਾਂ ਅਧਿਕਾਰੀਆਂ ਦੇ ਨਾਲ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਇਨ੍ਹਾਂ ਕੈਂਪਾਂ ਵਿੱਚ ਜਾ ਕੇ ਕਾਰਡ ਬਣਾਉਣ ਦੀ ਪ੍ਰਗਤੀ ਦਾ ਜਾਇਜਾ ਵੀ ਲੈਂਦੇ ਰਹਿਣ।

ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਦੇ ਵਸਨੀਕ ਮੁੱਖ ਮੰਤਰੀ ਸਿਹਤ ਯੋਜਨਾ ਤੋਂ ਬਹੁਤ ਖੁਸ਼ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬੇ ਦੇ ਹਰੇਕ ਪਰਿਵਾਰ ਦਾ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਾ ਕੇ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਹੁਣ ਤੱਕ ਸੂਬੇ ਵਿੱਚ 9 ਲੱਖ ਕਾਰਡ ਬਣ ਚੁੱਕੇ ਹਨ ਅਤੇ ਸੋਮਵਾਰ ਤੱਕ ਇਹ ਗਿਣਤੀ 10 ਲੱਖ ਤੋਂ ਪਾਰ ਕਰ ਜਾਵੇਗੀ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪ੍ਰਤੀ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਸਿਹਤ ਬੀਮਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਉਦੇਸ਼ ਮੈਡੀਕਲ ਐਮਰਜੈਂਸੀ ਦੌਰਾਨ ਪਰਿਵਾਰਾਂ ਦੇ ਵਿੱਤੀ ਬੋਝ ਨੂੰ ਬਿਲਕੁੱਲ ਘੱਟ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਵਲ ਸਰਜਨਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸੂਚੀਬੱਧ ਹਸਪਤਾਲਾਂ ਵਿੱਚ ਨਿਰਵਿਘਨ ਰਜਿਸਟ੍ਰੇਸ਼ਨ ਅਤੇ ਸੇਵਾਵਾਂ ਪ੍ਰਦਾਨ ਕਰਨਾ ਯਕੀਨੀ ਬਣਾਉਣ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਲਾਜ ਤੋਂ ਵਾਂਝਾ ਨਾ ਰਹੇ। ਉਨ੍ਹਾਂ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਅਤੇ ਵਿੱਤੀ ਬੋਝ ਨੂੰ ਘੱਟ ਕਰਨ ਲਈ ਸੀ.ਐਸ.ਸੀ., ਆਸ਼ਾ ਅਤੇ ਪੀ.ਆਰ.ਆਈ. ਨੁਮਾਇੰਦਿਆਂ ਨਾਲ ਨਜ਼ਦੀਕੀ ਤਾਲਮੇਲ ਬਣਾਉਣ ਲਈ ਵੀ ਕਿਹਾ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਜਿੱਥੇ ਸਾਰੇ ਸਰਕਾਰੀ ਹਸਪਤਾਲਾਂ ਤੋਂ ਮੁਫ਼ਤ ਇਲਾਜ ਹੋਵੇਗਾ ਉਥੇ 600 ਨਿੱਜੀ ਹਸਪਤਾਲ ਵੀ ਇੰਪੈਨਲਡ ਕੀਤੇ ਗਏ ਹਨ।

ਵਿਰੋਧੀ ਪਾਰਟੀਆਂ ਵੱਲੋਂ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਤੋਂ ਸੂਬਾ ਵਾਸੀਆਂ ਨੂੰ ਸਾਵਧਾਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਵਿਰੋਧੀ ਜਾਣਬੁੱਝ ਕੇ ਭਰਮ ਪੈਦਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਮਾਨ ਸਰਕਾਰ ਦੀ ਗਰੰਟੀ ਹੈ ਕਿ ਹਰ ਪਰਿਵਾਰ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਲਾਨਾ 10 ਲੱਖ ਰੁਪਏ ਦਾ ਮੈਡੀਕਲ ਕਵਰ ਮਿਲੇਗਾ। ਉਨ੍ਹਾਂ ਕਿਹਾ ਕਿ ਵਿਰੋਧੀਆਂ ਕੋਲ ਹੁਣ ਕੋਈ ਹੋਰ ਮੁੱਦਾ ਨਹੀਂ ਹੈ ਇਸੇ ਲਈ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕ ਇਨ੍ਹਾਂ ਦੀਆਂ ਅਫ਼ਵਾਹਾਂ ਵਿੱਚ ਬਿਲਕੁੱਲ ਨਾ ਆਉਣ।

ਪ੍ਰੈੱਸ ਕਾਨਫਰੰਸ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਬੀਤੇ ਦਿਨੀਂ ਅੰਮ੍ਰਿਤਸਰ ਪੁਲਿਸ ਨੇ ਇੱਕ ਨਕਲੀ ਸਿਹਤ ਮੰਤਰੀ ਨੂੰ ਹਿਰਾਸਤ ਵਿੱਚ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਨਕਲੀ ਸਿਹਤ ਮੰਤਰੀ ਇੱਕ ਡਾਕਟਰ ਨੂੰ ਫਰਜੀ ਕਾਲ ਕਰ ਰਿਹਾ ਸੀ ਜਿਸ 'ਤੇ ਅੰਮ੍ਰਿਤਸਰ ਪੁਲਿਸ ਨੇ ਕਾਰਵਾਈ ਕਰਦੇ ਹੋਏ ਉਸ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਹੈ। ਉਨ੍ਹਾਂ ਅਜਿਹੇ ਫਰਜ਼ੀ ਅਤੇ ਠੱਗ ਕਿਸਮ ਦੇ ਨੌਸਰਬਾਜ਼ਾਂ ਨੂੰ ਚਿਤਾਵਨੀ ਦਿੱਤੀ ਕਿ ਉਹ ਅਜਿਹੀਆਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਉਨ੍ਹਾਂ ਖਿਲ਼ਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਗੈਂਗਸਟਰਾਂ 'ਤੇ ਵਾਰ ਦਾ 32ਵਾਂ ਦਿਨ 631 ਥਾਈਂ ਛਾਪੇਮਾਰੀ ; 217 ਕਾਬੂ

ਚੰਡੀਗੜ੍ਹ, 21 ਫਰਵਰੀ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 32ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 631 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸੁਰੂਆਤ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

ਮੁਹਿੰਮ ਦੇ 32ਵੇਂ ਦਿਨ, ਪੁਲਿਸ ਟੀਮਾਂ ਨੇ 217 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 10,412 ਹੋ ਗਈ ਹੈ।

ਇਸ ਤੋਂ ਇਲਾਵਾ 95 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 151 ਵਿਅਕਤੀਆਂ ਦੀ ਤਫ਼ਤੀਸ਼ ਅਤੇ ਪੁੱਛਗਿੱਛ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਅੱਠ ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 357ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 117 ਨਸ਼ੇ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.1 ਕਿਲੋ ਹੈਰੋਇਨ, 3 ਕਿਲੋ ਅਫੀਮ, 446 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 63250 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ 357 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 50691 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 37 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ।

# 4 ਸਾਲਾਂ ਵਿੱਚ 1.34 ਲੱਖ ਕਰੋੜ ਦਾ ਹੋਇਆ ਨਿਵੇਸ਼, ਸਾਲਾਨਾ 40,000 ਕਰੋੜ ਦੇ ਵਿਦੇਸ਼ੀ ਨਿਵੇਸ਼ ਨਾਲ ਪੰਜਾਬ ਬਣਿਆ ਵੱਡਾ ਇੰਡਸਟਰੀਅਲ ਹੱਬ : ਬਲਤੇਜ ਪੰਨੂ



ਚੰਡੀਗੜ੍ਹ, 21 ਫਰਵਰੀ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀਆਂ ਬਿਹਤਰੀਨ ਵਪਾਰਕ ਨੀਤੀਆਂ ਸਦਕਾ ਪੰਜਾਬ ਨੇ ਨਿਵੇਸ਼ ਦੇ ਮਾਮਲੇ ਵਿੱਚ ਵੱਡੀ ਛਲਾਂਗ ਲਗਾਈ ਹੈ। ਇਹ ਪੰਜਾਬ ਅਤੇ ਪੰਜਾਬੀਆਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਸੂਬੇ ਵਿੱਚ 'ਫੌਰਨ ਡਾਇਰੈਕਟ ਇਨਵੈਸਟਮੈਂਟ' (ਐਫਡੀਆਈ) ਵਿੱਚ ਲਗਾਤਾਰ ਭਾਰੀ ਵਾਧਾ ਹੋ ਰਿਹਾ ਹੈ।

ਪੰਨੂ ਨੇ ਕਿਹਾ ਕਿ ਇਹ ਸੁਰੱਖਿਅਤ ਉਦਯੋਗਿਕ ਮਾਹੌਲ ਦਾ ਹੀ ਨਤੀਜਾ ਹੈ ਕਿ ਪੰਜਾਬ ਨੇ ਨੈਸ਼ਨਲ ਰੈਂਕਿੰਗ ਵਿੱਚ 14ਵੇਂ ਸਥਾਨ ਤੋਂ 11ਵੇਂ ਸਥਾਨ 'ਤੇ ਆ ਕੇ ਇੱਕ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਦੁਨੀਆਂ ਦੀਆਂ ਨਾਮੀ ਮਲਟੀਨੈਸ਼ਨਲ ਕੰਪਨੀਆਂ ਹੁਣ ਪੰਜਾਬ ਨੂੰ ਆਪਣੀ ਪਹਿਲੀ ਪਸੰਦ ਬਣਾ ਰਹੀਆਂ ਹਨ।

ਨਿਵੇਸ਼ ਦੇ ਤੁਲਨਾਤਮਕ ਅੰਕੜੇ ਸਾਂਝੇ ਕਰਦਿਆਂ ਪੰਨੂ ਨੇ ਦੱਸਿਆ ਕਿ ਮਾਰਚ 2022 ਤੋਂ ਹੁਣ ਤੱਕ (ਫਰਵਰੀ 2026) ਦੇ ਸਮੇਂ ਦੌਰਾਨ ਪੰਜਾਬ ਨੇ ਵਿਕਾਸ ਦੀ ਨਵੀਂ ਇਬਾਰਤ ਲਿਖੀ ਹੈ। ਇਸ ਸਮੇਂ ਦੌਰਾਨ ਸੂਬੇ ਵਿੱਚ ਸਾਲਾਨਾ ਔਸਤਨ 40,000 ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। ਮਾਨ ਸਰਕਾਰ ਦੇ ਹੁਣ ਤੱਕ ਦੇ ਕਾਰਜਕਾਲ ਵਿੱਚ ਕੁੱਲ 1 ਲੱਖ 34 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ।

ਇਹ ਅੰਕੜੇ ਇਸ ਗੱਲ ਦੀ ਗਵਾਹੀ ਦਿੰਦੇ ਹਨ ਕਿ ਪੰਜਾਬ ਦੀ ਆਰਥਿਕ ਸਥਿਤੀ ਅਤੇ ਉਦਯੋਗਿਕ ਢਾਂਚਾ ਹੁਣ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਕਿਤੇ ਵੱਧ ਪਾਰਦਰਸ਼ੀ ਅਤੇ ਮਜ਼ਬੂਤ ਹੋਇਆ ਹੈ।

ਪਿਛਲੀਆਂ ਸਰਕਾਰਾਂ ਦੀ ਨਾਕਾਮੀ 'ਤੇ ਨਿਸ਼ਾਨਾ ਸਾਧਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ ਦੀ ਕੈਪਟਨ ਅਤੇ ਚੰਨੀ ਸਰਕਾਰ ਦੇ ਸਮੇਂ ਸਾਲਾਨਾ ਨਿਵੇਸ਼ ਕੇਵਲ 23 ਹਜ਼ਾਰ ਕਰੋੜ ਰੁਪਏ ਤੱਕ ਸੀਮਤ ਸੀ ਅਤੇ ਉਨ੍ਹਾਂ ਦੇ ਪੂਰੇ 5 ਸਾਲਾਂ ਦੇ ਕਾਰਜਕਾਲ ਵਿੱਚ ਕੁੱਲ 1 ਲੱਖ 17 ਹਜ਼ਾਰ ਕਰੋੜ ਰੁਪਏ ਦਾ ਹੀ ਨਿਵੇਸ਼ ਹੋ ਸਕਿਆ ਸੀ।

ਉੱਥੇ ਹੀ, ਅਕਾਲੀ-ਭਾਜਪਾ ਸਰਕਾਰ ਦੇ ਸਮੇਂ ਹਾਲਾਤ ਹੋਰ ਵੀ ਮਾੜੇ ਸਨ, ਜਿੱਥੇ ਸਾਲਾਨਾ ਨਿਵੇਸ਼ ਮਹਿਜ਼ 6,600 ਕਰੋੜ ਰੁਪਏ ਸੀ ਅਤੇ 5 ਸਾਲਾਂ ਵਿੱਚ ਕੁੱਲ 32,999 ਕਰੋੜ ਰੁਪਏ ਦਾ ਨਿਵੇਸ਼ ਹੋਇਆ ਸੀ। ਸਪੱਸ਼ਟ ਹੈ ਕਿ ਪਿਛਲੀਆਂ ਸਰਕਾਰਾਂ ਦੀ ਨੀਅਤ ਸਾਫ਼ ਨਹੀਂ ਸੀ, ਜਿਸ ਕਾਰਨ ਪੰਜਾਬ ਪਛੜਦਾ ਗਿਆ।

ਸਟੇਟ ਮੀਡੀਆ ਇੰਚਾਰਜ ਨੇ ਅੱਗੇ ਦੱਸਿਆ ਕਿ ਆਉਣ ਵਾਲੇ ਮਾਰਚ ਮਹੀਨੇ ਵਿੱਚ 'ਇਨਵੈਸਟ ਪੰਜਾਬ' ਸੰਮੇਲਨ ਹੋਣ ਜਾ ਰਿਹਾ ਹੈ, ਜਿਸ ਵਿੱਚ ਦੇਸ਼-ਵਿਦੇਸ਼ ਦੀਆਂ ਸੈਂਕੜੇ ਵੱਡੀਆਂ ਕੰਪਨੀਆਂ ਸ਼ਿਰਕਤ ਕਰਨਗੀਆਂ। ਇਸ ਆਯੋਜਨ ਰਾਹੀਂ ਪੰਜਾਬ ਵਿੱਚ ਵੱਡੇ ਪੱਧਰ 'ਤੇ ਨਵਾਂ ਨਿਵੇਸ਼ ਆਵੇਗਾ, ਜਿਸ ਨਾਲ ਨਾ ਸਿਰਫ਼ ਸਰਕਾਰੀ ਮਾਲੀਆ ਵਧੇਗਾ ਬਲਕਿ ਸੂਬੇ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਲੱਖਾਂ ਨਵੇਂ ਮੌਕੇ ਵੀ ਪੈਦਾ ਹੋਣਗੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਸੰਕਲਪ ਅਨੁਸਾਰ ਪੰਜਾਬ ਨੂੰ ਫਿਰ ਤੋਂ ਆਰਥਿਕ ਪੱਖੋਂ ਸੰਪੰਨ ਅਤੇ ਖੁਸ਼ਹਾਲ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵਿੱਚ ਸਰਕਾਰ ਪੂਰੀ ਸ਼ਿੱਦਤ ਨਾਲ ਜੁਟੀ ਹੋਈ ਹੈ।

# ਬੈਂਸ ਵੱਲੋਂ ਪੰਜਾਬੀਆਂ ਨੂੰ ਕੌਮਾਂਤਰੀ ਮਾਂ ਬੋਲੀ ਦਿਵਸ ਦੀ ਵਧਾਈ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਕੀਤੇ ਉਪਰਾਲਿਆਂ 'ਤੇ ਚਾਨਣਾ ਪਾਇਆ



ਚੰਡੀਗੜ੍ਹ, 21 ਫਰਵਰੀ (ਚ.ਨ.ਸ.) : ਪੰਜਾਬ ਦੇ ਉਚੇਰੀ ਸਿੱਖਿਆ ਅਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ ਲੋਕਾਂ ਨੂੰ ਸਿੱਖਿਆ, ਸੰਚਾਰ, ਸੱਭਿਆਚਾਰ ਸੰਭਾਲ ਅਤੇ ਟਿਕਾਊ ਵਿਕਾਸ ਵਿੱਚ ਮਾਤ ਭਾਸ਼ਾ ਦੀ ਮਹੱਤਵਪੂਰਨ ਭੂਮਿਕਾ ਦਾ ਹਵਾਲਾ ਦਿੰਦਿਆਂ ਮਾਂ ਬੋਲੀ ਪੰਜਾਬੀ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਸੱਦਾ ਦਿੱਤਾ।

ਲੋਕਾਂ ਨੂੰ ਕੌਮਾਂਤਰੀ ਮਾਂ ਬੋਲੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਹਰਜੋਤ ਸਿੰਘ ਬੈਂਸ ਨੇ ਜ਼ੋਰ ਦੇ ਕੇ ਕਿਹਾ ਕਿ ਸਾਰੀਆਂ ਭਾਸ਼ਾਵਾਂ ਬਰਾਬਰ ਸਤਿਕਾਰ-ਯੋਗ ਹਨ। ਉਨ੍ਹਾਂ ਨੇ ਪੰਜਾਬੀ ਦੇ ਪਾਸਾਰ ਤੇ ਸੱਭਿਆਚਾਰ ਦੀ ਸੰਭਾਲ ਪ੍ਰਤੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦੁਹਰਾਇਆ।

ਬੈਂਸ ਨੇ ਦੱਸਿਆ ਕਿ ਸੂਬੇ ਦੇ ਕੋਨੇ-ਕੋਨੇ ਤੱਕ ਪੰਜਾਬੀ ਭਾਸ਼ਾ ਦੇ ਪਾਸਾਰ ਅਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਲਈ ਭਾਸ਼ਾ ਵਿਭਾਗ ਨੇ ਕੌਮਾਂਤਰੀ ਮਾਤ ਭਾਸ਼ਾ ਦਿਵਸ 'ਤੇ ਪੰਜਾਬ ਭਰ ਵਿੱਚ 13 ਸਮਾਗਮ ਆਯੋਜਿਤ ਕੀਤੇ ਹਨ। ਇਨ੍ਹਾਂ ਸਮਾਗਮਾਂ ਵਿੱਚ ਕਵੀ ਦਰਬਾਰ, ਨਾਟਕ, ਭਾਸ਼ਾ ਸੈਮੀਨਾਰ, ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਅਤੇ ਸਾਹਿਤਕ ਚਰਚਾਵਾਂ ਸ਼ਾਮਲ ਹਨ।

ਪੰਜਾਬ ਸਰਕਾਰ ਵੱਲੋਂ ਮਾਤ ਭਾਸ਼ਾ ਦੀ ਸੰਭਾਲ ਅਤੇ ਇਸਦੇ ਵਿਸ਼ਵਵਿਆਪੀ ਪ੍ਰਚਾਰ ਲਈ ਕੀਤੇ ਗਏ ਕਈ ਉਪਰਾਲਿਆਂ ਨੂੰ ਉਜਾਗਰ ਕਰਦਿਆਂ ਭਾਸ਼ਾ ਮੰਤਰੀ ਨੇ ਕਿਹਾ ਕਿ ਪੰਜਾਬੀ ਸਾਹਿਤ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੀਆਂ ਸ਼ਖ਼ਸੀਅਤਾਂ ਦੇ ਸਨਮਾਨ ਲਈ ਵਿਭਾਗ ਵੱਲੋਂ ਲੋੜਵੰਦ ਲੇਖਕਾਂ, ਸਾਹਿਤਕਾਰਾਂ ਅਤੇ ਉਨ੍ਹਾਂ ਦੇ ਆਸ਼ਰਿਤ ਪਰਿਵਾਰਾਂ ਨੂੰ 15,000 ਰੁਪਏ ਦੀ ਮਹੀਨਾਵਾਰ ਪੈਨਸ਼ਨ/ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਵਿਭਾਗ ਸਾਲ 2025 ਲਈ ਬੈਸਟ ਲਿਟਰੇਰੀ ਪੰਜਾਬੀ ਬੁੱਕ ਐਵਾਰਡ ਯੋਜਨਾ ਦੇ ਤਹਿਤ ਵੱਖ-ਵੱਖ ਸ਼੍ਰੇਣੀਆਂ ਵਿੱਚ 10 ਪੁਰਸਕਾਰ ਪ੍ਰਦਾਨ ਕੀਤੇ ਹਨ। ਇਸ ਦੇ ਨਾਲ ਹੀ ਵਿਭਾਗ ਵੱਲੋਂ 11 ਪੰਜਾਬੀ ਸਾਹਿਤਕ ਸਭਾਵਾਂ ਨੂੰ ਵਿੱਤੀ ਸਹਾਇਤਾ ਵੀ ਦਿੱਤੀ ਗਈ ਤਾਂ ਜੋ ਉਹ ਮਾਂ ਬੋਲੀ ਦੇ ਪਾਸਾਰ ਲਈ ਸਮਰਪਿਤ ਸਮਾਗਮ ਕਰਵਾ ਸਕਣ।

ਵਿਭਾਗ ਦੇ ਸਾਲ ਭਰ ਚੱਲਣ ਵਾਲੇ ਵਿਭਿੰਨ ਸਾਹਿਤਕ ਸਮਾਗਮਾਂ ਵਿੱਚ ਸਾਹਿਤਕ ਸ਼ਖ਼ਸੀਅਤਾਂ ਨਾਲ ਪੰਜ 'ਰੂ-ਬ-ਰੂ' ਪ੍ਰੋਗਰਾਮ, 'ਕਹਾਣੀ ਦਰਬਾਰ', 'ਸਾਵਨ ਕਵੀ ਦਰਬਾਰ' ਅਤੇ ਨਵਾਂਸ਼ਹਿਰ ਵਿਖੇ ਸ਼ਹੀਦ ਭਗਤ ਸਿੰਘ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਸ਼ਾਮਲ ਹਨ। ਇਸਦੇ ਨਾਲ ਹੀ ਵਿਭਾਗ ਨੇ ਤਿੰਨ-ਭਾਸ਼ਾਈ ਕਵਿਤਾ ਗਾਇਨ, ਉਰਦੂ ਮੁਸ਼ਾਇਰਿਆਂ, ਹਿੰਦੀ ਦਿਵਸ ਅਤੇ ਸੰਸਕ੍ਰਿਤ ਦਿਵਸ ਵਰਗੇ ਸਮਾਗਮ ਕਰਵਾ ਕੇ ਭਾਸ਼ਾਈ ਵਿਭਿੰਨਤਾ ਦਾ ਜਸ਼ਨ ਵੀ ਮਨਾਇਆ ਗਿਆ । ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਇਨ੍ਹਾਂ ਉਪਰਾਲਿਆ ਵਿੱਚ ਸ੍ਰੀ ਫਤਿਹਗੜ੍ਹ ਸਾਹਿਬ ਵਿੱਚ ਇਤਿਹਾਸਕ ਸ਼ਹੀਦੀ ਜੋੜ ਮੇਲ ਵਿਖੇ ਧਾਰਮਿਕ ਕਵਿਤਾ ਮੁਕਾਬਲੇ ਕਰਵਾਉਣਾ ਵੀ ਸ਼ਾਮਲ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਭਾਸ਼ਾ ਸਿਰਫ਼ ਸੰਚਾਰ ਦਾ ਸਾਧਨ ਨਹੀਂ ਹੈ; ਇਹ ਸਾਡੀ ਪਛਾਣ ਹੈ। ਸਾਡੇ ਲੇਖਕਾਂ ਦੇ ਪਰਿਵਾਰਾਂ ਦੀ ਸਹਾਇਤਾ ਤੋਂ ਲੈ ਕੇ 1.25 ਲੱਖ ਕਿਤਾਬਾਂ ਔਨਲਾਈਨ ਪਾਉਣ ਤੱਕ, ਸਾਡੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਪੰਜਾਬੀ ਭਾਸ਼ਾ ਦੀ ਸੰਭਾਲ ਦੇ ਨਾਲ-ਨਾਲ ਇਸਨੂੰ ਵਿਸ਼ਵ ਪੱਧਰ 'ਤੇ ਵੱਧ ਤੋਂ ਵੱਧ ਪ੍ਰਫੁੱਲਤ ਕੀਤਾ ਜਾਵੇ।

## ਸੰਪਾਦਕੀ

# ਵਿਕਾਸ ਦੀ ਵਧੇਗੀ ਰਫ਼ਤਾਰ

ਇਹ ਇੱਕ ਜਾਣਿਆ-ਪਛਾਣਿਆ ਤੱਥ ਹੈ ਕਿ ਦੁਨੀਆਂ ਤਕਨੀਕੀ ਵਿਕਾਸ ਦੇ ਅਗਲੇ ਪੜਾਅ ਵਿੱਚ ਦਾਖਲ ਹੋ ਗਈ ਹੈ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਇਸਦੇ ਸਭ ਤੋਂ ਮਹੱਤਵਪੂਰਨ ਸਾਧਨਾਂ ਵਿੱਚੋਂ ਇੱਕ ਬਣਨ ਲਈ ਤਿਆਰ ਹੈ। ਦਿੱਲੀ ਵਿੱਚ ਇੰਡੀਆ-ਏਆਈ ਇਮਪੈਕਟ ਸਮਿਟ 2026 ਵਿੱਚ ਪੇਸ਼ ਕੀਤੇ ਗਏ ਕਈ ਪਹਿਲੂ ਦਰਸਾਉਂਦੇ ਹਨ ਕਿ ਏਆਈ-ਕੇਂਦ੍ਰਿਤ ਪਰਿਵਰਤਨ ਦੁਨੀਆਂ ਭਰ ਵਿੱਚ ਵਿਕਾਸ ਦੀ ਇੱਕ ਨਵੀਂ ਪਰਿਭਾਸ਼ਾ ਨੂੰ ਆਕਾਰ ਦੇ ਰਹੇ ਹਨ। ਭਾਰਤ ਇਸ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗਾ ਅਤੇ ਇਸਨੂੰ ਇੱਕ ਨੇਤਾ ਵਜੋਂ ਦੇਖਿਆ ਜਾ ਰਿਹਾ ਹੈ, ਖਾਸ ਕਰਕੇ ਗਲੋਬਲ ਸਾਊਥ ਅਤੇ ਵਿਕਾਸਸ਼ੀਲ ਦੇਸ਼ਾਂ ਵਿੱਚ। ਮਹੱਤਵਪੂਰਨ ਗੱਲ ਇਹ ਹੈ ਕਿ ਏਆਈ ਦੀ ਵਰਤੋਂ ਹੁਣ ਸੁਰੱਖਿਆ ਮੁੱਦਿਆਂ ਤੱਕ ਸੀਮਤ ਨਹੀਂ ਹੈ; ਵਿਕਾਸ ਖੇਤਰ ਵਿੱਚ ਇਸਦੀ ਭੂਮਿਕਾ ਸਮਾਵੇਸ਼ੀ, ਪਾਰਦਰਸ਼ੀ ਅਤੇ ਜ਼ਿੰਮੇਵਾਰ ਸ਼ਾਸਨ ਦੇ ਸਾਧਨ ਵਜੋਂ ਫੈਲ ਰਹੀ ਹੈ। ਦਿੱਲੀ ਵਿੱਚ ਆਯੋਜਿਤ ਏਆਈ ਸੰਮੇਲਨ ਲਈ, ਇਸਨੇ ਸਿਹਤ ਸੰਭਾਲ, ਖੇਤੀਬਾੜੀ, ਜਲਵਾਯੂ ਪਰਿਵਰਤਨ, ਸ਼ਾਸਨ ਅਤੇ ਆਰਥਿਕ ਵਿਕਾਸ ਵਿੱਚ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਨੂੰ ਅੱਗੇ ਵਧਾਉਣ ਲਈ ਜ਼ਮੀਨ ਤਿਆਰ ਕਰਨ ਦੀ ਕੋਸ਼ਿਸ਼ ਕੀਤੀ। ਇਸ ਤਰ੍ਹਾਂ ਕਾਨਫਰੰਸ ਨੇ ਏਆਈ ਰਾਹੀਂ ਸੰਪੂਰਨ ਵਿਕਾਸ ਲਈ ਸੰਭਾਵਨਾਵਾਂ ਦੇ ਨਵੇਂ ਰਸਤੇ ਖੋਜਣ ਦੀ ਕੋਸ਼ਿਸ਼ ਕੀਤੀ। ਪਿਛਲੇ ਕੁਝ ਸਾਲਾਂ ਵਿੱਚ ਤਕਨਾਲੋਜੀ, ਦਵਾਈ ਅਤੇ ਹੋਰ ਉਤਪਾਦਾਂ ਦੀ ਸਿਰਜਣਾ ਅਤੇ ਵਰਤੋਂ ਵਿੱਚ ਏਆਈ ਦੀ ਵਰਤੋਂ ਤੇਜ਼ੀ ਨਾਲ ਵਧੀ ਹੈ। ਵਿਕਾਸ ਦੇ ਲਗਭਗ ਸਾਰੇ ਖੇਤਰਾਂ ਵਿੱਚ ਆਪਣੀ ਵਧਦੀ ਮਹੱਤਤਾ ਨੂੰ ਦੇਖਦੇ ਹੋਏ ਭਾਰਤ ਨੇ ਵੀ ਯਤਨ ਸ਼ੁਰੂ ਕਰ ਦਿੱਤੇ ਹਨ, ਪਰ ਇਹ ਵੀ ਸੱਚ ਹੈ ਕਿ ਚੀਨੀ ਅਤੇ ਅਮਰੀਕੀ ਕੰਪਨੀਆਂ ਇਸ ਸਮੇਂ ਇਸ ਖੇਤਰ ਵਿੱਚ ਹਾਵੀ ਹਨ। ਇਹ ਬਿਨਾਂ ਸ਼ੱਕ ਭਾਰਤ ਵਰਗੇ ਵਿਕਾਸਸ਼ੀਲ ਦੇਸ਼ਾਂ ਲਈ ਇੱਕ ਮਹੱਤਵਪੂਰਨ ਚੁਣੌਤੀ ਪੈਦਾ ਕਰੇਗਾ ਪਰ ਇਹ ਯਾਦ ਰੱਖਣਾ ਵੀ ਮਹੱਤਵਪੂਰਨ ਹੈ ਕਿ ਕਿਸੇ ਵੀ ਸਮੱਸਿਆ ਨੂੰ ਸਿਰਫ਼ ਇਸਦੀ ਗੁੰਝਲਤਾ ਨੂੰ ਸਵੀਕਾਰ ਕਰਕੇ ਅਤੇ ਇਸਦਾ ਸਾਹਮਣਾ ਕਰਨ ਦੀ ਚੋਣ ਕਰਕੇ ਹੀ ਦੂਰ ਕੀਤਾ ਜਾ ਸਕਦਾ ਹੈ। ਇਸ ਦ੍ਰਿਸ਼ਟੀਕੋਣ ਤੋਂ ਭਾਰਤ ਦਾ ਰੁਖ ਤਕਨੀਕੀ ਮੁਕਾਬਲੇ ਵਿੱਚ ਚੁਣੌਤੀਆਂ ਦਾ ਸਾਹਮਣਾ ਕਰਨ ਦਾ ਰਾਹ ਪੱਧਰਾ ਕਰਦਾ ਹੈ, ਇਹ ਦਰਸਾਉਂਦਾ ਹੈ ਕਿ ਦੇਸ਼ ਏ ਆਈ ਤੋਂ ਨਹੀਂ ਡਰਦਾ, ਸਗੋਂ ਇਸ ਵਿੱਚ ਖੁਸ਼ਹਾਲੀ ਅਤੇ ਵਿਸ਼ਵਵਿਆਪੀ ਭਲਾਈ ਲਈ ਭਵਿੱਖ ਦੀ ਸੰਭਾਵਨਾ ਦੇਖਦਾ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਏ ਆਈ. ਹੁਣ ਭਵਿੱਖ ਦੀ ਦੁਨੀਆਂ ਦੀ ਇੱਕ ਹਕੀਕਤ ਹੈ ਅਤੇ ਵਿਕਾਸ ਪ੍ਰਕਿਰਿਆ ਨੂੰ ਆਕਾਰ ਦੇਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗਾ। ਹਾਲਾਂਕਿ, ਇਹ ਜਾਂਚ ਕਰਨਾ ਜ਼ਰੂਰੀ ਹੋਵੇਗਾ ਕਿ ਨਵਾਂ ਢਾਂਚਾ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨੂੰ ਕਿਸ ਹੱਦ ਤੱਕ ਪ੍ਰਾਪਤ ਕਰਦਾ ਹੈ। ਇਸ ਸੰਦਰਭ ਵਿੱਚ ਏ ਆਈ ਦੀ ਵਧਦੀ ਭੂਮਿਕਾ ਕਾਰਨ ਵਿਆਪਕ ਨੌਕਰੀਆਂ ਦੇ ਨੁਕਸਾਨ ਅਤੇ ਘਟੇ ਹੋਏ ਮੌਕਿਆਂ ਦੇ ਡਰ ਨੂੰ ਸੰਬੋਧਤ ਕਰਨਾ ਇੱਕ ਵੱਡੀ ਚੁਣੌਤੀ ਹੋਵੇਗੀ। ਇਸ ਤੋਂ ਇਲਾਵਾ ਏਆਈ-ਅਧਾਰਤ ਤਕਨਾਲੋਜੀ ਦੀ ਦੁਰਵਰਤੋਂ ਰਾਹੀਂ ਡਰਾਉਣ-ਧਮਕਾਉਣ ਦੀ ਸੰਭਾਵਨਾ, ਡੀਪਫੇਕ ਨਾਲ ਜੁੜੀਆਂ ਗੁੰਝਲਾਂ, ਡੇਟਾ ਸੈਂਟਰਾਂ ਦਾ ਵਾਤਾਵਰਣ ਪ੍ਰਭਾਵ, ਡੇਟਾ ਦੀ ਮਨਮਾਨੀ ਵਰਤੋਂ ਅਤੇ ਨਿਯੰਤਰਣ ਲਈ ਇੱਕ ਸਾਧਨ ਵਜੋਂ ਇਸਦੀ ਵਰਤੋਂ ਵਰਗੇ ਮੁੱਦੇ ਵੀ ਉੱਠਣਗੇ। ਇਸ ਤਕਨਾਲੋਜੀ ਦੀ ਭਰੋਸੇਯੋਗਤਾ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ 'ਤੇ ਨਿਰਭਰ ਕਰੇਗੀ। ਦਿੱਲੀ ਕਾਨਫਰੰਸ ਵਿੱਚ ਇੱਕ ਸਕਾਰਾਤਮਕ ਉਮੀਦ ਪ੍ਰਗਟ ਕੀਤੀ ਗਈ ਸੀ ਕਿ ਏਆਈ ਅਰਬਾਂ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢ ਸਕਦਾ ਹੈ ਅਤੇ ਇੱਕ ਬਿਹਤਰ ਦੁਨੀਆ ਬਣਾ ਸਕਦਾ ਹੈ। ਹਾਲਾਂਕਿ, ਇਹ ਇਸ ਗੱਲ 'ਤੇ ਨਿਰਭਰ ਕਰੇਗਾ ਕਿ ਏਆਈ ਦੀ ਨਵੀਂ ਦੁਨੀਆਂ ਹਾਸ਼ੀਏ 'ਤੇ ਅਤੇ ਗਰੀਬਾਂ ਲਈ ਕਿੰਨੀ ਪਹੁੰਚਯੋਗ ਹੋਵੇਗੀ ਅਤੇ ਇਸਦੀ ਛਵੀ ਕਿੰਨੀ ਮਨੁੱਖੀ ਅਤੇ ਸਮਾਵੇਸ਼ੀ ਹੋ ਸਕਦੀ ਹੈ।

**-ਜਗਜੀਤ ਸਿੰਘ ਦਰਦੀ**

## ਡਿਜੀਟਲ ਮੀਡੀਆ ਨੈਤਿਕਤਾ ਕੋਡ– 2026

# ਸਰਕਾਰ ਨੇ ਡਿਜੀਟਲ ਮੀਡੀਆ ਤੇ ਏ.ਆਈ. 'ਤੇ ਕੀਤੇ ਕਾਨੂੰਨ ਤਿੱਖੇ ਸਖ਼ਤ ਸਜ਼ਾਵਾਂ ਦੀ ਵਿਵਸਥਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਏ. ਆਈ ਦਾ ਯੁੱਗ, ਸੱਚ ਦਾ ਸੰਕਟ ਅਤੇ ਰਾਜ ਦੀ ਦਖ਼ਲਅੰਦਾਜ਼ੀ ਵਿੱਚ ਡਿਜ਼ੀਟਲ ਲੋਕਤੰਤਰ ਦੀ ਰੱਖਿਆ ਲਈ ਨਵੇਂ ਨਿਯਮਾਂ ਦੀ ਲਾਜ਼ਮੀਅਤ ਸਖ਼ਤ ਦੀ ਲੋੜ ਹੋਰ ਵੱਧ ਗਈ ਹੈ। ਇਹੀ ਅੱਜ ਦਾ ਡਿਜ਼ੀਟਲ ਮੀਡੀਆ ਦਾ ਸੱਚ ਹੈ। ਡਿਜ਼ੀਟਲ ਇਨਕਲਾਬ ਨੇ ਮਨੁੱਖੀ ਸੱਭਿਆਚਾਰ ਨੂੰ ਇੱਕ ਅਜਿਹੇ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ, ਜਿੱਥੇ ਜਾਣਕਾਰੀ ਸਿਰਫ਼ ਤਾਕਤ ਨਹੀਂ ਰਹੀ, ਸਗੋਂ ਉਹ ਸੱਚ ਅਤੇ ਝੂਠ ਦੇ ਵਿਚਕਾਰ ਦੀ ਹੱਦ ਨੂੰ ਵੀ ਨਿਰਧਾਰਤ ਕਰ ਰਹੀ ਹੈ।

ਅੱਜ Artificial Intelligence (19) ਦੇ ਵਿਕਾਸ ਨੇ ਮਨੁੱਖੀ ਬੁੱਧੀ ਦੀ ਤਕਨੀਕੀ ਨਕਲ ਨੂੰ ਸੰਭਵ ਬਣਾਇਆ ਹੈ, ਪਰ ਇਸ ਦੇ ਨਾਲ ਹੀ ਇਹ ਤਕਨਾਲੋਜੀ ਇੱਕ ਗੰਭੀਰ ਨੈਤਿਕ, ਸਮਾਜਕ ਅਤੇ ਰਾਜਨੀਤਿਕ ਸੰਕਟ ਨੂੰ ਵੀ ਜਨਮ ਦੇ ਰਹੀ ਹੈ। ਇਸ ਪ੍ਰਸੰਗ ਵਿੱਚ 20 ਫਰਵਰੀ 2026 ਨੂੰ Ministry of Electronics and Information Technology ਵੱਲੋਂ ਲਾਗੂ ਕੀਤੇ ਗਏ ਸੋਧੇ ਹੋਏ ਨਿਯਮ ਸਿਰਫ਼ ਇੱਕ ਪ੍ਰਸ਼ਾਸਨਿਕ ਕਦਮ ਨਹੀਂ ਹਨ, ਸਗੋਂ ਇਹ ਡਿਜ਼ੀਟਲ ਲੋਕਤੰਤਰ ਦੀ ਰੱਖਿਆ ਲਈ ਇੱਕ ਇਤਿਹਾਸਕ ਹਸਤਖੇਪ ਹਨ। ਹੁਣ ਇਹ ਨਿਯਮ ਸੂਚਨਾ ਤਕਨਾਲੋਜੀ (ਡਿਜ਼ੀਟਲ ਮੀਡੀਆ ਨੈਤਿਕਤਾ ਕੋਡ) ਨਿਯਮਾਂ, 2021 ਵਿੱਚ ਕੀਤੀਆਂ ਸੋਧਾਂ ਦਾ ਹਿੱਸਾ ਹਨ ਅਤੇ ਇਹ Synthetic Generated Information (SGI), ਜਾਂ ਸਿੰਥੈਟਿਕ ਤੌਰ 'ਤੇ ਬਣਾਈ ਗਈ ਸਮੱਗਰੀ, ਨੂੰ ਨਿਯਮਿਤ ਕਰਨ ਲਈ ਤਿਆਰ ਕੀਤੇ ਗਏ ਹਨ। ਇਹ ਸਮੱਗਰੀ ਉਹ ਹੈ ਜੋ Artificial Intelligence ਜਾਂ ਹੋਰ ਡਿਜ਼ੀਟਲ ਸਾਧਨਾਂ ਦੁਆਰਾ ਬਣਾਈ ਜਾਂ ਸੋਧੀ ਜਾਂਦੀ ਹੈ ਅਤੇ ਜੋ ਅਸਲੀ ਮਨੁੱਖ, ਘਟਨਾ ਜਾਂ ਸਥਾਨ ਦੀ ਭਰਮਾਤਮਕ ਤਸਵੀਰ ਪੇਸ਼ ਕਰ ਸਕਦੀ ਹੈ। ਇਹ ਤਕਨਾਲੋਜੀ ਇੱਕ ਪਾਸੇ ਰਚਨਾਤਮਕਤਾ ਦੀਆਂ ਨਵੀਆਂ ਸੰਭਾਵਨਾਵਾਂ ਖੋਲ੍ਹਦੀ ਹੈ, ਪਰ ਦੂਜੇ ਪਾਸੇ ਇਹ ਸੱਚ ਦੇ ਅਸਤੀਤਵ ਲਈ ਇੱਕ ਗੰਭੀਰ ਖ਼ਤਰਾ ਬਣ ਚੁੱਕੀ ਹੈ।

ਨਵੀਂ ਦਿੱਲੀ ਦੇ Bharat Mandapam ਵਿੱਚ ਹੋਏ ਇੱਕ ਮਹੱਤਵਪੂਰਨ ਸੰਮੇਲਨ ਦੌਰਾਨ, ਪ੍ਰਧਾਨ ਮੰਤਰੀ Narendra Modi ਨੇ ਖੁੱਲ੍ਹ ਕੇ ਇਸ ਗੱਲ ਨੂੰ ਸਵੀਕਾਰਿਆ ਕਿ ਡੀਪਫੇਕ ਅਤੇ 19 ਦੁਆਰਾ ਬਣਾਈ ਗਈ ਸਮੱਗਰੀ ਸਮਾਜ ਲਈ ਇੱਕ ਗੰਭੀਰ ਖ਼ਤਰਾ ਬਣ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਤਕਨਾਲੋਜੀ ਸਿਰਫ਼ ਮਨੋਰੰਜਨ ਜਾਂ ਰਚਨਾਤਮਕਤਾ ਤੱਕ ਸੀਮਿਤ ਨਹੀਂ ਰਹੀ, ਸਗੋਂ ਇਹ ਲੋਕਤੰਤਰ, ਸਮਾਜਕ ਸਥਿਰਤਾ ਅਤੇ ਵਿਅਕਤੀਗਤ ਮਰਿਆਦਾ ਲਈ ਇੱਕ ਵੱਡੀ ਚੁਣੌਤੀ ਬਣ ਚੁੱਕੀ ਹੈ। ਇਹ ਬਿਆਨ ਆਪਣੇ ਆਪ ਵਿੱਚ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ਰਾਜ ਹੁਣ 19 ਨੂੰ ਸਿਰਫ਼ ਤਕਨੀਕੀ ਨਵੀਨਤਾ ਦੇ ਤੌਰ 'ਤੇ ਨਹੀਂ, ਸਗੋਂ ਇੱਕ ਨਿਯੰਤਰਿਤ ਕੀਤੇ ਜਾਣ ਵਾਲੇ ਸਮਾਜਕ ਤੱਤ ਦੇ ਤੌਰ 'ਤੇ ਵੇਖ ਰਿਹਾ ਹੈ।

ਅੱਜ ਇਹ ਨਿਯਮ ਇੱਕ ਅਜਿਹੇ ਸਮੇਂ ਵਿੱਚ ਲਾਗੂ ਕੀਤੇ ਗਏ ਹਨ, ਜਦੋਂ ਡਿਜ਼ੀਟਲ ਦੁਨੀਆਂ ਵਿੱਚ ਸੱਚ ਅਤੇ ਝੂਠ ਦੇ ਵਿਚਕਾਰ ਦੀ ਲਕੀਰ ਲੱਗਭੱਗ ਮਿਟ ਚੁੱਕੀ ਹੈ। Deepfake ਤਕਨਾਲੋਜੀ ਹੁਣ ਇਤਨੀ ਅੱਗੇ ਵੱਧ ਚੁੱਕੀ ਹੈ ਕਿ ਇਹ ਕਿਸੇ ਵੀ ਵਿਅਕਤੀ ਦੀ ਆਵਾਜ਼, ਚਿਹਰੇ ਅਤੇ ਹਾਵਭਾਵ ਦੀ ਬਿਲਕੁੱਲ ਅਸਲੀ ਨਕਲ ਕਰ ਸਕਦੀ ਹੈ। ਇਹ ਤਕਨਾਲੋਜੀ ਸਿਰਫ਼ ਫਿਲਮਾਂ ਜਾਂ ਮਨੋਰੰਜਨ ਤੱਕ ਸੀਮਿਤ ਨਹੀਂ ਰਹੀ, ਸਗੋਂ ਇਹ ਰਾਜਨੀਤਿਕ ਪ੍ਰਚਾਰ, ਧੋਖਾਧੜੀ, ਬਦਨਾਮੀ ਅਤੇ ਸਮਾਜਕ ਅਸ਼ਾਂਤੀ ਦਾ ਇੱਕ ਹਥਿਆਰ ਬਣ ਚੁੱਕੀ ਹੈ। ਇਹ ਹਕੀਕਤ ਹੈ ਕਿ ਹੁਣ ਇੱਕ ਆਮ ਨਾਗਰਿਕ ਲਈ ਇਹ ਪਛਾਣਨਾ ਲਗਭਗ ਅਸੰਭਵ ਹੋ ਗਿਆ ਹੈ ਕਿ ਜੋ ਵੀਡੀਓ ਜਾਂ ਆਡੀਓ ਉਹ ਦੇਖ ਜਾਂ ਸੁਣ ਰਿਹਾ ਹੈ, ਉਹ ਅਸਲੀ ਹੈ ਜਾਂ Artificial Intelligence ਦੁਆਰਾ ਬਣਾਈ ਗਈ ਹੈ।

ਇਸ ਪ੍ਰਸੰਗ ਵਿੱਚ ਨਵੇਂ ਨਿਯਮਾਂ ਦਾ ਸਭ ਤੋਂ ਮਹੱਤਵਪੂਰਨ ਤੱਤ ਇਹ ਹੈ ਕਿ ਹੁਣ 19 ਦੁਆਰਾ ਬਣਾਈ ਗਈ ਹਰ ਸਮੱਗਰੀ ਨੂੰ ਸਪੱਸ਼ਟ ਤੌਰ 'ਤੇ ਲੇਬਲ ਕਰਨਾ ਲਾਜ਼ਮੀ ਹੋਵੇਗਾ। ਇਹ ਲੇਬਲਿੰਗ ਸਿਰਫ਼ ਇੱਕ ਤਕਨੀਕੀ ਪ੍ਰਕਿਰਿਆ ਨਹੀਂ ਹੈ, ਸਗੋਂ ਇਹ ਇੱਕ ਨੈਤਿਕ ਘੋਸ਼ਣਾ ਹੈ ਕਿ ਸੱਚ ਅਤੇ ਝੂਠ ਦੇ ਵਿਚਕਾਰ ਇੱਕ ਸਪੱਸ਼ਟ ਹੱਦ ਬਣਾਈ ਰੱਖਣੀ ਜ਼ਰੂਰੀ ਹੈ। ਇਸ ਦਾ ਮਤਲਬ ਇਹ ਹੈ ਕਿ ਹੁਣ ਕੋਈ ਵੀ ਵਿਅਕਤੀ ਜਾਂ ਸੰਸਥਾ 19 ਦੁਆਰਾ ਬਣਾਈ ਗਈ ਸਮੱਗਰੀ ਨੂੰ ਅਸਲੀ ਸਮੱਗਰੀ ਵਜੋਂ ਪੇਸ਼ ਨਹੀਂ ਕਰ ਸਕੇਗੀ। ਇਹ ਨਿਯਮ ਸਿਰਫ਼ ਨਾਗਰਿਕਾਂ ਦੀ ਸੁਰੱਖਿਆ ਲਈ ਨਹੀਂ ਹਨ, ਸਗੋਂ ਇਹ ਸਮਾਜਕ ਭਰੋਸੇ ਦੀ ਰੱਖਿਆ ਲਈ ਵੀ ਹਨ।

ਇਹ ਨਿਯਮ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਜ਼ਿੰਮੇਵਾਰੀ ਨੂੰ ਵੀ ਨਵੀਂ ਤਰ੍ਹਾਂ ਪਰਿਭਾਸ਼ਿਤ ਕਰਦੇ ਹਨ। ਪਿਛਲੇ ਕੁਝ ਸਾਲਾਂ ਵਿੱਚ ਸੋਸ਼ਲ ਮੀਡੀਆ ਕੰਪਨੀਆਂ ਨੇ ਆਪਣੇ ਆਪ ਨੂੰ ਸਿਰਫ਼ ਇੱਕ ਤਕਨੀਕੀ ਮੰਚ ਦੇ ਤੌਰ 'ਤੇ ਪੇਸ਼ ਕੀਤਾ ਸੀ, ਜੋ ਸਮੱਗਰੀ ਲਈ ਜ਼ਿੰਮੇਵਾਰ ਨਹੀਂ ਹਨ। ਪਰ ਹੁਣ ਰਾਜ ਨੇ ਸਪਸ਼ਟ ਕਰ ਦਿੱਤਾ ਹੈ ਕਿ ਇਹ ਪਲੇਟਫਾਰਮ ਸਿਰਫ਼ ਨਿਰਪੱਖ ਨਹੀਂ ਹਨ, ਸਗੋਂ ਇਹ ਸਮਾਜਕ ਢਾਂਚੇ ਦਾ ਇੱਕ ਅਹਿਮ ਹਿੱਸਾ ਹਨ ਅਤੇ ਇਹਨਾਂ ਦੀ ਸਮਾਜਕ ਜ਼ਿੰਮੇਵਾਰੀ ਹੈ। ਹੁਣ ਇਹ ਪਲੇਟਫਾਰਮਾਂ ਨੂੰ 19 ਸਮੱਗਰੀ ਦੀ ਪਛਾਣ ਕਰਨ ਲਈ ਤਕਨੀਕੀ ਪ੍ਰਣਾਲੀਆਂ ਵਿਕਸਤ ਕਰਨੀ ਪੈਣਗੀਆਂ ਅਤੇ ਜੇਕਰ ਕੋਈ ਗਲਤ ਜਾਂ ਗੁੰਮਰਾਹਕੁੰਨ ਸਮੱਗਰੀ ਪਾਈ ਜਾਂਦੀ ਹੈ, ਤਾਂ ਉਸ ਨੂੰ ਤੁਰੰਤ ਹਟਾਉਣਾ ਪਵੇਗਾ।

ਇਹ ਨਿਯਮ ਇਹ ਵੀ ਦਰਸਾਉਂਦੇ ਹਨ ਕਿ ਰਾਜ ਹੁਣ ਡਿਜ਼ੀਟਲ ਖੇਤਰ ਵਿੱਚ ਇੱਕ ਸਰਗਰਮ ਭੂਮਿਕਾ ਨਿਭਾਉਣ ਲਈ ਤਿਆਰ ਹੈ। ਪਿਛਲੇ ਦਹਾਕੇ ਵਿੱਚ, ਡਿਜ਼ੀਟਲ ਦੁਨੀਆਂ ਨੂੰ ਇੱਕ ਅਜਿਹੇ ਖੇਤਰ ਵਜੋਂ ਵੇਖਿਆ ਜਾਂਦਾ ਸੀ ਜਿੱਥੇ ਰਾਜ ਦੀ ਦਖ਼ਲਅੰਦਾਜ਼ੀ ਘੱਟ ਸੀ। ਪਰ ਹੁਣ ਇਹ ਸਪੱਸ਼ਟ ਹੋ ਗਿਆ ਹੈ ਕਿ ਡਿਜ਼ੀਟਲ ਖੇਤਰ ਸਿਰਫ਼ ਇੱਕ ਤਕਨੀਕੀ ਖੇਤਰ ਨਹੀਂ ਹੈ, ਸਗੋਂ ਇਹ ਇੱਕ ਸਮਾਜਕ ਅਤੇ ਰਾਜਨੀਤਿਕ ਖੇਤਰ ਵੀ ਹੈ। ਇਸ ਲਈ ਇਸ ਨੂੰ ਨਿਯਮਿਤ ਕਰਨਾ ਰਾਜ ਦੀ ਜ਼ਿੰਮੇਵਾਰੀ ਹੈ।

ਅੱਜ ਇਹ ਨਿਯਮ ਖਾਸ ਤੌਰ 'ਤੇ ਬੱਚਿਆਂ ਦੀ ਸੁਰੱਖਿਆ ਲਈ ਵੀ ਮਹੱਤਵਪੂਰਨ ਹਨ। Artificial Intelligence ਦੀ ਵਰਤੋਂ ਕਰਕੇ ਬੱਚਿਆਂ ਦੀਆਂ ਜਾਲਸਾਜ਼ੀ ਵਾਲੀਆਂ ਤਸਵੀਰਾਂ ਅਤੇ ਵੀਡੀਓ ਬਣਾਉਣ ਦੇ ਮਾਮਲੇ ਵੱਧ ਰਹੇ ਹਨ। ਇਹ ਸਿਰਫ਼ ਇੱਕ ਤਕਨੀਕੀ ਸਮੱਸਿਆ ਨਹੀਂ ਹੈ, ਸਗੋਂ ਇਹ ਇੱਕ ਗੰਭੀਰ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੈ। ਨਵੇਂ ਨਿਯਮਾਂ ਨੇ ਇਸ ਤਰ੍ਹਾਂ ਦੀ ਸਮੱਗਰੀ ਨੂੰ ਪੂਰੀ ਤਰ੍ਹਾਂ ਗੈਰਕਾਨੂੰਨੀ ਘੋਸ਼ਿਤ ਕੀਤਾ ਹੈ ਅਤੇ ਇਸ ਦੇ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕੀਤਾ ਹੈ। ਇਹ ਇੱਕ ਜ਼ਰੂਰੀ ਕਦਮ ਹੈ ਜੋ ਸਮਾਜ ਦੇ ਸਭ ਤੋਂ ਕਮਜ਼ੋਰ ਵਰਗ ਦੀ ਸੁਰੱਖਿਆ ਲਈ ਲਿਆ ਗਿਆ ਹੈ।

ਇਹ ਨਿਯਮ ਲੋਕਤੰਤਰ ਦੀ ਰੱਖਿਆ ਲਈ ਵੀ ਮਹੱਤਵਪੂਰਨ ਹਨ। ਲੋਕਤੰਤਰ ਸਿਰਫ਼ ਚੋਣਾਂ ਦੀ ਪ੍ਰਕਿਰਿਆ ਨਹੀਂ ਹੈ, ਸਗੋਂ ਇਹ ਜਾਣਕਾਰੀ ਅਤੇ ਭਰੋਸੇ ਤੇ ਆਧਾਰਿਤ ਇੱਕ ਪ੍ਰਣਾਲੀ ਹੈ। ਜੇਕਰ ਜਾਣਕਾਰੀ ਹੀ ਝੂਠੀ ਹੋਵੇ, ਤਾਂ ਲੋਕਤੰਤਰ ਦੀ ਨੀਂਹ ਹੀ ਹਿੱਲ ਜਾਂਦੀ ਹੈ। Artificial Intelligence ਦੁਆਰਾ ਬਣਾਈ ਗਈ ਜਾਲਸਾਜ਼ੀ ਵਾਲੀ ਸਮੱਗਰੀ ਚੋਣਾਂ ਨੂੰ ਪ੍ਰਭਾਵਿਤ ਕਰ ਸਕਦੀ ਹੈ ਅਤੇ ਲੋਕਾਂ ਦੇ ਫ਼ੈਸਲਿਆਂ ਨੂੰ ਗੁੰਮਰਾਹ ਕਰ ਸਕਦੀ ਹੈ। ਇਸ ਲਈ ਇਹ ਨਿਯਮ ਲੋਕਤੰਤਰ ਦੀ ਸੁਰੱਖਿਆ ਲਈ ਇੱਕ ਜ਼ਰੂਰੀ ਕਦਮ ਹਨ।

ਪਰ ਇਸ ਦੇ ਨਾਲ ਹੀ ਇਹ ਸਵਾਲ ਵੀ ਉੱਠਦਾ ਹੈ ਕਿ ਕੀ ਇਹ ਨਿਯਮ ਅਭਿਵਿਆਕਤੀ ਦੀ ਆਜ਼ਾਦੀ 'ਤੇ ਪ੍ਰਭਾਵ ਪਾਉਣਗੇ। Supreme Court of India ਨੇ ਕਈ ਵਾਰ ਕਿਹਾ ਹੈ ਕਿ ਅਭਿਵਿਆਕਤੀ ਦੀ ਆਜ਼ਾਦੀ ਇੱਕ ਮੂਲ ਅਧਿਕਾਰ ਹੈ। ਇਸ ਲਈ ਇਹ ਜ਼ਰੂਰੀ ਹੈ ਕਿ ਇਹ ਨਿਯਮ ਇਸ ਅਧਿਕਾਰ ਦਾ ਸਤਿਕਾਰ ਕਰਨ। ਇਹ ਇੱਕ ਸੰਤੁਲਨ ਬਣਾਉਣ ਦੀ ਲੋੜ ਹੈ, ਜਿੱਥੇ ਸਮਾਜਕ ਸੁਰੱਖਿਆ ਅਤੇ ਵਿਅਕਤੀਗਤ ਆਜ਼ਾਦੀ ਦੋਵੇਂ ਦੀ ਰੱਖਿਆ ਕੀਤੀ ਜਾ ਸਕੇ।

ਇਹ ਨਿਯਮ ਤਕਨਾਲੋਜੀ ਕੰਪਨੀਆਂ ਲਈ ਵੀ ਇੱਕ ਵੱਡੀ ਚੁਣੌਤੀ ਹਨ। ਹੁਣ ਉਹਨਾਂ ਨੂੰ ਨਵੀਆਂ ਤਕਨੀਕੀ ਪ੍ਰਣਾਲੀਆਂ ਵਿਕਸਤ ਕਰਨੀ ਪੈਣਗੀਆਂ ਅਤੇ ਇਹ ਯਕੀਨੀ ਬਣਾਉਣਾ ਪਵੇਗਾ ਕਿ ਉਹ ਨਿਯਮਾਂ ਦੀ ਪਾਲਣਾ ਕਰ ਰਹੀਆਂ ਹਨ। ਇਹ ਇੱਕ ਆਰਥਿਕ ਚੁਣੌਤੀ ਵੀ ਹੈ, ਪਰ ਇਹ ਇੱਕ ਨੈਤਿਕ ਜ਼ਿੰਮੇਵਾਰੀ ਵੀ ਹੈ।

ਇਹ ਵੀ ਸੱਚ ਹੈ ਕਿ Artificial Intelligence ਮਨੁੱਖਤਾ ਲਈ ਇੱਕ ਵੱਡਾ ਮੌਕਾ ਵੀ ਹੈ। ਇਹ ਸਿੱਖਿਆ, ਸਿਹਤ, ਵਿਗਿਆਨ ਅਤੇ ਰਚਨਾਤਮਕਤਾ ਵਿੱਚ ਨਵੀਆਂ ਸੰਭਾਵਨਾਵਾਂ ਖੋਲ੍ਹ ਸਕਦੀ ਹੈ। ਪਰ ਇਸ ਦੇ ਨਾਲ ਹੀ ਇਹ ਜ਼ਰੂਰੀ ਹੈ ਕਿ ਇਸ ਤਕਨਾਲੋਜੀ ਦੀ ਵਰਤੋਂ ਜ਼ਿੰਮੇਵਾਰੀ ਨਾਲ ਕੀਤੀ ਜਾਵੇ। ਨਵੇਂ ਨਿਯਮ ਇਸ ਗੱਲ ਨੂੰ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੇ ਹਨ ਕਿ Artificial Intelligence ਮਨੁੱਖਤਾ ਦੀ ਸੇਵਾ ਕਰੇ, ਨਾ ਕਿ ਉਸ ਨੂੰ ਨੁਕਸਾਨ ਪਹੁੰਚਾਏ। ਅੱਜ ਮਨੁੱਖਤਾ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਤਕਨਾਲੋਜੀ ਦੀ ਤਾਕਤ ਬੇਅੰਤ ਹੈ। ਪਰ ਇਸ ਦੇ ਨਾਲ ਹੀ ਇਹ ਜ਼ਰੂਰੀ ਹੈ ਕਿ ਇਸ ਤਾਕਤ ਨੂੰ ਨਿਯਮਿਤ ਕੀਤਾ ਜਾਵੇ। ਨਵੇਂ ਨਿਯਮ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਰਾਜ ਇਸ ਜ਼ਿੰਮੇਵਾਰੀ ਨੂੰ ਸਮਝਦਾ ਹੈ ਅਤੇ ਇਸ ਨੂੰ ਨਿਭਾਉਣ ਲਈ ਤਿਆਰ ਹੈ। ਇਹ ਨਿਯਮ ਸਿਰਫ਼ ਇੱਕ ਕਾਨੂੰਨੀ ਦਸਤਾਵੇਜ਼ ਨਹੀਂ ਹਨ, ਸਗੋਂ ਇਹ ਡਿਜ਼ੀਟਲ ਯੁੱਗ ਦੇ ਨੈਤਿਕ ਸੰਵਿਧਾਨ ਹਨ। ਇਹ ਸੱਚ, ਲੋਕਤੰਤਰ ਅਤੇ ਮਨੁੱਖੀ ਮਰਿਆਦਾ ਦੀ ਰੱਖਿਆ ਲਈ ਇੱਕ ਜ਼ਰੂਰੀ ਕਦਮ ਹਨ। ਭਵਿੱਖ ਵਿੱਚ, Artificial Intelligence ਮਨੁੱਖਤਾ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗੀ, ਪਰ ਇਹ ਜ਼ਰੂਰੀ ਹੈ ਕਿ ਇਸ ਦੀ ਵਰਤੋਂ ਜ਼ਿੰਮੇਵਾਰੀ ਨਾਲ ਕੀਤੀ ਜਾਵੇ।

ਇਸ ਲਈ, ਇਹ ਨਿਯਮ ਸਿਰਫ਼ ਇੱਕ ਪ੍ਰਸ਼ਾਸਨਿਕ ਕਦਮ ਨਹੀਂ ਹਨ, ਸਗੋਂ ਇਹ ਇੱਕ ਨੈਤਿਕ ਅਤੇ ਸਮਾਜਕ ਘੋਸ਼ਣਾ ਹਨ ਕਿ ਸੱਚ ਦੀ ਰੱਖਿਆ ਕਰਨਾ ਅਜੇ ਵੀ ਮਨੁੱਖਤਾ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਇਹ ਹੀ ਸਮੇਂ ਦਾ ਸੱਚ ਹੈ।

# ਰੁਪਏ 6.78 ਵਿੱਚ ਇੱਕ ਪਲੇਟ: ਕੀ ਦੇਸ਼ ਦਾ ਭਵਿੱਖ ਇੰਨਾ ਸਸਤਾ ਹੈ?



ਡਾ. ਸਤਿਆਵਾਨ ਸੌਰਭ,
ਮੋ. 9466526148

ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਲੱਖਾਂ ਬੱਚਿਆਂ ਲਈ ਮਿਡ-ਡੇਅ ਮੀਲ ਸਕੀਮ ਦਾ ਪ੍ਰਤੀ ਵਿਦਿਆਰਥੀ ਪ੍ਰਤੀ ਦਿਨ ਖਾਣਾ ਪਕਾਉਣ ਲਈ ਸਿਰਫ਼ 6.78 (ਪ੍ਰਾਇਮਰੀ) ਅਤੇ ₹10.17 (ਉੱਚ ਪ੍ਰਾਇਮਰੀ) ਖਰਚ ਆਉਂਦਾ ਹੈ - ਕੀ ਇਹ ਪੋਸ਼ਣ ਅਤੇ ਸਨਮਾਨ ਦੋਵੇਂ ਪ੍ਰਦਾਨ ਕਰਦਾ ਹੈ? ਭਾਰਤ ਵਿੱਚ, ਸਿੱਖਿਆ ਨੂੰ ਰਾਸ਼ਟਰ ਨਿਰਮਾਣ ਦੀ ਸਭ ਤੋਂ ਮਜ਼ਬੂਤ ਨੀਂਹ ਮੰਨਿਆ ਜਾਂਦਾ ਹੈ। ਇਹ ਵਾਰ-ਵਾਰ ਕਿਹਾ ਜਾਂਦਾ ਹੈ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੇ ਵਿਕਾਸ ਵਿੱਚ ਨਿਵੇਸ਼ ਕਰਨਾ ਹੀ ਸੱਚਾ ਵਿਕਾਸ ਹੈ। ਪਰ ਜਦੋਂ ਅਸੀਂ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਲੱਖਾਂ ਬੱਚਿਆਂ ਲਈ ਪ੍ਰਤੀ ਵਿਦਿਆਰਥੀ ਪ੍ਰਤੀ ਦਿਨ ਸਿਰਫ਼ ₹6.78 (ਪ੍ਰਾਇਮਰੀ) ਅਤੇ ₹10.17 (ਉੱਚ ਪ੍ਰਾਇਮਰੀ) ਦੀ ਖਾਣਾ ਪਕਾਉਣ ਦੀ ਲਾਗਤ 'ਤੇ ਵਿਚਾਰ ਕਰਦੇ ਹਾਂ ਤਾਂ ਇਹ ਆਦਰਸ਼ਵਾਦ ਕਠੋਰ ਹਕੀਕਤ ਨਾਲ ਟਕਰਾਉਂਦਾ ਜਾਪਦਾ ਹੈ।

ਕੁਦਰਤੀ ਤੌਰ 'ਤੇ ਸਵਾਲ ਉੱਠਦਾ ਹੈ - ਕੀ ਅਸੀਂ ਸੱਚਮੁੱਚ ਇੰਨੇ ਪੈਸੇ ਨਾਲ ਬੱਚਿਆਂ ਨੂੰ ਪੌਸ਼ਟਿਕ, ਢੁਕਵਾਂ ਅਤੇ ਸਤਿਕਾਰਯੋਗ ਭੋਜਨ ਪ੍ਰਦਾਨ ਕਰ ਸਕਦੇ ਹਾਂ, ਜਾਂ ਅਸੀਂ ਅਣਜਾਣੇ ਵਿੱਚ ਬੱਚਿਆਂ ਦੇ ਭਵਿੱਖ ਨਾਲ ਸਮੂਹਿਕ ਮਜ਼ਾਕ ਕਰ ਰਹੇ ਹਾਂ?

ਮਿਡ ਡੇ ਮੀਲ ਸਕੀਮ ਭਾਰਤ ਦੇ ਸਭ ਤੋਂ ਮਹੱਤਵਾਕਾਂਖੀ ਅਤੇ ਪ੍ਰਭਾਵਸ਼ਾਲੀ ਸਮਾਜਿਕ ਪ੍ਰੋਗਰਾਮਾਂ ਵਿੱਚੋਂ ਇੱਕ ਰਹੀ ਹੈ। ਇਸਦਾ ਉਦੇਸ਼ ਨਾ ਸਿਰਫ਼ ਬੱਚਿਆਂ ਦੀ ਭੁੱਖਮਰੀ ਨੂੰ ਦੂਰ ਕਰਨਾ ਸੀ, ਸਗੋਂ ਕੁਪੋਸ਼ਣ ਦਾ ਮੁਕਾਬਲਾ ਕਰਨਾ, ਸਕੂਲ ਵਿੱਚ ਹਾਜ਼ਰੀ ਵਧਾਉਣਾ ਅਤੇ ਸਮਾਜਿਕ ਸਮਾਨਤਾ ਨੂੰ ਉਤਸ਼ਾਹਿਤ ਕਰਨਾ ਵੀ ਸੀ। ਬੱਚਿਆਂ ਲਈ ਖਾਸ ਕਰਕੇ ਗਰੀਬ, ਦਲਿਤ, ਆਦਿਵਾਸੀ ਅਤੇ ਹਾਸ਼ੀਏ 'ਤੇ ਪਏ ਪਿਛੋਕੜ ਵਾਲੇ ਬੱਚਿਆਂ ਲਈ, ਇਹ ਸਕੀਮ ਅਕਸਰ ਦਿਨ ਦੇ ਇੱਕੋ ਇੱਕ ਗਾਰੰਟੀਸ਼ੁਦਾ ਭੋਜਨ ਵਜੋਂ ਕੰਮ ਕਰਦੀ ਹੈ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਇਸ ਸਕੀਮ ਦੀ ਕੀਮਤ ਯਥਾਰਥਵਾਦੀ, ਸੰਵੇਦਨਸ਼ੀਲ ਅਤੇ ਮਨੁੱਖੀ ਹੋਵੇ। ਅੱਜ ਦਾ ਆਰਥਿਕ ਦ੍ਰਿਸ਼ ਕੋਈ ਲੁਕਿਆ ਹੋਇਆ ਨਹੀਂ ਹੈ। ਮਹਿੰਗਾਈ ਲਗਾਤਾਰ ਵੱਧ ਰਹੀ ਹੈ। ਸਬਜ਼ੀਆਂ ਦੀਆਂ ਕੀਮਤਾਂ ਰੋਜ਼ਾਨਾ ਉਤਰਾਅ-ਚੜ੍ਹਾਅ ਕਰਦੀਆਂ ਹਨ, ਦਾਲਾਂ ਅਤੇ ਤੇਲ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੁੰਦੇ ਜਾ ਰਹੇ ਹਨ, ਗੈਸ ਸਿਲੰਡਰਾਂ ਦੀ ਕੀਮਤ ਹਰ ਘਰ ਨੂੰ ਪਰੇਸ਼ਾਨ ਕਰ ਰਹੀ ਹੈ ਅਤੇ ਦੁੱਧ ਵਰਗੀਆਂ ਬੁਨਿਆਦੀ ਪੌਸ਼ਟਿਕ ਚੀਜ਼ਾਂ ਵੀ ਲਗਾਤਾਰ ਮਹਿੰਗੀਆਂ ਹੁੰਦੀਆਂ ਜਾ ਰਹੀਆਂ ਹਨ। ਅਜਿਹੀ ਸਥਿਤੀ ਵਿੱਚ ਇਹ ਧਾਰਨਾ ਕਿ ਬੱਚੇ ਲਈ ਸੰਤੁਲਿਤ ਅਤੇ ਗੁਣਵੱਤਾ ਵਾਲਾ ਭੋਜਨ ਸਿਰਫ਼ ਕੁਝ ਰੁਪਏ ਵਿੱਚ ਤਿਆਰ ਕੀਤਾ ਜਾ ਸਕਦਾ ਹੈ, ਜ਼ਮੀਨੀ ਹਕੀਕਤ ਤੋਂ ਬਹੁਤ ਦੂਰ ਜਾਪਦਾ ਹੈ।

ਸਰਕਾਰੀ ਆਦੇਸ਼ਾਂ ਅਤੇ ਦਿਸ਼ਾ-ਨਿਰਦੇਸ਼ਾਂ ਵਿੱਚ ਦਰਸਾਏ ਗਏ ਖਾਣਾ ਪਕਾਉਣ ਦੇ ਖਰਚਿਆਂ ਦਾ ਵੰਡ ਕਾਗਜ਼ 'ਤੇ ਸੰਤੁਲਿਤ ਜਾਪ ਸਕਦਾ ਹੈ, ਪਰ ਅਮਲ ਵਿੱਚ, ਇਹ ਇੱਕ ਲਗਭਗ ਅਸੰਭਵ ਚੁਣੌਤੀ ਬਣ ਜਾਂਦੀ ਹੈ। ਜਦੋਂ ਤੁਸੀਂ ਸਬਜ਼ੀਆਂ, ਦਾਲਾਂ, ਦੁੱਧ, ਮਸਾਲੇ, ਤੇਲ, ਗੈਸ ਅਤੇ ਹੋਰ ਜ਼ਰੂਰੀ ਚੀਜ਼ਾਂ ਦੀਆਂ ਕੀਮਤਾਂ ਜੋੜਦੇ ਹੋ, ਤਾਂ ਸਹਿਮਤੀ ਵਾਲੀ ਰਕਮ ਅਕਸਰ ਪਹਿਲੇ ਦਿਨ ਹੀ ਖਤਮ ਹੋ ਜਾਂਦੀ ਹੈ। ਨਤੀਜੇ ਵਜੋਂ ਸਕੂਲਾਂ ਨੂੰ ਭੋਜਨ ਦੀ ਗੁਣਵੱਤਾ ਜਾਂ ਮਾਤਰਾ - ਅਤੇ ਕਈ ਵਾਰ ਦੋਵਾਂ 'ਤੇ ਸਮਝੌਤਾ ਕਰਨਾ ਪੈਂਦਾ ਹੈ। ਬੱਚਿਆਂ ਨੂੰ ਇਸਦਾ ਸਭ ਤੋਂ ਵੱਧ ਨੁਕਸਾਨ ਹੁੰਦਾ ਹੈ। ਵਿਭਿੰਨਤਾ ਦੀ ਘਾਟ, ਪੋਸ਼ਣ ਸਬੰਧੀ ਕਮੀਆਂ ਅਤੇ ਭੋਜਨ ਵਿੱਚ ਸਵਾਦਹੀਣਤਾ ਵੀ ਬੱਚਿਆਂ ਦੀ ਭੁੱਖ ਨੂੰ ਪ੍ਰਭਾਵਿਤ ਕਰਦੀ ਹੈ। ਬਹੁਤ ਸਾਰੇ ਬੱਚੇ ਆਪਣਾ ਖਾਣਾ ਪੂਰਾ ਨਹੀਂ ਕਰਦੇ, ਕੁਝ ਸਕੂਲ ਵਿੱਚ ਘੱਟ ਹਾਜ਼ਰੀ ਦਾ ਅਨੁਭਵ ਕਰਦੇ ਹਨ ਅਤੇ ਕੁਝ ਹੌਲੀ-ਹੌਲੀ ਆਪਣੀ ਪੜ੍ਹਾਈ ਤੋਂ ਦੂਰ ਹੋ ਜਾਂਦੇ ਹਨ। ਇਹ ਪ੍ਰਭਾਵ ਅੰਕੜਿਆਂ ਵਿੱਚ ਤੁਰੰਤ ਦਿਖਾਈ ਨਹੀਂ ਦਿੰਦਾ, ਪਰ ਲੰਬੇ ਸਮੇਂ ਵਿੱਚ ਇਹ ਬੱਚਿਆਂ ਦੀ ਸਿੱਖਿਆ, ਸਿਹਤ ਅਤੇ ਆਤਮ-ਵਿਸ਼ਵਾਸ 'ਤੇ ਡੂੰਘਾ ਪ੍ਰਭਾਵ ਪਾਉਂਦਾ ਹੈ।

ਇਸ ਪੂਰੀ ਪ੍ਰਣਾਲੀ ਦਾ ਇੱਕ ਹੋਰ ਅਕਸਰ ਅਣਦੇਖਾ ਕੀਤਾ ਜਾਣ ਵਾਲਾ ਪਹਿਲੂ ਰਸੋਈਏ ਅਤੇ ਸਕੂਲ ਸਟਾਫ ਹੈ। ਥੋੜ੍ਹੀਆਂ ਜਿਹੀਆਂ ਤਨਖਾਹਾਂ 'ਤੇ ਕੰਮ ਕਰਨ ਵਾਲੇ ਰਸੋਈਏ ਤੋਂ ਹਰ ਰੋਜ਼ ਸੈਂਕੜੇ ਬੱਚਿਆਂ ਲਈ ਵਧੀਆ ਭੋਜਨ ਤਿਆਰ ਕਰਨ ਦੀ ਉਮੀਦ ਕੀਤੀ ਜਾਂਦੀ ਹੈ। ਅਕਸਰ, ਉਨ੍ਹਾਂ ਨੂੰ ਸਥਾਨਕ ਤੌਰ 'ਤੇ ਉਧਾਰ ਲੈਣਾ ਪੈਂਦਾ ਹੈ, ਆਪਣੀਆਂ ਜੇਬਾਂ ਵਿੱਚੋਂ ਭੁਗਤਾਨ ਕਰਨਾ ਪੈਂਦਾ ਹੈ ਜਾਂ ਸ਼ਿਕਾਇਤਾਂ ਅਤੇ ਆਲੋਚਨਾ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸਥਿਤੀ ਨਾ ਸਿਰਫ਼ ਅਨੁਚਿਤ ਹੈ ਸਗੋਂ ਯੋਜਨਾ ਦੀ ਭਾਵਨਾ ਦੇ ਵਿਰੁੱਧ ਵੀ ਹੈ।

ਵਿਡੰਬਨਾ ਇਹ ਹੈ ਕਿ ਜਦੋਂ ਅਸੀਂ ਇੱਕ ਚੰਗੀ ਤਰ੍ਹਾਂ ਪੋਸ਼ਿਤ ਭਾਰਤ, ਇੱਕ ਨਵੀਂ ਸਿੱਖਿਆ ਨੀਤੀ ਅਤੇ ਮਨੁੱਖੀ ਸਰੋਤ ਵਿਕਾਸ ਵਰਗੇ ਵੱਡੇ ਸ਼ਬਦਾਂ ਦੀ ਵਰਤੋਂ ਕਰਦੇ ਹਾਂ ਤਾਂ ਦੂਜੇ ਪਾਸੇ ਅਸੀਂ ਬੱਚਿਆਂ ਦੇ ਭੋਜਨ ਲਈ ਬਜਟ ਬਣਾਉਣ ਦੇ ਮਾਮਲੇ ਵਿੱਚ ਬਹੁਤ ਹੀ ਕੰਜੂਸ ਹਾਂ। ਕੀ ਇਹ ਇੱਕ ਸਪੱਸ਼ਟ ਵਿਰੋਧਾਭਾਸ ਨਹੀਂ ਹੈ? ਕੀ ਅਸੀਂ ਸੱਚਮੁੱਚ ਮੰਨਦੇ ਹਾਂ ਕਿ ਗੁਣਵੱਤਾ ਵਾਲੀ ਸਿੱਖਿਆ ਗੁਣਵੱਤਾ ਵਾਲੇ ਪੋਸ਼ਣ ਤੋਂ ਬਿਨਾਂ ਸੰਭਵ ਹੈ?

ਖੋਜ ਅਤੇ ਤਜਰਬਾ ਦੋਵੇਂ ਹੀ ਸਾਬਤ ਕਰਦੇ ਹਨ ਕਿ ਸਿੱਖਿਆ ਅਤੇ ਪੋਸ਼ਣ ਡੂੰਘੇ ਤੌਰ 'ਤੇ ਜੁੜੇ ਹੋਏ ਹਨ। ਇੱਕ ਭੁੱਖਾ ਜਾਂ ਕੁਪੋਸ਼ਿਤ ਬੱਚਾ ਧਿਆਨ ਕੇਂਦਰਿਤ ਨਹੀਂ ਕਰ ਸਕਦਾ ਜਾਂ ਸਿੱਖਣ ਵਿੱਚ ਦਿਲਚਸਪੀ ਨਹੀਂ ਲੈ ਸਕਦਾ। ਇੱਕ ਕਮਜ਼ੋਰ ਦੁਪਹਿਰ ਦਾ ਭੋਜਨ ਯੋਜਨਾ ਸਿੱਧੇ ਤੌਰ 'ਤੇ ਸਿੱਖਣ ਦੇ ਪੱਧਰ, ਹਾਜ਼ਰੀ ਅਤੇ ਸਕੂਲ ਛੱਡਣ ਦੀ ਦਰ ਨੂੰ ਪ੍ਰਭਾਵਤ ਕਰੇਗੀ। ਇਹ ਸਿਰਫ਼ ਇੱਕ ਭਲਾਈ ਯੋਜਨਾ ਨਹੀਂ ਹੈ, ਸਗੋਂ ਰਾਸ਼ਟਰੀ ਵਿਕਾਸ ਅਤੇ ਸਮਾਜਿਕ ਨਿਆਂ ਦਾ ਮੁੱਦਾ ਹੈ।

ਇੱਕ ਹੋਰ ਗੰਭੀਰ ਸਮੱਸਿਆ ਇਹ ਹੈ ਕਿ ਖਾਣਾ ਪਕਾਉਣ ਦੀ ਲਾਗਤ ਅਕਸਰ ਇੱਕ ਸਮਾਨ ਆਧਾਰ 'ਤੇ ਨਿਰਧਾਰਤ ਕੀਤੀ ਜਾਂਦੀ ਹੈ, ਭਾਵੇਂ ਕਿ ਦੇਸ਼ ਭਰ ਵਿੱਚ ਮਹਿੰਗਾਈ ਅਤੇ ਬਾਜ਼ਾਰ ਦਰਾਂ ਵੱਖੋ-ਵੱਖਰੀਆਂ ਹੁੰਦੀਆਂ ਹਨ। ਜਦੋਂ ਕਿ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਲਾਗਤ ਦਾ ਅੰਤਰ ਸਪੱਸ਼ਟ ਹੈ, ਪਰ ਨਿਸ਼ਚਿਤ ਰਕਮ ਲਗਭਗ ਇੱਕੋ ਜਿਹੀ ਰਹਿੰਦੀ ਹੈ। ਇਸ ਨਾਲ ਬਹੁਤ ਸਾਰੇ ਖੇਤਰਾਂ ਦੇ ਸਕੂਲਾਂ ਲਈ ਇਸ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਹੋਰ ਵੀ ਮੁਸ਼ਕਲ ਹੋ ਜਾਂਦਾ ਹੈ।



ਸਮੇਂ ਦੀ ਮੰਗ ਹੈ ਕਿ ਸਰਕਾਰਾਂ ਇਸ ਮੁੱਦੇ ਨੂੰ ਸਿਰਫ਼ ਇੱਕ ਪ੍ਰਸ਼ਾਸਕੀ ਰਸਮ ਵਜੋਂ ਨਾ ਸਮਝਣ, ਸਗੋਂ ਇੱਕ ਨੈਤਿਕ ਅਤੇ ਮਾਨਵਤਾਵਾਦੀ ਜ਼ਿੰਮੇਵਾਰੀ ਵਜੋਂ ਲੈਣ। ਖਾਣਾ ਪਕਾਉਣ ਦੀਆਂ ਲਾਗਤਾਂ ਦਾ ਨਿਯਮਿਤ ਤੌਰ 'ਤੇ ਅਤੇ ਆਪਣੇ ਆਪ ਮੁੜ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ, ਮਹਿੰਗਾਈ ਅਤੇ ਸਥਾਨਕ ਬਾਜ਼ਾਰ ਕੀਮਤਾਂ ਨਾਲ ਜੋੜਿਆ ਜਾਣਾ ਚਾਹੀਦਾ ਹੈ। ਨਿਗਰਾਨੀ ਪ੍ਰਣਾਲੀਆਂ ਨੂੰ ਵੀ ਮਜ਼ਬੂਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਧੇ ਹੋਏ ਫੰਡ ਅਸਲ ਵਿੱਚ ਬੱਚਿਆਂ ਦੇ ਖਾਣੇ 'ਤੇ ਖਰਚ ਕੀਤੇ ਜਾਣ।

ਇਹ ਵੀ ਜ਼ਰੂਰੀ ਹੈ ਕਿ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਅਧਿਆਪਕਾਂ, ਪ੍ਰਿੰਸੀਪਲਾਂ ਅਤੇ ਰਸੋਈਏ ਦੀਆਂ ਆਵਾਜ਼ਾਂ ਨੂੰ ਨੀਤੀ ਨਿਰਮਾਣ ਵਿੱਚ ਸ਼ਾਮਲ ਕੀਤਾ ਜਾਵੇ। ਉਹ ਹਰ ਰੋਜ਼ ਇਸ ਪ੍ਰਣਾਲੀ ਦੀਆਂ ਅਸਲ ਚੁਣੌਤੀਆਂ ਦਾ ਸਾਹਮਣਾ ਕਰਦੇ ਹਨ ਅਤੇ ਉਨ੍ਹਾਂ ਦੇ ਤਜਰਬੇ ਕਿਸੇ ਵੀ ਫਾਈਲ ਨੋਟਿੰਗ ਨਾਲੋਂ ਕਿਤੇ ਜ਼ਿਆਦਾ ਕੀਮਤੀ ਹਨ।

ਸਰਕਾਰਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਮਿਡ ਡੇ ਮੀਲ ਸਕੀਮ ਇੱਕ ਬੋਝ ਨਹੀਂ ਹੈ, ਸਗੋਂ ਭਵਿੱਖ ਵਿੱਚ ਇੱਕ ਨਿਵੇਸ਼ ਹੈ। ਜੇਕਰ ਅੱਜ ਬੱਚਿਆਂ ਦਾ ਭੋਜਨ ਸਿਹਤਮੰਦ ਹੈ, ਤਾਂ ਦੇਸ਼ ਦੀ ਆਰਥਿਕਤਾ, ਸਮਾਜ ਅਤੇ ਲੋਕਤੰਤਰ ਵੀ ਕੱਲ੍ਹ ਨੂੰ ਮਜ਼ਬੂਤ ਹੋਵੇਗਾ। ਪਰ ਜੇਕਰ ਅਸੀਂ ਬੱਚਿਆਂ ਦੇ ਭੋਜਨ ਨੂੰ ਇੱਕ ਖਰਚਾ ਸਮਝਦੇ ਰਹੇ ਅਤੇ ਘੱਟੋ-ਘੱਟ ਬਜਟ 'ਤੇ ਨਿਰਭਰ ਕਰਦੇ ਰਹੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸਦੇ ਨਤੀਜੇ ਭੁਗਤਣੇ ਪੈਣਗੇ।

ਅੰਤ ਵਿੱਚ, ਸਵਾਲ ਇਹ ਰਹਿੰਦਾ ਹੈ ਕਿ ਕੀ ₹6.78 ਜਾਂ ₹10.17 ਵਿੱਚ ਬੱਚਿਆਂ ਦਾ ਪਾਲਣ-ਪੋਸ਼ਣ ਕਰਨਾ ਸੱਚਮੁੱਚ ਸੰਭਵ ਹੈ, ਜਾਂ ਇਹ ਸਿਰਫ਼ ਇੱਕ ਅੰਕੜਾ ਖੇਡ ਹੈ? ਨੀਤੀ ਨਿਰਮਾਤਾਵਾਂ ਲਈ ਅਜੇ ਵੀ ਸਮਾਂ ਹੈ ਕਿ ਉਹ ਇਸ ਹਕੀਕਤ ਨੂੰ ਸਵੀਕਾਰ ਕਰਨ ਅਤੇ ਦਲੇਰਾਨਾ ਫੈਸਲੇ ਲੈਣ। ਕਿਉਂਕਿ ਇਹ ਬਹਿਸ ਸਿਰਫ਼ ਭੋਜਨ ਬਾਰੇ ਨਹੀਂ ਹੈ - ਇਹ ਬੱਚਿਆਂ ਦੇ ਮਾਣ, ਸਿਹਤ ਅਤੇ ਦੇਸ਼ ਦੇ ਭਵਿੱਖ ਬਾਰੇ ਹੈ।

ਸ਼ੀਲਾ ਦੇਵੀ
ਮੋ. 88474-05580

# ਵੋਟ ਤੋਂ ਪੁਲਾੜ ਤੱਕ: ਔਰਤਾਂ ਦੀ ਆਜ਼ਾਦੀ ਦਾ ਇਤਿਹਾਸਕ ਸਫ਼ਰ

ਕਿਸੇ ਵੀ ਸਮਾਜ ਦੀ ਪ੍ਰਗਤੀ ਦਾ ਸਹੀ ਅੰਦਾਜ਼ਾ ਉੱਥੋਂ ਦੀਆਂ ਔਰਤਾਂ ਦੀ ਦਸ਼ਾ ਅਤੇ ਦਿਸ਼ਾ ਤੋਂ ਲਗਾਇਆ ਜਾ ਸਕਦਾ ਹੈ। ਜੇ ਇਤਿਹਾਸ 'ਤੇ ਨਜ਼ਰ ਮਾਰੀਏ ਤਾਂ 19ਵੀਂ ਸਦੀ ਦੇ ਅੰਤ ਤੱਕ ਦੁਨੀਆ ਦੇ ਤਕਰੀਬਨ ਹਰ ਕੋਨੇ ਵਿੱਚ ਔਰਤਾਂ ਵੋਟ ਦੇ ਅਧਿਕਾਰ ਤੋਂ ਵਾਂਝੀਆਂ ਸਨ, ਜਿਸਦੀ ਪਹਿਲ 1893 ਵਿੱਚ ਨਿਊਜ਼ੀਲੈਂਡ ਨੇ ਕੀਤੀ। 20ਵੀਂ ਅਤੇ 21ਵੀਂ ਸਦੀ ਮਨੁੱਖੀ ਇਤਿਹਾਸ ਵਿੱਚ ਔਰਤਾਂ ਦੇ ਅਧਿਕਾਰਾਂ ਲਈ ਇੱਕ ਵੱਡੇ ਪਰਿਵਰਤਨ ਦੇ ਦੌਰ ਵਜੋਂ ਉੱਭਰੀਆਂ ਹਨ। ਅੱਜ ਦੀ ਨਾਰੀ ਕੇਵਲ ਘਰ ਦੀ ਚਾਰਦੀਵਾਰੀ ਤੱਕ ਸੀਮਤ ਨਹੀਂ, ਸਗੋਂ ਪੁਲਾੜ ਦੀਆਂ ਬੁਲੰਦੀਆਂ ਤੋਂ ਲੈ ਕੇ ਸਮੁੰਦਰ ਦੀਆਂ ਗਹਿਰਾਈਆਂ ਤੱਕ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੀ ਹੈ। ਨੋਰਡਿਕ ਦੇਸ਼ਾਂ ਜਿਵੇਂ ਕਿ ਆਈਸਲੈਂਡ ਅਤੇ ਫਿਨਲੈਂਡ ਦੀ ਮਿਸਾਲ ਸਾਡੇ ਸਾਹਮਣੇ ਹੈ, ਜਿੱਥੇ ਰਾਜਨੀਤੀ ਵਿੱਚ ਔਰਤਾਂ ਦੀ ਭਾਗੀਦਾਰੀ ਬਹੁਤ ਮਜ਼ਬੂਤ ਹੈ। ਅਧਿਐਨ ਦੱਸਦੇ ਹਨ ਕਿ ਮਹਿਲਾ ਆਗੂ ਸਿੱਖਿਆ, ਸਿਹਤ ਅਤੇ ਸਮਾਜਿਕ ਭਲਾਈ ਵਰਗੇ ਸੰਵੇਦਨਸ਼ੀਲ ਮੁੱਦਿਆਂ ਨੂੰ ਵਧੇਰੇ ਗੰਭੀਰਤਾ ਨਾਲ ਲੈਂਦੀਆਂ ਹਨ। ਕੋਵਿਡ-19 ਮਹਾਂਮਾਰੀ ਦੌਰਾਨ ਨਿਊਜ਼ੀਲੈਂਡ ਅਤੇ ਜਰਮਨੀ ਦੀਆਂ ਮਹਿਲਾ ਮੁਖੀਆਂ ਨੇ ਆਪਣੀ ਕੁਸ਼ਲ ਪ੍ਰਬੰਧਕੀ ਸ਼ਕਤੀ ਨਾਲ ਪੂਰੀ ਦੁਨੀਆਂ ਨੂੰ ਪ੍ਰਭਾਵਿਤ ਕੀਤਾ ਹੈ।

ਅੱਜ ਵਿਸ਼ਵ ਦੀ ਤਕਰੀਬਨ 47% ਮਹਿਲਾ ਆਬਾਦੀ ਕੰਮਕਾਜੀ ਹੈ, ਪਰ ਮਰਦਾਂ ਦੇ ਮੁਕਾਬਲੇ ਇਹ ਅੰਕੜਾ ਅਜੇ ਵੀ ਕਾਫ਼ੀ ਪਿੱਛੇ ਹੈ। ਵਿਸ਼ਵ ਆਰਥਿਕ ਫੋਰਮ ਅਨੁਸਾਰ, ਇੱਕੋ ਜਿਹੇ ਕੰਮ ਲਈ ਔਰਤਾਂ ਨੂੰ ਮਰਦਾਂ ਦੇ ਮੁਕਾਬਲੇ ਔਸਤਨ 20-25% ਘੱਟ ਉਜਰਤ ਮਿਲਦੀ ਹੈ। ਇਸ ਤੋਂ ਇਲਾਵਾ, ਘਰੇਲੂ ਕੰਮਾਂ, ਬੱਚਿਆਂ ਦੀ ਪਰਵਰਿਸ਼ ਅਤੇ ਬਜ਼ੁਰਗਾਂ ਦੀ ਦੇਖਭਾਲ ਵਿੱਚ ਔਰਤਾਂ ਮਰਦਾਂ ਨਾਲੋਂ ਤਿੰਨ ਗੁਣਾ ਵੱਧ ਸਮਾਂ ਬਿਤਾਉਂਦੀਆਂ ਹਨ, ਜਿਸ ਦਾ ਕੋਈ ਆਰਥਿਕ ਮੁੱਲ ਨਹੀਂ ਅੰਕਿਆ ਜਾਂਦਾ। ਤਕਨਾਲੋਜੀ ਦੇ ਦੌਰ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ ਜਿੱਥੇ ਔਰਤਾਂ ਲਈ ਡਾਟਾ ਐਨਾਲਿਸਿਸ ਅਤੇ ਮਸ਼ੀਨ ਲਰਨਿੰਗ ਵਰਗੇ ਨਵੇਂ ਰੁਜ਼ਗਾਰ ਦੇ ਰਾਹ ਖੋਲ੍ਹ ਰਹੀ ਹੈ, ਉੱਥੇ ਹੀ ਇਸ ਦੀ ਦੁਰਵਰਤੋਂ ਵੀ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ। 'ਡੀਪਫੇਕ' ਵਰਗੀਆਂ ਤਕਨੀਕਾਂ ਅਤੇ ਸਾਈਬਰ ਬੁਲਿੰਗ ਰਾਹੀਂ ਔਰਤਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਕਾਰਨ ਕਈ ਕੁੜੀਆਂ ਸੋਸ਼ਲ ਮੀਡੀਆ ਤੋਂ ਦੂਰ ਹੋਣ ਲਈ ਮਜਬੂਰ ਹਨ। ਦੂਜੇ ਪਾਸੇ, ਇੰਸਟਾਗ੍ਰਾਮ ਵਰਗੇ ਪਲੇਟਫਾਰਮਾਂ ਨੇ ਪੇਂਡੂ ਅਤੇ ਸ਼ਹਿਰੀ ਔਰਤਾਂ ਨੂੰ 'ਹੋਮ-ਪ੍ਰੀਨਿਓਰ' ਵਜੋਂ ਸਥਾਪਿਤ ਕਰਕੇ ਉਨ੍ਹਾਂ ਦੇ ਹੱਥੀਂ ਬਣੇ ਉਤਪਾਦਾਂ ਨੂੰ ਵਿਸ਼ਵ ਪੱਧਰੀ ਬਾਜ਼ਾਰ ਮੁਹੱਈਆ ਕਰਵਾਇਆ ਹੈ।

ਪੱਛਮੀ ਦੇਸ਼ਾਂ ਵਿੱਚ ਔਰਤਾਂ ਕਾਨੂੰਨੀ ਤੌਰ 'ਤੇ ਮਜ਼ਬੂਤ ਹੋਣ ਦੇ ਬਾਵਜੂਦ ਉੱਚੇ ਅਹੁਦਿਆਂ ਤੱਕ ਪਹੁੰਚਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੀਆਂ ਹਨ। ਭਾਰਤ, ਚੀਨ ਅਤੇ ਜਪਾਨ ਵਿੱਚ ਔਰਤਾਂ ਤੇਜ਼ੀ ਨਾਲ ਤਰੱਕੀ ਕਰ ਰਹੀਆਂ ਹਨ, ਪਰ ਪਰੰਪਰਾਗਤ ਸੋਚ ਅਜੇ ਵੀ ਇੱਕ ਰੁਕਾਵਟ ਹੈ। ਅਰਬ ਅਤੇ ਅਫ਼ਰੀਕੀ ਦੇਸ਼ਾਂ ਵਿੱਚ ਕਈ ਥਾਵਾਂ 'ਤੇ ਔਰਤਾਂ ਅਜੇ ਵੀ ਬੁਨਿਆਦੀ ਹੱਕਾਂ (ਜਿਵੇਂ ਇਕੱਲੇ ਸਫ਼ਰ ਕਰਨਾ) ਲਈ ਸੰਘਰਸ਼ ਕਰ ਰਹੀਆਂ ਹਨ। ਹਾਲਾਂਕਿ, ਸਾਊਦੀ ਅਰਬ ਵੱਲੋਂ 2018 ਵਿੱਚ ਔਰਤਾਂ ਨੂੰ ਡਰਾਈਵਿੰਗ ਦੀ ਇਜਾਜ਼ਤ ਦੇਣਾ ਇੱਕ ਵੱਡਾ ਸਮਾਜਿਕ ਬਦਲਾਅ ਸੀ। ਭਾਰਤ ਵਿੱਚ 'ਤਿੰਨ ਤਲਾਕ' ਦੇ ਖ਼ਿਲਾਫ਼ ਕਾਨੂੰਨ ਅਤੇ ਫ਼ੌਜ ਵਿੱਚ ਔਰਤਾਂ ਨੂੰ 'ਸਥਾਈ ਕਮਿਸ਼ਨ' ਦੇਣਾ ਇਤਿਹਾਸਕ ਫ਼ੈਸਲੇ ਸਨ। ਹੁਣ ਲੜਕੀਆਂ ਨੂੰ 'ਨੈਸ਼ਨਲ ਡਿਫੈਂਸ ਅਕੈਡਮੀ' ਦੀ ਪ੍ਰੀਖਿਆ ਦੇਣ ਦੀ ਇਜਾਜ਼ਤ ਮਿਲਣ ਨਾਲ ਦੇਸ਼ ਦੀਆਂ ਬਹਾਦਰ ਧੀਆਂ ਰੱਖਿਆ ਸੇਵਾਵਾਂ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ। ਅਜਿਹੇ ਸੁਧਾਰ ਨਾ ਸਿਰਫ਼ ਔਰਤਾਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੇ ਹਨ, ਸਗੋਂ ਪੂਰੇ ਰਾਸ਼ਟਰ ਨੂੰ ਮਜ਼ਬੂਤ ਕਰਦੇ ਹਨ।

ਕਿਸੇ ਵੀ ਰਾਸ਼ਟਰ ਦਾ ਭਵਿੱਖ ਉਸ ਦੇ ਕਾਨੂੰਨਾਂ ਅਤੇ ਨੀਤੀਆਂ 'ਤੇ ਨਿਰਭਰ ਕਰਦਾ ਹੈ, ਜੋ ਕਿ ਸੱਤਾ ਵਿੱਚ ਬੈਠੇ ਪ੍ਰਤੀਨਿੱਧੀਆਂ ਦੁਆਰਾ ਤੈਅ ਕੀਤੇ ਜਾਂਦੇ ਹਨ। ਸੰਯੁਕਤ ਰਾਸ਼ਟਰਦੀ ਇੱਕ ਰਿਪੋਰਟ ਅਨੁਸਾਰ, ਵਿਸ਼ਵ ਪੱਧਰ 'ਤੇ ਸੰਸਦੀ ਸੀਟਾਂ ਵਿੱਚ ਔਰਤਾਂ ਦੀ ਹਿੱਸੇਦਾਰੀ ਅਜੇ ਵੀ ਸਿਰਫ਼ 26% ਦੇ ਕਰੀਬ ਹੈ, ਜੋ ਕਿ ਇੱਕ ਵੱਡੇ ਪਾੜੇ ਨੂੰ ਦਰਸਾਉਂਦੀ ਹੈ। ਭਾਰਤ, ਅਤੇ ਵਿਸ਼ੇਸ਼ ਤੌਰ 'ਤੇ ਪੰਜਾਬ ਵਿੱਚ, ਪੰਚਾਇਤੀ ਰਾਜ ਸੰਸਥਾਵਾਂ ਵਿੱਚ ਔਰਤਾਂ ਲਈ 50% ਰਾਖਵਾਂਕਰਨ ਇੱਕ ਇਤਿਹਾਸਕ ਅਤੇ ਕ੍ਰਾਂਤੀਕਾਰੀ ਕਦਮ ਸਾਬਤ ਹੋਇਆ ਹੈ। ਇਸ ਨੀਤੀ ਨੇ ਪੇਂਡੂ ਪੱਧਰ 'ਤੇ ਮਹਿਲਾ ਲੀਡਰਸ਼ਿਪ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਕੀਤੀ ਹੈ। ਦੂਜੇ ਪਾਸੇ, ਵਿਸ਼ਵ ਦੇ ਕਈ ਹਿੱਸਿਆਂ ਵਿੱਚ ਅੱਜ ਵੀ ਧਰਮ ਅਤੇ ਸੱਭਿਆਚਾਰ ਦੀ ਗਲਤ ਵਿਆਖਿਆ ਕਰਕੇ ਔਰਤਾਂ ਦੇ ਅਧਿਕਾਰਾਂ ਨੂੰ ਦਬਾਇਆ ਜਾਂਦਾ ਹੈ। ਕਈ ਮੁਸਲਿਮ ਦੇਸ਼ਾਂ ਵਿੱਚ ਪਹਿਰਾਵੇ ਅਤੇ ਨਿੱਜੀ ਆਜ਼ਾਦੀ ਨੂੰ ਲੈ ਕੇ ਔਰਤਾਂ ਵੱਡੇ ਸੰਘਰਸ਼ ਅਤੇ ਅੰਦੋਲਨ ਕਰ ਰਹੀਆਂ ਹਨ। ਖਾਸ ਕਰਕੇ ਦੱਖਣੀ ਏਸ਼ੀਆਈ ਸਮਾਜ ਵਿੱਚ 'ਪੁੱਤਰ ਦੀ ਚਾਹਤ' ਦੀ ਮਾਨਸਿਕਤਾ ਕਾਰਨ ਧੀਆਂ ਨੂੰ ਜਨਮ ਤੋਂ ਪਹਿਲਾਂ ਜਾਂ ਬਾਅਦ ਵਿੱਚ ਅਣਗੌਲਿਆ ਕੀਤਾ ਜਾਂਦਾ ਹੈ। ਇਹ ਪੱਖਪਾਤੀ ਸੋਚ ਨਾ ਸਿਰਫ਼ ਔਰਤਾਂ ਦੇ ਆਤਮ-ਵਿਸ਼ਵਾਸ ਨੂੰ ਜੜ੍ਹੋਂ ਖੋਖਲਾ ਕਰਦੀ ਹੈ, ਸਗੋਂ ਸਮਾਜਿਕ ਨਿਆਂ ਦੇ ਰਾਹ ਵਿੱਚ ਵੀ ਇੱਕ ਵੱਡੀ ਰੁਕਾਵਟ ਹੈ।

ਖੇਡਾਂ ਦਾ ਮੈਦਾਨ ਅਜਿਹਾ ਖੇਤਰ ਹੈ, ਜਿੱਥੇ ਔਰਤਾਂ ਨੇ ਸਰੀਰਕ ਅਤੇ ਮਾਨਸਿਕ ਕਮਜ਼ੋਰੀ ਦੇ ਸਾਰੇ ਮਿੱਥਾਂ (ਭਰਮਾਂ) ਨੂੰ ਚਕਨਾਚੂਰ ਕਰ ਦਿੱਤਾ ਹੈ। ਪੀ.ਵੀ. ਸਿੰਧੂ, ਮੈਰੀ ਕੋਮ ਅਤੇ ਸਾਕਸ਼ੀ ਮਲਿਕ ਵਰਗੀਆਂ ਦਿੱਗਜ਼ ਖਿਡਾਰਨਾਂ ਨੇ ਵਿਸ਼ਵ ਪੱਧਰ 'ਤੇ ਤਿਰੰਗਾ ਲਹਿਰਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਖੇਡਾਂ ਕਿਸੇ ਇੱਕ ਲਿੰਗ ਦੀ ਜਗੀਰ ਨਹੀਂ ਹਨ। ਟੈਨਿਸ ਅਤੇ ਫੁੱਟਬਾਲ ਵਰਗੀਆਂ ਖੇਡਾਂ ਵਿੱਚ ਔਰਤਾਂ ਨੇ ਇੱਕ ਲੰਬੀ ਕਾਨੂੰਨੀ ਅਤੇ ਸਮਾਜਿਕ ਲੜਾਈ ਲੜੀ ਹੈ ਤਾਂ ਜੋ ਉਨ੍ਹਾਂ ਨੂੰ ਮਰਦਾਂ ਦੇ ਬਰਾਬਰ ਇਨਾਮੀ ਰਾਸ਼ੀ ਮਿਲ ਸਕੇ। ਆਧੁਨਿਕ ਯੁੱਗ ਵਿੱਚ ਤਕਨਾਲੋਜੀ ਦੀ ਵਰਤੋਂ ਕਰਦਿਆਂ, ਚੰਡੀਗੜ੍ਹ ਦੀ ਸਕੇਟਰ ਜਾਨਵੀ ਜਿੰਦਲ ਨੇ ਯੂਟਿਊਬ ਰਾਹੀਂ ਸਿਖਲਾਈ ਲੈ ਕੇ 11 ਗਿੰਨੀਜ਼ ਵਰਲਡ ਰਿਕਾਰਡ ਆਪਣੇ ਨਾਮ ਕਰਕੇ ਇੱਕ ਨਵੀਂ ਮਿਸਾਲ ਪੈਦਾ ਕੀਤੀ ਹੈ। ਪੰਜਾਬ ਸਰਕਾਰ ਦੁਆਰਾ ਵਿਸ਼ਵ ਕੱਪ ਜੇਤੂ ਖਿਡਾਰਨਾਂ—ਹਰਮਨਪ੍ਰੀਤ ਕੌਰ, ਹਰਲੀਨ ਦਿਓਲ ਅਤੇ ਅਮਨਜੋਤ ਕੌਰ—ਨੂੰ 1.5-1.5 ਕਰੋੜ ਰੁਪਏ ਦੇ ਨਕਦ ਇਨਾਮਾਂ ਨਾਲ ਸਨਮਾਨਿਤ ਕਰਨ ਦਾ ਫੈਸਲਾ ਨਾ ਸਿਰਫ਼ ਉਨ੍ਹਾਂ ਦੀ ਮਿਹਨਤ ਦਾ ਮੁੱਲ ਹੈ, ਸਗੋਂ ਇਹ ਆਉਣ ਵਾਲੀ ਪੀੜ੍ਹੀ ਦੀਆਂ ਲੜਕੀਆਂ ਲਈ ਵੀ ਉਤਸ਼ਾਹ ਦਾ ਵੱਡਾ ਸਰੋਤ ਬਣੇਗਾ।

ਦੁਨੀਆ ਭਰ ਵਿੱਚ ਔਰਤਾਂ ਦੀ ਪ੍ਰਗਤੀ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ 'ਅਸੁਰੱਖਿਆ ਦਾ ਡਰ' ਹੈ। ਜਦੋਂ ਤੱਕ ਇੱਕ ਔਰਤ ਖ਼ੁਦ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਦੀ, ਉਹ ਆਪਣੀ ਪੂਰੀ ਸਮਰੱਥਾ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਨਹੀਂ ਕਰ ਸਕਦੀ। ਇਹ ਅਸੁਰੱਖਿਆ ਕੇਵਲ ਸਰੀਰਕ ਹੀ ਨਹੀਂ, ਸਗੋਂ ਮਾਨਸਿਕ ਅਤੇ ਆਰਥਿਕ ਵੀ ਹੁੰਦੀ ਹੈ। ਮੰਦਭਾਗੀ ਗੱਲ ਹੈ ਕਿ ਦੁਨੀਆ ਦੇ ਕਈ ਹਿੱਸਿਆਂ ਵਿੱਚ ਅਜੇ ਵੀ ਅਜਿਹੇ ਸਖ਼ਤ ਕਾਨੂੰਨਾਂ ਦੀ ਘਾਟ ਹੈ ਜੋ ਔਰਤ ਨੂੰ ਉਸ ਦੇ ਆਪਣੇ ਘਰ ਅਤੇ ਕੰਮਕਾਜੀ ਸਥਾਨ 'ਤੇ ਪੂਰਨ ਸੁਰੱਖਿਆ ਪ੍ਰਦਾਨ ਕਰ ਸਕਣ। ਇਸ ਡਰ ਅਤੇ ਚੁਣੌਤੀਆਂ ਦੇ ਬਾਵਜੂਦ, ਇਤਿਹਾਸ ਦੇ ਕੁਝ ਅਹਿਮ ਚਿਹਰਿਆਂ ਨੇ ਸਾਬਤ ਕੀਤਾ ਹੈ ਕਿ ਜਦੋਂ ਇੱਕ ਔਰਤ ਦ੍ਰਿੜ ਇਰਾਦੇ ਨਾਲ ਖੜ੍ਹੀ ਹੁੰਦੀ ਹੈ, ਤਾਂ ਉਹ ਪੂਰੇ ਸਮਾਜਿਕ ਢਾਂਚੇ ਨੂੰ ਬਦਲਣ ਦੀ ਤਾਕਤ ਰੱਖਦੀ ਹੈ। ਸਭ ਤੋਂ ਘੱਟ ਉਮਰ ਵਿੱਚ ਨੋਬਲ ਸ਼ਾਂਤੀ ਪੁਰਸਕਾਰ ਜਿੱਤਣ ਵਾਲੀਮਲਾਲਾ ਯੂਸਫ਼ਜ਼ਈ ਨੇ ਤਾਲਿਬਾਨੀ ਦਹਿਸ਼ਤ ਦੇ ਸਾਹਮਣੇ ਝੁਕਣ ਦੀ ਬਜਾਏ ਕੁੜੀਆਂ ਦੀ ਸਿੱਖਿਆ ਲਈ ਆਵਾਜ਼ ਬੁਲੰਦ ਕੀਤੀ। ਉਸ ਦਾ ਸੰਘਰਸ਼ ਦਰਸਾਉਂਦਾ ਹੈ ਕਿ ਅੱਜ ਵੀ ਕਈ ਖੇਤਰਾਂ ਵਿੱਚ ਸਿੱਖਿਆ ਪ੍ਰਾਪਤ ਕਰਨਾ ਇੱਕ ਜਾਨਲੇਵਾ ਚੁਣੌਤੀ ਬਣਿਆ ਹੋਇਆ ਹੈ। ਇਸੇ ਤਰ੍ਹਾਂ ਵਿਗਿਆਨ ਦੇ ਖੇਤਰ ਵਿੱਚ ਮੈਰੀ ਕਿਊਰੀ ਨੇ ਉਸ ਸਮੇਂ ਰੇਡੀਓਐਕਟੀਵਿਟੀ ਦੀ ਖੋਜ ਕਰਕੇ ਦੋ ਵਾਰ ਨੋਬਲ ਪੁਰਸਕਾਰ ਜਿੱਤਿਆ, ਜਦੋਂ ਵਿਗਿਆਨ ਨੂੰ ਸਿਰਫ਼ ਮਰਦਾਂ ਦਾ ਖੇਤਰ ਮੰਨਿਆ ਜਾਂਦਾ ਸੀ। ਇਹ ਸ਼ਖਸੀਅਤਾਂ ਅੱਜ ਵੀ ਦੁਨੀਆ ਭਰ ਦੀਆਂ ਔਰਤਾਂ ਲਈ ਹਿੰਮਤ ਅਤੇ ਸਫਲਤਾ ਦਾ ਪ੍ਰਤੀਕ ਹਨ।



# ਮਾਝਾ-ਦੁਆਬਾ





ਆਸ ਪਾਸ



## ਗਿਆਨੀ ਰਘਬੀਰ ਸਿੰਘ ਵੱਲੋਂ ਲਗਾਏ ਗੰਭੀਰ ਦੋਸ਼ਾਂ ਦੀ ਹੋਵੇ ਨਿਰਪੱਖ ਜਾਂਚ : ਬਾਪੂ ਤਰਸੇਮ ਸਿੰਘ




ਅੰਮ੍ਰਿਤਸਰ, 21 ਫਰਵਰੀ (ਬਬਲੂ ਮਹਾਜਨ) : ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਚੜਦੀ ਕਲਾ ਟਾਈਮ ਟੀਵੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੌਜੂਦਾ ਹਾਲਾਤ ਸਿਰਫ਼ ਸਿਆਸੀ ਤਕਰਾਰ ਨਹੀਂ, ਸਗੋਂ ਪੰਥ ਦੀ ਆਸਥਾ ਅਤੇ ਸੰਗਤ ਦੇ ਵਿਸ਼ਵਾਸ ਨਾਲ ਜੁੜਿਆ ਗੰਭੀਰ ਮਾਮਲਾ ਹੈ। ਉਹਨਾਂ ਕਿਹਾ ਕਿ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ ਲਗਾਏ ਗਏ ਭ੍ਰਿਸ਼ਟਾਚਾਰ, ਗੁਰੂ ਦੀ ਗੋਲਕ ਦੇ ਦੁਰਉਪਯੋਗ, ਪਾਵਨ ਸਰੂਪਾਂ ਸਬੰਧੀ ਦੋਸ਼ ਬਹੁਤ ਹੀ ਗੰਭੀਰ ਹਨ। ਇਹ ਇਲਜ਼ਾਮ ਕਿਸੇ ਇਕ ਵਿਅਕਤੀ ਤੱਕ ਸੀਮਿਤ ਨਹੀਂ ਰਹਿੰਦੇ, ਸਗੋਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪੂਰੀ ਪ੍ਰਬੰਧਕੀ ਪ੍ਰਣਾਲੀ ’ਤੇ ਸਵਾਲ ਖੜ੍ਹੇ ਕਰਦੇ ਹਨ। ਇਨ੍ਹਾਂ ਮਸਲਿਆਂ ਨੂੰ ਦਬਾਉਣ ਦੀ ਬਜਾਏ ਪਾਰਦਰਸ਼ੀ ਤੇ ਨਿਰਪੱਖ ਕਰਵਾਉਣੀ ਲਾਜ਼ਮੀ ਹੈ। ਬਾਪੂ ਜੀ ਨੇ ਕਿਹਾ ਕਿ ਉਹਨਾਂ ਨੂੰ ਬੇਹੱਦ ਅਫਸੋਸ ਹੈ ਕਿ ਅਜਿਹਾ ਕਰਨ ਦੀ ਬਜਾਏ ਐਸ ਜੀ ਪੀ ਸੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਵੱਲੋਂ 72 ਘੰਟਿਆਂ ਵਿੱਚ ਸਬੂਤ ਪੇਸ਼ ਕਰਨ ਦਾ ਨੋਟਿਸ ਜਾਰੀ ਕਰਕੇ ਇਕ ਸਿਆਸੀ ਪਰਿਵਾਰ ਦਾ ਪੱਖ ਪੂਰਿਆ ਜਾ ਰਿਹਾ ਹੈ, ਜੋ ਗੰਭੀਰ ਚਿੰਤਾ ਦਾ ਵਿਸ਼ਾ ਹੈ। ਕਮੇਟੀ ਉੱਪਰ ਭ੍ਰਿਸ਼ਟਾਚਾਰ ਦੇ ਲੱਗੇ ਇਲਜ਼ਾਮਾਂ ਦੀ ਨਿਰਪੱਖ ਜਾਂਚ ਕਰਨ ਦੀ ਥਾਂ ਕਾਨੂੰਨੀ ਤਰੀਕੇ ਨਾਲ ਪਰਦੇ ਪਾ ਕੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਸਿੱਖ ਕੌਮ ਦੀ ਸਿਰਮੌਰ ਸੰਸਥਾ ਉਪਰੋਂ ਸੰਗਤ ਦੇ ਵਿਸ਼ਵਾਸ ਨੂੰ ਤੋੜਨ ਦੇ ਬਰਾਬਰ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਗੁਰੂ ਘਰ ਅਤੇ ਸਿੱਖ ਸੰਸਥਾਵਾਂ ਹਰ ਤਰ੍ਹਾਂ ਦੇ ਸਿਆਸੀ ਪ੍ਰਭਾਵ ਤੋਂ ਉੱਪਰ ਹੋਣੀਆਂ ਚਾਹੀਦੀਆਂ ਹਨ। ਗੁਰੂ ਦੀ ਗੋਲਕ, ਦਸਵੰਧ ਅਤੇ ਪੰਥਕ ਜਾਇਦਾਦਾਂ ਸੰਗਤ ਦੀ ਅਮਾਨਤ ਹਨ ਅਤੇ ਹਰ ਪੈਸੇ ਦੀ ਪੂਰੀ ਹਿਸਾਬਦੇਹੀ ਜਨਤਕ ਹੋਣੀ ਚਾਹੀਦੀ ਹੈ ਅਤੇ ਧਾਮੀ ਸਾਹਿਬ ਨੂੰ ਆਪਣੇ ਅਹੁੱਦੇ ਦੀ ਮਰਿਆਦਾ ਕਾਇਮ ਰੱਖਦਿਆਂ ਸਿੱਖੀ ਦੇ ਮੂਲ ਸਿਧਾਂਤਾਂ ਅਨੁਸਾਰ ਨਿਰਪੱਖ, ਪਾਰਦਰਸ਼ੀ ਜਾਂਚ ਦੀ ਪ੍ਰਕਿਰਿਆ ਸ਼ੁਰੂ ਕਰਨੀ ਚਾਹੀਦੀ ਹੈ ਨਾ ਕਿ ਇਕ ਧੜੇ ਵੱਜੋਂ ਵਿਚਰਨਾ ਚਾਹੀਦਾ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਇਹ ਸਮਾਂ ਕਿਸੇ ਧੜੇ ਦੀ ਰੱਖਿਆ ਕਰਨ ਦਾ ਨਹੀਂ, ਸੱਚ ਨੂੰ ਸਾਹਮਣੇ ਲਿਆਉਣ ਦਾ ਹੈ। ਪੰਥ ਹੁਣ ਸਪੱਸ਼ਟਤਾ, ਨਿਆਂ ਅਤੇ ਜਵਾਬਦੇਹੀ ਦੀ ਉਡੀਕ ਕਰ ਰਿਹਾ ਹੈ ਅਤੇ ਅਸੀਂ ਸੰਗਤ ਦੀ ਆਵਾਜ਼ ਵਜੋਂ ਇਸ ਮੰਗ ’ਤੇ ਡਟੇ ਰਹਿਣ ਦੇ ਨਾਲ-ਨਾਲ ਜਲਦ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ’ਤੇ ਕਾਬਜ਼ ਧਿਰ ਦੀ ਛਤਰਛਾਇਆ ਹੇਠ ਹੋ ਰਹੇ ਹੋਰ ਘਪਲਿਆਂ ਨੂੰ ਵੀ ਜਲਦ ਸੰਗਤ ਦੀ ਕਚਿਹਰੀ ਵਿੱਚ ਲਿਆਂਦਾ ਜਾਵੇਗਾ।

## ਕਿਰਤੀ ਲੋਕਾਂ ਦੀਆਂ ਜ਼ਮੀਨੀ ਹਕੀਕਤਾਂ ਬਾਰੇ ਖੋਜ ਕਰਨ ਕਰਨਗੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦਿਆਰਥੀ : ਵਾਈਸ ਚਾਂਸਲਰ



ਅੰਮ੍ਰਿਤਸਰ, 21 ਫਰਵਰੀ ( ਗੁਰਦਿਆਲ ਸਿੰਘ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਉਸ ਵੇਲੇ ਇੱਕ ਹੋਰ ਇਤਿਹਾਸਕ ਪੁਲਾਂਘ ਪੁੱਟੀ ਜਦੋਂ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਸੁਚੱਜੀ ਅਗਵਾਈ ਹੇਠ ਯੂਨੀਵਰਸਿਟੀ ਅਤੇ ਭਾਰਤ ਸਰਕਾਰ ਦੇ ਕਿਰਤ ਤੇ ਰੁਜ਼ਗਾਰ ਮੰਤਰਾਲੇ ਅਧੀਨ ਚੱਲ ਰਹੇ ਦੱਤੋਪੰਤ ਠੇਂਗੜੀ ਨੈਸ਼ਨਲ ਬੋਰਡ ਫਾਰ ਵਰਕਰਜ਼ ਐਜੂਕੇਸ਼ਨ ਐਂਡ ਡਿਵੈਲਪਮੈਂਟ ਵਿਚਾਲੇ ਤਿੰਨ ਸਾਲਾਂ ਲਈ ਇੱਕ ਅਹਿਮ ਸਹਿਮਤੀ ਪੱਤਰ ਕਲਮਬੱਧ ਕੀਤਾ ਗਿਆ। ਇਸ ਸਮਝੌਤੇ ‘ਤੇ ਯੂਨੀਵਰਸਿਟੀ ਵੱਲੋਂ ਰਜਿਸਟਰਾਰ ਪ੍ਰੋ. ਕੇ.ਐਸ. ਚਾਹਲ ਅਤੇ ਬੋਰਡ ਵੱਲੋਂ ਡਾਇਰੈਕਟਰ ਜਨਰਲ ਕਰਨਲ ਨੀਰਜ ਸ਼ਰਮਾ ਨੇ ਹਸਤਾਖਰ ਕੀਤੇ। ਇਸ ਮੌਕੇ ਵਾਈਸ ਚਾਂਸਲਰ ਦੇ ਨਾਲ ਡੀਨ ਅਕਾਦਮਿਕ ਮਾਮਲੇ ਪ੍ਰੋ. ਐਚ.ਐਸ. ਸੈਣੀ, ਯੂਨੀਵਰਸਿਟੀ ਇੰਡਸਟਰੀ ਲਿੰਕੇਜ ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ. ਨਵਦੀਪ ਸਿੰਘ ਸੋਢੀ ਅਤੇ ਖੇਤਰੀ ਡਾਇਰੈਕਟਰ ਸ੍ਰੀ ਕਰਨੈਲ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਪ੍ਰੋ. ਚਾਹਲ ਨੇ ਦੱਸਿਆ ਕਿ ਸਿੱਖਿਆ ਜਗਤ ਵਿੱਚ ਪ੍ਰੋ. ਕਰਮਜੀਤ ਸਿੰਘ ਨੂੰ ਉਨ੍ਹਾਂ ਦੀ ਦੂਰਅੰਦੇਸ਼ੀ ਅਤੇ ਅਕਾਦਮਿਕ ਸੰਸਥਾਵਾਂ ਨੂੰ ਨਵੀਆਂ ਉਚਾਈਆਂ ਤੇ ਲਿਜਾਣ ਵਾਲੇ ਮਾਰਗਦਰਸ਼ਕ ਵਜੋਂ ਦੇਖਿਆ ਜਾਂਦਾ ਹੈ ਅਤੇ ਇਸ ਸਮਝੌਤੇ ਦੌਰਾਨ ਉਨ੍ਹਾਂ ਦਾ ਉੱਚਾ ਸੋਚਣ ਦਾ ਨਜ਼ਰੀਆ ਸਾਫ਼ ਨਜ਼ਰੀ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਾਂਝ ਨਾ ਸਿਰਫ਼ ਕਿਰਤੀਆਂ ਨੂੰ ਹੁਨਰਮੰਦ ਬਣਾਏਗੀ, ਸਗੋਂ ਦੇਸ਼ ਦੀ ਆਰਥਿਕਤਾ ਵਿੱਚ ਵੀ ਨਵੀਂ ਰੂਹ ਫੂਕੇਗੀ। ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਨੇ ਇਸ ਮੌਕੇ ਕਿਹਾ ਕਿ ਇੱਕ ਯੂਨੀਵਰਸਿਟੀ ਦੀ ਅਸਲ ਸਫਲਤਾ ਸਿਰਫ ਕੈਂਪਸ ਦੀਆਂ ਕੰਧਾਂ ਅੰਦਰ ਨਹੀਂ, ਸਗੋਂ ਸਮਾਜ ਦੇ ਆਖਰੀ ਬੰਦੇ ਤੱਕ ਪਹੁੰਚਣ ਵਿੱਚ ਹੈ।ਇਸ ਨਜ਼ਰੀਏ ਨੂੰ ਧਿਆਨ ਵਿਚ ਰਖ ਕੇ ਕੀਤੇ ਗਏ ਸਮਝੌਤੇ ਦਾ ਜਿਥੇ ਕਿਰਤੀਆਂ ਨੂੰ ਬਹੁਤ ਲਾਭ ਮਿਲੇਗਾ ਉਥੇ ਵਿਦਿਆਰਥੀਆਂ ਨੂੰ ਇਨ੍ਹਾਂ ਪ੍ਰੋਜੈਕਟਾਂ ਰਾਹੀਂ ਜਮੀਨੀ ਹਕੀਕਤਾਂ ਨੂੰ ਸਮਝਣ ਅਤੇ ਫੀਲਡ ਵਰਕ ਦਾ ਮੌਕਾ ਮਿਲੇਗਾ। ਵਾਈਸ ਚਾਂਸਲਰ ਦਾ ਮੰਨਣਾ ਹੈ ਕਿ ਜਦੋਂ ਇੱਕ ਮਜ਼ਦੂਰ ਪੜ੍ਹਿਆ-ਲਿਖਿਆ ਅਤੇ ਹੁਨਰਮੰਦ ਹੋਵੇਗਾ, ਤਾਂ ਉਹ ਦੇਸ਼ ਦੇ ਵਿਕਾਸ ਵਿੱਚ ਬਿਹਤਰ ਯੋਗਦਾਨ ਪਾ ਸਕੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸਮਝੌਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਸਿਰਫ ਇੱਕ ਖੋਜ ਤੇ ਅਕਾਦਮਿਕ ਸੰਸਥਾ ਦੇ ਨਾਲ ਨਾਲ ਇੱਕ ਸਮਾਜਿਕ ਪਰਿਵਰਤਨ ਦੇ ਕੇਂਦਰ ਵਜੋਂ ਸਥਾਪਿਤ ਕਰਦੇ ਹਨ।ਉਨ੍ਹਾਂ ਦੱਸਿਆ ਕਿ ਇਸ ਸਮਝੌਤੇ ਅਧੀਨ ਸੰਯੁਕਤ ਸਿਖਲਾਈ ਅਧੀਨ ਅਣਗੌਲੇ ਅਤੇ ਪੇਂਡੂ ਖੇਤਰਾਂ ਦੇ ਕਾਮਿਆਂ ਨੂੰ ਆਧੁਨਿਕ ਤਕਨੀਕਾਂ ਅਤੇ ਹੁਨਰ ਦੀ ਸਿਖਲਾਈ ਦਿੱਤੀ ਜਾਵੇਗੀ ਅਤੇ ਖੋਜ ਕਾਰਜਾਂ ਵਿਚ ਕਿਰਤ ਕਾਨੂੰਨਾਂ ਅਤੇ ਵਰਕਰਾਂ ਦੀ ਭਲਾਈ ਲਈ ਨੀਤੀ-ਮੁਖੀ ਖੋਜ ਕੀਤੀ ਜਾਵੇਗੀ। ਖੇਤਰੀ ਭਾਸ਼ਾਵਾਂ ਦੇ ਵਿਕਾਸ ਦੀ ਹਾਮੀ ਭਰਦਿਆਂ ਉਨ੍ਹਾਂ ਦੱਸਿਆ ਕਿ ਸਿਖਲਾਈ ਪ੍ਰੋਗਰਾਮ ਮਾਂ-ਬੋਲੀ ਅਤੇ ਖੇਤਰੀ ਭਾਸ਼ਾਵਾਂ ਵਿੱਚ ਹੋਣਗੇ ਤਾਂ ਜੋ ਆਮ ਵਰਕਰ ਵੀ ਇਸ ਦਾ ਲਾਭ ਲੈ ਸਕੇ। ਉਨ੍ਹਾਂ ਇਹ ਦੱਸਿਆ ਕਿ ਇਨ੍ਹਾਂ ਸਭ ਕਾਰਜਾਂ ਲਈ ਯੂਨੀਵਰਸਿਟੀ ਆਪਣੇ ਹਾਈ-ਟੈਕ ਕਲਾਸਰੂਮ ਅਤੇ ਅਕਾਦਮਿਕ ਸਰੋਤ ਮੁਹੱਈਆ ਵੀ ਕਰਵਾਏਗੀ।

## ਖ਼ਾਲਸਾ ਕਾਲਜ ਦੀ 119ਵੀਂ ਕਨਵੋਕੇਸ਼ਨ ਭਲਕੇ



ਅੰਮ੍ਰਿਤਸਰ, 21 ਫਰਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ) : :ਖੁਦਮੁਖਤਿਆਰ ਸੰਸਥਾ ਖ਼ਾਲਸਾ ਕਾਲਜ ਵਿਖੇ 119ਵੀਂ ਕਨਵੋਕੇਸ਼ਨ ਸਬੰਧੀ ਸਮਾਰੋਹ 23 ਫ਼ਰਵਰੀ ਦਿਨ ਸੋਮਵਾਰ ਨੂੰ ਕਰਵਾਇਆ ਜਾਵੇਗਾ। ਇਸ ਡਿਗਰੀ ਵੰਡ ਸਮਾਰੋਹ ’ਚ ਮੁੱਖ ਮਹਿਮਾਨ ਵਜੋਂ ਖ਼ਾਲਸਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ ਅਤੇ ਸਮਾਗਮ ਦੀ ਪ੍ਰਧਾਨਗੀ ’ਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਕਰਨਗੇ। ਜਿਸ ਦੌਰਾਨ ਸੈਸ਼ਨ 2023-24 ਦੇ ਪਾਸਆਊਟ 1500 ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਅਤੇ 63 ਵਿਦਿਆਰਥੀਆਂ ਨੂੰ ਬੇਹਤਰੀਨ ਪ੍ਰਦਰਸ਼ਨ ਕਾਰਨ ਮੈਡਲ ਪ੍ਰਦਾਨ ਕੀਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਕਿਹਾ ਕਿ ਉਕਤ ਸਮਾਰੋਹ ਮੌਕੇ ਕਾਲਜ ਦੇ ਅਕਾਦਮਿਕ ਖੇਤਰ ’ਚ ਪਹਿਲੇ ਸਥਾਨ ’ਤੇ ਰਹਿਣ ਵਾਲੇ 55 ਵਿਦਿਆਰਥੀਆਂ ਨੂੰ ਸਰਟੀਫਿਕੇਟ, ਗੋਲਡ ਮੈਡਲ ਅਤੇ ਨਕਦ ਇਨਾਮ-ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਕਤ ਤੋਂ ਇਲਾਵਾ ਗਣਤੰਤਰ ਦਿਵਸ ’ਤੇ ਨਵੀਂ ਦਿੱਲੀ ਵਿਖੇ ਹੋਈ ਰਾਸ਼ਟਰੀ ਪਰੇਡ ’ਚ ਹਿੱਸਾ ਲੈਣ ਵਾਲੇ ਕਾਲਜ ਦੇ ਏਅਰ, ਆਰਮੀ ਅਤੇ ਨੇਵਲ ਤਿੰਨਾਂ ਐੱਨ. ਸੀ. ਸੀ. ਵਿੰਗਾਂ ਦੇ 8 ਕੈਡਿਟਾਂ ਨੂੰ ਹੌਸਲਾ ਅਫਜਾਈ ਲਈ ਸਨਮਾਨਿਤ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਸਮਾਰੋਹ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੂੰ ਕਾਲਜ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਲਈ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਕਨਵੋਕੇਸ਼ਨ ’ਚ ਡਿਗਰੀਆਂ ਲੈਣ ਵਾਲੇ ਵਿਦਿਆਰਥੀਆਂ ਨੂੰ ਨਿਰਧਾਰਿਤ ਸਮੇਂ ’ਤੇ ਰਜਿਸਟਰੇਸ਼ਨ ਕਰਵਾਉਣ, ਡਰੈੱਸ ਕੋਡ ਲੈਣ ਅਤੇ ਅਨੁਸ਼ਾਸਨ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਹੈ।

## ਖਾਲਸਾ ਕਾਲਜ ਨੇ ‘ਨਵੀਨਤਾ ਅਤੇ ਉਦਮਤਾ ਆਊਟਰੀਚ’ ਪ੍ਰੋਗਰਾਮ ਕਰਵਾਇਆ

ਅੰਮ੍ਰਿਤਸਰ, 21 ਫਰਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ) *ਖ਼ਾਲਸਾ ਕਾਲਜ ਦੇ ਗਣਿਤ ਵਿਭਾਗ ਵੱਲੋਂ ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ‘ਨਵੀਨਤਾ ਅਤੇ ਉਦਮਤਾ ਆਊਟਰੀਚ’ ਪ੍ਰੋਗਰਾਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਹਾਈ ਸਕੂਲ ਵਿਖੇ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ’ਚ ਲਗਭਗ 55 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਭਾਗ ਮੁੱਖੀ ਅਤੇ ਐਸੋਸੀਏਟ ਪ੍ਰੋਫੈਸਰ ਡਾ. ਰਾਜਿੰਦਰ ਪਾਲ ਕੌਰ ਅਤੇ ਸਹਾਇਕ ਪ੍ਰੋਫੈਸਰ ਪ੍ਰੋ. ਅੰਚਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਨਵੀਨਤਾ ਅਤੇ ਉਦਯਮਿਤਾ ਦੇ ਮੂਲ ਸਿਧਾਂਤਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਗਣਿਤਕ ਸੋਚ ਨਵੀਨਤਾ ਦੀ ਰੀੜ੍ਹ ਦੀ ਹੱਡੀ ਹੈ ਜੋ ਤਰਕਸ਼ੀਲ ਸੋਚ, ਵਿਸ਼ਲੇਸ਼ਣਾਤਮਕ ਸਮਰੱਥਾ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਸਧਾਰਣ ਭਾਸ਼ਾ ਅਤੇ ਰੋਜ਼ਾਨਾ ਜੀਵਨ ਦੇ ਉਦਾਹਰਨਾਂ ਰਾਹੀਂ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਕਿਵੇਂ ਰਚਨਾਤਮਕ ਸੋਚ ਅਤੇ ਨਵੇਂ ਵਿਚਾਰਾਂ ਰਾਹੀਂ ਸਮਾਜਕ ਚੁਣੌਤੀਆਂ ਦਾ ਹੱਲ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਉਦਯਮਿਤਾ ਸਿਰਫ਼ ਕਾਰੋਬਾਰ ਤੱਕ ਸੀਮਿਤ ਨਹੀਂ, ਸਗੋਂ ਇਹ ਇਕ ਸੋਚ ਹੈ ਜੋ ਪਹਿਲ ਕਰਨ, ਨੇਤ੍ਰਿਤਵ ਅਤੇ ਹਿੰਮਤ ਨਾਲ ਵਿਚਾਰਾਂ ਨੂੰ ਹਕੀਕਤ ’ਚ ਬਦਲਣ ਲਈ ਪ੍ਰੇਰਿਤ ਕਰਦੀ ਹੈ।ਉਨ੍ਹਾਂ ਉਜਾਗਰ ਕੀਤਾ ਕਿ ਉਦਯਮੀ ਸਮਾਜ ’ਚ ਬਦਲਾਅ ਲਿਆਉਣ ਵਾਲੇ ਹੁੰਦੇ ਹਨ ਜੋ ਮੌਕਿਆਂ ਦੀ ਪਹਿਚਾਣ ਕਰਕੇ ਨਵੇਂ ਵਿਚਾਰਾਂ ਨੂੰ ਸਮਾਜਿਕ ਭਲਾਈ ਅਤੇ ਆਰਥਿਕ ਵਿਕਾਸ ਨਾਲ ਜੋੜਦੇ ਹਨ।ਉਨ੍ਹਾਂ ਕਿਹਾ ਕਿ ਇਸ ਗਤੀਵਿਧੀ ਨਾਲ ਵਿਦਿਆਰਥੀਆਂ ’ਚ ਆਤਮਵਿਸ਼ਵਾਸ, ਸੰਚਾਰ ਕੌਸ਼ਲ ਅਤੇ ਟੀਮ ਵਰਕ ਦੀ ਭਾਵਨਾ ’ਚ ਵਾਧਾ ਹੋਇਆ। ਇਸ ਪ੍ਰੋਗਰਾਮ ਦੌਰਾਨ ਪ੍ਰਸ਼ਨ-ਉੱਤਰ ਸੈਸ਼ਨ ਵੀ ਆਯੋਜਿਤ ਕੀਤਾ ਗਿਆ ਜਿਸ ’ਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਨਵੀਨਤਾ ਅਤੇ ਉਦਯਮਿਤਾ ਨਾਲ ਸਬੰਧਿਤ ਆਪਣੇ ਸਵਾਲ ਪੁੱਛੇ।ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੋਨੀਆ ਰੰਧਾਵਾ ਨੇ ਕਾਲਜ ਦੇ ਉਕਤ ਵਿਭਾਗ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਆਊਟਰੀਚ ਪ੍ਰੋਗਰਾਮ ਵਿਦਿਆਰਥੀਆਂ ਲਈ ਪ੍ਰੇਰਣਾਦਾਇਕ ਅਤੇ ਗਿਆਨਵਰਧਕ ਸਾਬਤ ਹੋਇਆ, ਜਿਸ ਨਾਲ ਉਨ੍ਹਾਂ ’ਚ ਨਵੀਂ ਸੋਚ, ਜਿਗਿਆਸਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤੀ ਮਿਲੀ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਨੀਰਜ ਸੋਢੀ, ਲੈਕਚਰਾਰ ਅਰਥਸ਼ਾਸਤਰ ਸ. ਰਾਜਵਿੰਦਰ ਸਿੰਘ, ਸ੍ਰੀਮਤੀ ਸਵਿਤਾ ਜੋਸ਼ੀ, ਸ੍ਰੀਮਤੀ ਸਰਬਜੀਤ ਕੌਰ, ਸ੍ਰੀਮਤੀ ਰੁਪਿੰਦਰ ਕੌਰ ਅਤੇ ਮੰਦੀਪ ਕੌਰ ਸੋਹਲ (ਗਣਿਤ ਫੈਕਲਟੀ) ਵੀ ਹਾਜ਼ਰ ਸਨ।

## ਗਜਿੰਦਰ ਸਿੰਘ ਖਾਲਸਾ ਜੱਥੇ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ



ਅੰਮਿਤਸਰ, 21 ਫਰਵਰੀ (ਬਬਲੂ ਮਹਾਜਨ) :ਯੂਕੇ ਤੋਂ ਆਏ ਸਿੰਘ ਸਾਹਿਬ ਗਜਿੰਦਰ ਸਿੰਘ ਖਾਲਸਾ ਦੀ ਅਗਵਾਈ ਹੇਠ ਇੱਕ ਜੱਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਲਈ ਪੁੱਜਿਆ। ਦਰਬਾਰ ਸਾਹਿਬ ਪਹੁੰਚ ਕੇ ਜੱਥੇ ਨੇ ਪਵਿੱਤਰ ਸਰੋਵਰ ਦੇ ਦਰਸ਼ਨ ਕੀਤੇ ਅਤੇ ਗੁਰੂ ਘਰ ਵਿੱਚ ਕੀਰਤਨ ਸਰਵਣ ਕਰਦੇ ਹੋਏ ਆਤਮਿਕ ਅਨੰਦ ਪ੍ਰਾਪਤ ਕੀਤਾ। ਇਸ ਮੌਕੇ ਸੰਗਤ ਵੱਲੋਂ ਸਰਬਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ।ਦਰਸ਼ਨ ਉਪਰੰਤ ਜੱਥਾ ਸੂਚਨਾ ਕੇਂਦਰ ਵਿਖੇ ਗਿਆ ਜਿੱਥੇ ਸੂਚਨਾ ਅਧਿਕਾਰੀ ਰਨਧੀਰ ਸਿੰਘ ਵੱਲੋਂ ਸਿੰਘ ਸਾਹਿਬ ਗਜਿੰਦਰ ਸਿੰਘ ਖਾਲਸਾ ਦਾ ਸਨਮਾਨ ਕੀਤਾ ਗਿਆ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਿੰਘ ਸਾਹਿਬ ਨੇ ਕਿਹਾ ਕਿ ਉਹ ਸਰਦਾਰ ਗੁਰਿੰਦਰ ਸਿੰਘ ਬਾਵਾ ਜੀ ਵੱਲੋਂ ਸ਼੍ਰੀ ਹਜ਼ੂਰ ਸਾਹਿਬ ਵਿਖੇ ਕਰਵਾਏ ਜਾ ਰਹੇ ਹੋਲੇ ਮਹੱਲੇ ਦੇ ਸਮਾਗਮ ਵਿੱਚ ਸ਼ਮੂਲੀਅਤ ਲਈ ਭਾਰਤ ਆਏ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰ ਆ ਕੇ ਮਨ ਨੂੰ ਅਤਿਅੰਤ ਸ਼ਾਂਤੀ ਮਿਲਦੀ ਹੈ ਅਤੇ ਇਹ ਯਾਤਰਾ ਉਹਨਾਂ ਲਈ ਆਤਮਿਕ ਤੌਰ ’ਤੇ ਬਹੁਤ ਮਹੱਤਵਪੂਰਨ ਹੈ।ਇਸ ਮੌਕੇ ਵਰਿੰਦਰ ਸਿੰਘ, ਪ੍ਰਤਾਪ ਸਿੰਘ, ਸੁਖਮੀਤ ਸਿੰਘ, ਲੈਣ-ਜਾਣਾ ਹਾਂਜੀ, ਪਰਮਜੀਤ ਕੌਰ ਪਿੰਕੀ ਭੈਣ ਸਮੇਤ ਹੋਰ ਸੰਗਤ ਵੀ ਹਾਜ਼ਰ ਸਨ। ਸੰਗਤ ਵੱਲੋਂ ਗੁਰੂ ਘਰ ਨਾਲ ਜੁੜਾਅ ਅਤੇ ਪੰਥਕ ਏਕਤਾ ਦਾ ਸੰਦੇਸ਼ ਦਿੱਤਾ ਗਿਆ। ਯੂਕੇ ਤੋਂ ਆਏ ਜੱਥੇ ਦੀ ਆਮਦ ਨਾਲ ਦਰਬਾਰ ਸਾਹਿਬ ਦਾ ਮਾਹੌਲ ਹੋਰ ਵੀ ਭਾਵੁਕ ਅਤੇ ਰੌਣਕਮਈ ਹੋ ਗਿਆ। ਸੰਗਤ ਵੱਲੋਂ ਗੁਰੂ ਘਰ ਨਾਲ ਜੁੜਾਅ ਅਤੇ ਪੰਥਕ ਏਕਤਾ ਦਾ ਸੰਦੇਸ਼ ਦਿੱਤਾ ਗਿਆ। ਯੂਕੇ ਤੋਂ ਆਏ ਜੱਥੇ ਦੀ ਆਮਦ ਨਾਲ ਦਰਬਾਰ ਸਾਹਿਬ ਦਾ ਮਾਹੌਲ ਹੋਰ ਵੀ ਭਾਵੁਕ ਅਤੇ ਰੌਣਕਮਈ ਹੋ ਗਿਆ।

## ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਉਦਯੋਗਿਕ ਦੌਰਾ




ਅੰਮ੍ਰਿਤਸਰ, 21 ਫਰਵਰੀ (ਬਬਲੂ ਮਹਾਜਨ)ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਅੰਮ੍ਰਿਤਸਰ ਦੀ ਪ੍ਰਸਿੱਧ ਇਕਾਈ ਪ੍ਰਾਈਵੇਟ ਲਿਮਟਿਡ ਦਾ ਇੱਕ ਰੋਜ਼ਾ ਉਦਯੋਗਿਕ ਦੌਰਾ ਆਯੋਜਿਤ ਕੀਤਾ ਗਿਆ। ਇਹ ਦੌਰਾ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਭਾਗ ਮੁੱਖੀ ਪ੍ਰੋ. ਹਰਦੇਵ ਕੌਰ ਦੀ ਯੋਗ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ।ਇਸ ਦੌਰੇ ਦਾ ਮੁੱਖ ਉਦੇਸ਼ ਕਾਮਰਸ ਦੇ ਵਿਦਿਆਰਥੀਆਂ ਨੂੰ ਟੈਕਸਟਾਈਲ ਨਿਰਮਾਣ ਦੇ ਖੇਤਰ ਵਿੱਚ ਹੋ ਰਹੀਆਂ ਵਿਹਾਰਕ ਗਤੀਵਿਧੀਆਂ ਤੋਂ ਜਾਣੂ ਕਰਵਾਉਣਾ ਸੀ। ਦੌਰੇ ਦੀ ਸ਼ੁਰੂਆਤ ਇੱਕ ਓਰੀਐਂਟੇਸ਼ਨ ਸੈਸ਼ਨ ਨਾਲ ਹੋਈ, ਜਿਸ ਵਿੱਚ ਕੰਪਨੀ ਦੇ ਪ੍ਰਤੀਨਿਧੀਆਂ ਨੇ ਵਿਦਿਆਰਥੀਆਂ ਨੂੰ ਸੰਗਠਨ ਦੇ ਇਤਿਹਾਸ, ਇਸ ਦੇ ਸੰਚਾਲਨ ਢਾਂਚੇ ਅਤੇ ਰੋਜ਼ਾਨਾ ਦੇ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਤੋਂ ਬਾਅਦ ਵਿਦਿਆਰਥੀਆਂ ਨੂੰ ਫੈਕਟਰੀ ਦੇ ਵੱਖ-ਵੱਖ ਯੂਨਿਟਾਂ ਦਾ ਗਾਈਡਡ ਦੌਰਾ ਕਰਵਾਇਆ ਗਿਆ। ਵਿਦਿਆਰਥੀਆਂ ਨੇ ਕੱਚੇ ਮਾਲ ਦੇ ਨਿਰੀਖਣ ਤੋਂ ਲੈ ਕੇ ਕਤਾਈ, ਬੁਣਾਈ, ਰੰਗਾਈ, ਫਿਨਿਸ਼ਿੰਗ ਅਤੇ ਪੈਕੇਜਿੰਗ ਤੱਕ ਦੇ ਹਰ ਪੜਾਅ ਨੂੰ ਨੇੜਿਓਂ ਦੇਖਿਆ। ਉਨ੍ਹਾਂ ਨੇ ਆਧੁਨਿਕ ਮਸ਼ੀਨਰੀ ਰਾਹੀਂ ਕੱਚੀ ਉੱਨ ਤੋਂ ਤਿਆਰ ਕੱਪੜਾ ਬਣਨ ਦੀ ਪੂਰੀ ਪ੍ਰਕਿਰਿਆ ਨੂੰ ਸਮਝਿਆ। ਕੰਪਨੀ ਅਧਿਕਾਰੀਆਂ ਨੇ ਗੁਣਵੱਤਾ ਨਿਯੰਤਰਣ , ਸੁਰੱਖਿਆ ਉਪਾਵਾਂ ਅਤੇ ਵਰਕਫਲੋ ਪ੍ਰਬੰਧਨ ਬਾਰੇ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਸਿਧਾਂਤਕ ਗਿਆਨ ਨੂੰ ਅਸਲ ਉਦਯੋਗਿਕ ਮਾਹੌਲ ਵਿੱਚ ਲਾਗੂ ਹੁੰਦੇ ਦੇਖਣ ਦਾ ਮੌਕਾ ਮਿਲਿਆ।ਦੌਰੇ ਦੇ ਅੰਤ ਵਿੱਚ ਇੱਕ ਇੰਟਰਐਕਟਿਵ ਸੈਸ਼ਨ ਵੀ ਰੱਖਿਆ ਗਿਆ, ਜਿੱਥੇ ਵਿਦਿਆਰਥੀਆਂ ਨੇ ਟੈਕਸਟਾਈਲ ਸੈਕਟਰ ਵਿੱਚ ਕੈਰੀਅਰ ਦੇ ਮੌਕਿਆਂ ਬਾਰੇ ਆਪਣੇ ਸਵਾਲ ਪੁੱਛੇ। ਕੁੱਲ ਮਿਲਾ ਕੇ ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਜਾਣਕਾਰੀ ਭਰਪੂਰ ਰਿਹਾ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਪ੍ਰੋ. ਰਜਨੀ ਸੈਣੀ ਅਤੇ ਪ੍ਰੋ. ਹਰਿੰਦਰਪਾਲ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਪੁਲਿਸ ਵੱਲੋਂ ਉਗਰਾਹਾਂ ਜਥੇਬੰਦੀ ਦੇ ਆਗੂਆਂ ਦੇ ਘਰਾਂ ’ਤੇ ਲਗਾਤਾਰ ਛਾਪੇਮਾਰੀ ਜਾਰੀ



ਖਡੂਰ ਸਾਹਿਬ, 21 ਫਰਵਰੀ (ਸਰਬਜੀਤ ਸਿੰਘ ਮੀਆਂ ਵਿੰਡ) : ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੁਲੱਖਣ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਕਈ ਮਹੀਨਿਆਂ ਤੋਂ ਉਗਰਾਹਾਂ ਜਥੇਬੰਦੀ ਦੇ ਆਗੂਆਂ ਨੂੰ ਬਿਨਾਂ ਕਸੂਰ ਤੋਂ ਜੇਲ੍ਹਾਂ ਵਿੱਚ ਬੰਦ ਰੱਖਿਆ ਹੋਇਆ ਹੈ ਜੋ ਕਿ ਸਰਕਾਰ ਜਥੇਬੰਦੀਆਂ ਦੇ ਮਨੋਬਲ ਨੀਵਾਂ ਕਰਨ ਲਈ ਇਹੋ ਜਿਹੇ ਹੱਥ ਕੰਡੇ ਅਪਨਾ ਰਹੀ ਹੈ ਉਗਰਾਹਾਂ ਜਥੇਬੰਦੀ ਵੱਲੋਂ ਕਿਸਾਨਾਂ ਦੀ ਰਿਹਾਈ ਵਾਸਤੇ 6 ਫਰਵਰੀ ਨੂੰ ਪ੍ਰੋਗਰਾਮ ਬਠਿੰਡਾ ਦੇ ਡੀ ਸੀ ਦਫਤਰ ਦੇ ਅੱਗੇ ਧਰਨਾ ਪ੍ਰਦਰਸ਼ਨ ਕਰਨ ਲਈ ਉਲੀਕਿਆ ਗਿਆ ਸੀ ਉਸ ਸਮੇਂ ਕਿਸਾਨਾਂ ਘਰਾਂ ਵਿੱਚ ਪੁਲਿਸ ਵੱਲੋਂ ਛਾਪੇ ਮਾਰੀ ਕਰਕੇ ਕਈ ਕਿਸਾਨਾ ਗਿਰਫ਼ਤਾਰ ਕੀਤਾ ਗਿਆ ਧਰਨੇ ’ਤੇ ਜਾ ਰਹੇ ਕਿਸਾਨਾਂ, ਬੀਬੀਆਂ ਤੇ ਲਾਠੀਚਾਰਜ ਕੀਤਾ ਗਿਆ ਅੱਜ ਫਿਰ ਕਿਸਾਨਾਂ ਦੇ ਘਰਾਂ ਵਿੱਚ ਪੁਲਿਸ ਵੱਲੋਂ ਛਾਪੇ ਮਾਰੀ ਕੀਤੀ ਗਈ ਕਈ ਕਿਸਾਨਾਂ ਨੂੰ ਗਿਰਫ਼ਤਾਰ ਕੀਤਾ ਗਿਆ ਅਤੇ ਅਲੱਗ ਅਲੱਗ ਜਗ੍ਹਾ ’ਤੇ ਕਿਸਾਨਾਂ ਨੂੰ ਘੇਰ ਕੇ ਲਾਠੀਚਾਰਜ ਕੀਤਾ ਗਿਆ ਜਿਸ ਤੋਂ ਇਹ ਸਾਫ਼ ਕਲੀਅਰ ਹੈ ਭਗਵੰਤ ਮਾਨ ਦੀ ਸਰਕਾਰ ਚੰਦ ਦਿਨਾਂ ਦੀ ਪਰਾਹੁਣੀ ਹੈ, ਜਦੋਂ ਕੋਈ ਵੀ ਸਰਕਾਰ ਅੰਨ ਦਾਤਿਆਂ ’ਤੇ ਅਤਿਆਚਾਰ ਕਰਦੀ ਹੈ ਸਮਝੋ ਸਰਕਾਰ ਦਾ ਸੂਰਜ ਅਸਤ ਹੋ ਰਿਹਾ ਹੈ ਅਤੇ ਨਾਲ ਹੀ ਇਹੋ ਜਿਹੀਆਂ ਸਰਕਾਰਾਂ ਆਪਣਾ ਨਾਮੋ ਨਿਸ਼ਾਨ ਦੁਨੀਆ ਦੇ ਨਕਸ਼ੇ ਮਿਟਾਉਣ ਲਈ ਖੁਦ ਜ਼ਿੰਮੇਵਾਰ ਹੁੰਦੀਆਂ ਨੇ ਇਹ ਗੱਲਾਂ ਦਾ ਪ੍ਰਗਟਾਵਾ ਕੀਤਾ ਸ੍ਰ ਸੁਲੱਖਣ ਸਿੰਘ, ਭਾਗ ਸਿੰਘ, ਬਲਕਾਰ ਸਿੰਘ, ਸਰਦੂਲ ਸਿੰਘ, ਮੰਗਲ ਸਿੰਘ ਨਾਗੋਕੇ, ਕੁਲਦੀਪ ਸਿੰਘ ਆਲੀਆ , ਸਰਬਜੀਤ ਸਿੰਘ ਦੀਨੇਵਾਲ, ਬਾਬਾ ਜਸਵਿੰਦਰ ਸਿੰਘ ਮੀਆਂ ਵਿੰਡ ਆਦਿ ਆਗੂਆਂ ਹਾਜ਼ਰ ਹੋਏ ਸਨ ਅਤੇ ਨਾਲ ਹੀ ਸਰਕਾਰ ਨੂੰ ਇਹ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਪੁਲਿਸ ਇਸੇ ਤਰ੍ਹਾਂ ਕਿਸਾਨਾਂ ਦੇ ਘਰਾਂ ਵਿੱਚ ਛਾਪੇ ਮਾਰੀ ਕਰੇਗੀ ਫਿਰ ਉਗਰਾਹਾਂ ਜਥੇਬੰਦੀ ਵੱਲੋਂ ਮਜਬੂਰ ਹੋ ਕੇ ਵੱਡਾ ਐਕਸ਼ਨ ਲਿਆ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਭਗਵੰਤ ਮਾਨ ਦੀ ਸਰਕਾਰ ਹੋਵੇ ਗੀ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਮਨਾਇਆ




ਅਜਨਾਲਾ, 21 ਫਰਵਰੀ (ਸੁਖਦੇਵ ਸਿੰਘ ਖਾਲਸਾ) : ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵੱਲੋਂ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ 21 ਫਰਬਰੀ ਨੂੰ ਅੰਤਰਰਾਸ਼ਟਰੀ ਭਾਸ਼ਾ ਦਿਨ ਦੇ ਤੌਰ ’ਤੇ ਸੰਸਾਰ ਵਿੱਚ ਮਨਾਇਆ ਜਾਂਦਾ ਹੈ, ਇਸ ਦਿਨ ਹਰ ਦੇਸ਼ ਦੇ ਵਾਸੀ ,ਲੇਖਕ ,ਸਾਹਿਤਕ ਅਤੇ , ਸਿੱਖਿਆ ਸੰਸਥਾਵਾਂ ਆਪਣੇ ਪੱਧਰ ਤੇ ਮਾਂ ਬੋਲੀ ਨੂੰ ਸਮਰਪਿਤ ਪ੍ਰੋਗਰਾਮ ਕਰਵਾਉਂਦੇ ਹਨ ,ਇਸੇ ਲੜੀ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵੱਲੋਂ ਸਕੂਲ ਵਿਖੇ ਇੱਕ ਪ੍ਰੋਗਰਾਮ ਉਲੀਕਿਆ ਗਿਆ ਜਿਸ ਵਿਚ ਸਭ ਤੋਂ ਪਹਿਲਾਂ ਵਿਦਿਆਰਥੀਆਂ ਨੇ ਮਾਂ ਬੋਲੀ ਸਬੰਧੀ ਡਰਾਇੰਗ ਅਤੇ ਲੇਖ ਮੁਕਾਬਲੇ ਵਿੱਚ ਹਿੱਸਾ ਲਿਆ, ਇਸ ਤੋਂ ਬਾਅਦ ਵਿਦਿਆਰਥੀਆਂ ਨੇ ਮਾਂ ਬੋਲੀ ਸਬੰਧੀ ਗੀਤ ਕਵਿਤਾਵਾਂ ਅਤੇ ਆਪਣੇ ਵਿਚਾਰ ਪੇਸ਼ ਕੀਤੇ , ਉਪਰੰਤ ਮੈਡਮ ਪ੍ਰਮਿੰਦਰ ਗਿੱਲ ਵੱਲੋਂ ਵਿਦਿਆਰਥੀਆਂ ਨੂੰ ਮਾਂ ਬੋਲੀ ਦੀ ਪੜਾਈ ਵਿੱਚ ਮਹੱਤਤਾ ਅਤੇ ਭੂਮਿਕਾ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ ਅਤੇ ਸਕੂਲ ਦੇ ਵਿਦਿਆਰਥੀਆਂ ਨੇ ਪਿਛਲੇ ਸਾਲ ਭਾਸ਼ਾ ਵਿਭਾਗ ਪੰਜਾਬ ਦੇ ਜ਼ਿਲਾ ਪੱਧਰੀ ਮੁਕਾਬਲਿਆਂ ਵਿੱਚ ਇਨਾਮ ਹਾਸਿਲ ਕੀਤਾ, ਪੰਜਾਬੀ ਬੋਲੀ ਦੇ ਵੱਖ ਵੱਖ ਮੁਕਾਬਲਿਆਂ ਵਿੱਚ ਸ਼ਾਮਿਲ ਹੋ ਕੇ ਆਪਣੀ ਬੌਧਿਕਤਾ ਦਾ ਪ੍ਰਦਰਸ਼ਨ ਕੀਤਾ ਨਾਲ ਹੀ ਧਾਰਮਿਕ ਪ੍ਰੀਖਿਆਵਾਂ ਵਿੱਚ ਵੀ ਸ਼ਾਮਿਲ ਹੋ ਕੇ ਵਿਦਿਆਰਥੀਆਂ ਨੇ ਹਰ ਪ੍ਰੀਖਿਆ ਵਿੱਚ ਇਨਾਮਾਂ ਨਾਲ ਆਪਣੀ ਝੋਲੀ ਨੂੰ ਭਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਅਤੇ ਸਮਾਗਮ ਵਿੱਚ ਸਕੂਲ ਦੇ ਸਟਾਫ਼ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਵਿਦਿਆਰਥੀਆਂ ਨੇ ਮਾਂ ਬੋਲੀ ਸਬੰਧੀ ਕੁਝ ਸਵਾਲ ਵੀ ਪੁੱਛੇ ਤੇ ਇਹ ਸਮਾਗਮ ਬਹੁਤ ਰੌਚਕ ਅਤੇ ਗਿਆਨ ਭਰਪੂਰ ਬਣ ਗਿਆ ਅਤੇ ਵਿਦਿਆਰਥੀਆਂ ਦੇ ਮਨਾ ਵਿੱਚ ਛਾਪ ਛੱਡ ਦਿੱਤੀ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਵੰਡੇ ਗਏ ।

## ਕੋਟਪਾ ਐਕਟ 2003 ਤਹਿਤ ਸਿਗਰਟ ਤੰਬਾਕੂ ਦੀ ਵਰਤੋਂ ਕਰਨ ਵਾਲਿਆਂ ਦੇ ਚਲਾਨ



ਦਸੂਹਾ, 21 ਫਰਵਰੀ (ਰਾਜਿੰਦਰ ਸਿੰਘ ਦਸੂਹਾ ) :ਸਿਵਲ ਸਰਜਨ ਹੁਸ਼ਿਆਰਪੁਰ ਬਲਵੀਰ ਕੁਮਾਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਐਸ ਐਮ ਓ ਪੀ ਐਚ ਸੀ ਮੰਡ ਭੰਡੇਰ ਡਾਕਟਰ ਰੋਹਿਤ ਬਰੂਟਾ ਜੀ ਦੀ ਅਗਵਾਈ ਹੇਠ ਦਸੂਹਾ ਸ਼ਹਿਰ ਚ ਟੀਮ ਮੰਡ ਭਡੇਰ ਪੀ ਐਚ ਸੀ ਵੱਲੋਂ ਵੱਖ-ਵੱਖ ਜਗ੍ਹਾ ’ਤੇ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਕੋਟਪਾ ਐਕਟ ਬਾਰੇ ਜਾਣਕਾਰੀ ਦਿੱਤੀ ਅਤੇ ਤੰਬਾਕੂ ਦੀ ਵਰਤੋਂ ਕਾਰਣ ਸਰੀਰ ਅਤੇ ਵਾਤਾਵਰਨ ਵਿੱਚ ਪੈਣ ਵਾਲੇ ਮਾੜੇ ਅਸਰ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਕੋਟਪਾ ਐਕਟ ਦੀ ਉਲੰਘਣਾ ਕਰ ਰਹੇ ਦੁਕਾਨਦਾਰਾਂ ਦੇ ਚਲਾਨ ਵੀ ਕੱਟੇ ਗਏ। ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਤੰਬਾਕੂ ਦੀ ਵਰਤੋਂ ਨਾਲ ਸਰੀਰ ਅਤੇ ਵਾਤਾਵਰਨ ਉਪਰ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਅਤੇ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਕਾਨੂੰਨ 2003 (ਕੋਟਪਾ 2003) ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਹੈਲਥ ਇੰਸਪੈਕਟਰ ਅਸ਼ੋਕ ਕੁਮਾਰ ਨੇ ਦੁਕਾਨਦਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਦੱਸਿਆ ਕਿ 2003 ਦੇਸ਼ ਵਿਚ ਕੋਟਪਾ ਕਾਨੂੰਨ ਲਾਗੂ ਕੀਤਾ ਗਿਆ ਸੀ ਜਿਸ ਦੇ ਤਹਿਤ ਸਰਕਾਰੀ ਅਤੇ ਪ੍ਰਾਇਵੇਟ ਸਿੱਖਿਆ ਸੰਸਥਾਨਾਂ ਅਤੇ ਸਰਕਾਰੀ ਸਿਹਤ ਸੰਸਥਾਨਾਂ ਦੇ ਸੌ ਗਜ਼ ਦੇ ਘੇਰੇ ਅੰਦਰ ਤੰਬਾਕੂ ਉਤਪਾਦ ਵੇਚਣ ਦੀ ਮਨਾਹੀ ਕੀਤੀ ਗਈ ਹੈ, ਅਠਾਰਾਂ ਸਾਲ ਦੀ ਉਮਰ ਤੋਂ ਘੱਟ ਉਮਰ ਦੇ ਨਾਗਰਿਕਾਂ ਨੂੰ ਤੰਬਾਕੂ ਦਾ ਕੋਈ ਵੀ ਉਤਪਾਦ ਵੇਚਣਾ ਸਖ਼ਤ ਮਨ੍ਹਾਂ ਹੈ ਅਤੇ ਖਾਣ ਪੀਣ ਵਾਲੀਆਂ ਚੀਜ਼ਾਂ ਦੇ ਨਾਲ ਤੰਬਾਕੂ ਉਤਪਾਦਾਂ ਨੂੰ ਰੱਖਣਾ ਅਤੇ ਖਾਣ ਪੀਣ ਵਾਲੀਆਂ ਦੁਕਾਨਾਂ ਉੱਪਰ ਤੰਬਾਕੂ ਵਾਲੇ ਉਤਪਾਦਾਂ ਦੀ ਵਿਕਰੀ ਦੀ ਸਖ਼ਤ ਮਨਾਹੀ ਕੀਤੀ ਗਈ ਹੈ। ਇਸ ਮੌਕੇ ਹੈਲਥ ਇੰਸਪੈਕਟਰ ਲਖਵੀਰ ਸਿੰਘ ਜੀ ਨੇ ਤੰਬਾਕੂ ਦੇ ਦੁਸ਼ਪ੍ਰਭਾਵਾਂ ਬਾਰੇ ਦੱਸਦੇ ਹੋਏ ਕਿਹਾ ਕਿ ਸਿਗਰਟ-ਬੀੜੀ ਪੀਣ ਵਾਲੇ ਅਤੇ ਉਨ੍ਹਾਂ ਦੇ ਪਰਿਵਾਰ ਵਿਚ ਉਨ੍ਹਾਂ ਦੇ ਨਾਲ ਰਹਿਣ ਵਾਲਿਆਂ ਨੂੰ ਫੇਫੜਿਆਂ ਅਤੇ ਸਾਹ ਨਲੀ ਦਾ ਕੈਂਸਰ ਹੋਣ ਦਾ ਸਭ ਤੋਂ ਜ਼ਿਆਦਾ ਖਤਰਾ ਹੁੰਦਾ ਹੈ। ਸਿਗਰਟ ਦਾ ਧੂੰਆਂ ਸਿਗਰਟ ਨਾ ਪੀਣ ਵਾਲਾ ਇਨਸਾਨ ਅਸਿੱਧੇ ਰੂਪ ਵਿਚ ਖਿੱਚਦਾ ਹੈ, ਉਹ ਧੂੰਆਂ ਸਿਗਰਟ ਪੀਣ ਵਾਲੇ ਨੂੰ ਹੋਣ ਵਾਲੇ ਨੁਕਸਾਨ ਤੋਂ ਵੀ ਜ਼ਿਆਦਾ ਨੁਕਸਾਨ ਉਸ ਦੇ ਨਾਲ ਖੇਡਦੇ ਹੋਏ ਵਿਅਕਤੀ ਨੂੰ ਕਰਦਾ ਹੈ। ਤੰਬਾਕੂ ਦੇ ਹੋਰ ਉਤਪਾਦ ਵੀ ਵੱਖ ਵੱਖ ਤਰ੍ਹਾਂ ਦਾ ਕੈਂਸਰ ਜਿਵੇਂ ਗਲੇ ਦਾ ਕੈਂਸਰ ਕੈਂਸਰ ਆਦਿ ਦਾ ਮੁੱਖ ਕਾਰਨ ਬਣਦੇ ਹਨ। ਇਸ ਮੌਕੇ ਹੈਲਥ ਇੰਸਪੈਕਟਰ ਲਖਵੀਰ ਸਿੰਘ ,ਅਸ਼ੋਕ ਕੁਮਾਰ, ਸਿਹਤ ਕਰਮਚਾਰੀ ਮਨਦੀਪ ਸਿੰਘ ,ਸੁਨੀਲ ਕੁਮਾਰ, ਲਖਵਿੰਦਰ ਸਿੰਘ , ਰਜਿੰਦਰ ਸਿੰਘ ਮੌਜੂਦ ਸਨ।

## ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ’ਚ ਗੁਰਮਤਿ ਸਮਾਗਮ



ਅੰਮ੍ਰਿਤਸਰ, 21 ਫ਼ਰਵਰੀ(ਗੁਰਦਿਆਲ ਸਿੰਘ) : ਸੰਨ 1921 ਵਿਚਵਾਪਰੇ ਸਾਕਾ ਨਨਕਾਣਾਸਾਹਿਬ ਦੇ ਸ਼ਹੀਦਾਂ ਦੀਯਾਦਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਵਰਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨਕੀਤਾ। ਅਰਦਾਸ ਭਾਈਬਲਜੀਤ ਸਿੰਘ ਨੇ ਕੀਤੀਅਤੇ ਸੰਗਤ ਨੂੰ ਪਾਵਨਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕਭਾਈਹਰਮਿੱਤਰ ਸਿੰਘ ਨੇ ਸਰਵਣਕਰਵਾਇਆ। ਇਸ ਮੌਕੇ ਕਥਾਵਾਚਕਭਾਈ ਹਰਮਿੱਤਰ ਸਿੰਘ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰਭੇਟਕਰਦਿਆਂ ਕਿਹਾ ਕਿ ਸਾਡੇ ਪੁਰਖਿਆਂ ਨੇ ਗੁਰਦੁਆਰਾਸਾਹਿਬਾਨ ਦੇ ਪ੍ਰਬੰਧ ਨੂੰ ਪੰਥਕ ਹੱਥਾਂ ਵਿੱਚਲੈਣਲਈਅਨੇਕਾਂ ਕੁਰਬਾਨੀਆਂ ਦਿੱਤੀਆਂ। ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕਦੇਵ ਜੀ ਦੇ ਪ੍ਰਕਾਸ਼ ਅਸਥਾਨ ਨੂੰ ਅਖੌਤੀ ਮਹੰਤਾਂ ਤੋਂ ਅਜ਼ਾਦਕਰਵਾਉਣ ਲਈ ਸਿੱਖ ਯੋਧਿਆਂ ਨੇ ਜਿਸ ਦ੍ਰਿੜ੍ਹਤਾ ਅਤੇ ਦਲੇਰੀ ਦਾ ਪ੍ਰਗਟਾਵਾ ਕੀਤਾ, ਉਹ ਸਿੱਖ ਕੌਮ ਨੂੰ ਸੰਗਠਤ ਕਰਨਵਿਚ ਮੀਲ-ਪੱਥਰ ਸਾਬਤ ਹੋਇਆ। ਉਨ੍ਹਾਂ ਕਿਹਾ ਕਿ ਆਪਣੀਆਂ ਕੌਮੀ ਸੰਸਥਾਵਾਂ ਦੀਮਜ਼ਬੂਤੀਲਈ ਕੌਮ ਦੇ ਇਨ੍ਹਾਂ ਮਹਾਨਸ਼ਹੀਦਾਂ ਤੋਂ ਸੇਧਲੈ ਕੇ ਪੰਥਕ ਪਹਿਰੇਦਾਰੀਕਰਨੀਸਾਡਾਫਰਜ਼ ਹੈ। ਇਸੇ ਦੌਰਾਨ ਢਾਡੀਭਾਈ ਗੁਰਪ੍ਰੀਤ ਸਿੰਘ ਦੇ ਜਥੇ ਵੱਲੋਂ ਵੀ ਸੰਗਤ ਨੂੰ ਗੁਰ-ਇਤਿਹਾਸਨਾਲਜੋੜਿਆ ਗਿਆ ਸਮਾਗਮਸਮੇਂ ਸ੍ਰੀ ਦਰਬਾਰਸਾਹਿਬ ਦੇ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ,ਸ.ਜਸਬੀਰ ਸਿੰਘ,ਸ.ਗੁਰਤਿੰਦਪਾਲ ਸਿੰਘ ਕਾਦੀਆਂ, ਮੀਤਮੈਨੇਜਰ ਸ. ਦਿਲਬਾਗ ਸਿੰਘ ਆਦਿ ਮੌਜੂਦ ਸਨ।

## ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਤਿੰਨ ਰੋਜ਼ਾ ਅੰਤਰਰਾਸ਼ਟਰੀ ਪੈਥੋਲੋਜੀ ਕਾਨਫ਼ਰੰਸ ਸ਼ੁਰੂ




ਅੰਮ੍ਰਿਤਸਰ, 21 ਫਰਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ ): ਏ.ਆਈ.ਪੀ.ਐੱਨ.ਏ.-ਆਈ.ਸੀ.ਪੀ.-2026 ਅੰਤਰਰਾਸ਼ਟਰੀ ਪੈਥੋਲੋਜੀ ਕਾਨਫ਼ਰੰਸ ਦਾ ਅਗਾਜ਼ ਅੱਜ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਹੋਇਆ। ਤਿੰਨ ਰੋਜ਼ਾ ਇਸ ਅੰਤਰਰਾਸ਼ਟਰੀ ਪੈਥੋਲੋਜੀ ਕਾਨਫਰੰਸ ਦਾ ਉਦਘਾਟਨ ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਕੀਤਾ ਗਿਆ। ਇਸ ਕਾਨਫਰੰਸ ਵਿੱਚ ਦੁਨੀਆ ਭਰ ਦੇ ਮੋਹਰੀ ਪੈਥੋਲੋਜਿਸਟ, ਮੈਡੀਕਲ ਸਿੱਖਿਅਕ, ਖੋਜਕਰਤਾ ਅਤੇ ਸਿਹਤ ਸੰਭਾਲ ਪੇਸ਼ੇਵਰ ਹਿੱਸਾ ਲੈ ਰਹੇ ਹਨ। ਐਸੋਸੀਏਸ਼ਨ ਆਫ਼ ਇੰਡੀਅਨ ਪੈਥੋਲੋਜਿਸਟਸ ਇਨ ਨੌਰਥ ਅਮਰੀਕਾ (ਏ.ਆਈ.ਪੀ.ਐੱਨ.ਏ.) ਅਤੇ ਇੰਡੀਅਨ ਕਾਲਜ ਆਫ਼ ਪੈਥੋਲੋਜਿਸਟਸ (ਆਈ.ਸੀ.ਪੀ.) ਦੀ ਅਗਵਾਈ ਹੇਠ ਆਯੋਜਿਤ, ਇਹ ਕਾਨਫਰੰਸ ਪੈਥੋਲੋਜੀ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਸਹਿਯੋਗ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗੀ।ਤਿੰਨ ਰੋਜ਼ਾ ਅੰਤਰਰਾਸ਼ਟਰੀ ਪੈਥੋਲੋਜੀ ਕਾਨਫਰੰਸ ਦਾ ਉਦਘਾਟਨ ਕਰਦਿਆਂ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਦੀ ਪਾਵਨ ਧਰਤੀ ਉੱਪਰ ਹੋ ਰਹੀ ਇਹ ਕਾਨਫ਼ਰੰਸ ਪੈਥੋਲੋਜੀ ਦੇ ਖੇਤਰ ਵਿੱਚ ਨਵੀਆਂ ਖ਼ੋਜਾਂ ਤੇ ਤਕਨੀਕਾਂ ਨੂੰ ਲਾਗੂ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾਵੇਗੀ। ਉਨ੍ਹਾਂ ਕਿਹਾ ਕਿ ਕਾਨਫਰੰਸ ਦਾ ਉਦੇਸ਼ ਅਤਿ-ਆਧੁਨਿਕ ਖੋਜ, ਨਵੀਨਤਾਕਾਰੀ ਡਾਇਗਨੌਸਟਿਕ ਤਕਨੀਕਾਂ ਅਤੇ ਪਰਿਵਰਤਨਸ਼ੀਲ ਵਿਦਿਅਕ ਅਭਿਆਸਾਂ ਨੂੰ ਸਾਂਝਾ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪੈਥੋਲੋਜੀ ਦੇ ਮਾਹਿਰ ਇਸ ਕਾਨਫ਼ਰੰਸ ਵਿੱਚ ਹਿੱਸਾ ਲੈ ਕੇ ਆਪਸ ਵਿੱਚ ਜੋ ਜਾਣਕਾਰੀ ਸਾਂਝੀ ਕਰ ਰਹੇ ਹਨ ਉਸ ਦਾ ਮੈਡੀਕਲ ਖੇਤਰ ਨੂੰ ਵੱਡਾ ਲਾਭ ਮਿਲੇਗਾ। ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਮੈਡੀਕਲ ਅੰਮ੍ਰਿਤਸਰ ਦੀ ਅਮੀਰ ਵਿਰਾਸਤ ਅਤੇ ਮੈਡੀਸਨ ਦੇ ਖੇਤਰ ਵਿੱਚ ਪੈਥੋਲੋਜੀ ਦੀ ਮਹੱਤਤਾ ਬਾਰੇ ਵੀ ਗੱਲ ਕੀਤੀ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਉਪਰਾਲਿਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਰਕਾਰੀ ਸਿਹਤ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਕਰਨ ਦੇ ਨਾਲ ਇਲਾਜ ਕਰਨ ਵਾਲੇ ਉੱਚ ਤਕਨੀਕੀ ਉਪਕਰਨ ਮੁਹੱਈਆ ਕਰਵਾਏ ਗਏ ਹਨ। ਇਸ ਤੋਂ ਇਲਾਵਾ ਮਾਹਿਰ ਡਾਕਟਰਾਂ ਦੀ ਭਰਤੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਸੂਬਾ ਵਾਸੀਆਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਪਰਿਵਾਰ ਲਈ 10 ਲੱਖ ਰੁਪਏ ਸਲਾਨਾ ਮੁਫ਼ਤ ਇਲਾਜ ਸਹੂਲਤ ਲਈ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ।ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਵਿੱਚ ਡਾ. ਅਵਨੀਸ਼ ਕੁਮਾਰ, ਡਾਇਰੈਕਟਰ ਮੈਡੀਕਲ ਸਿੱਖਿਆ ਅਤੇ ਖੋਜ ਪੰਜਾਬ ਨੇ ਕਿਹਾ ਕਿ ਇਹ ਕਾਨਫਰੰਸ ਨਾ ਸਿਰਫ਼ ਵਿਗਿਆਨਕ ਉੱਤਮਤਾ ਦਾ ਜਸ਼ਨ ਮਨਾਉਂਦੀ ਹੈ ਬਲਕਿ ਅੰਮ੍ਰਿਤਸਰ ਦੀ ਭਾਵਨਾ ਨੂੰ ਵੀ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਇੱਕ ਅਜਿਹਾ ਸ਼ਹਿਰ ਜੋ ਆਪਣੀ ਅਮੀਰ ਵਿਰਾਸਤ, ਪਰਾਹੁਣਚਾਰੀ ਅਤੇ ਸੱਭਿਆਚਾਰਕ ਜੀਵੰਤਤਾ ਲਈ ਜਾਣਿਆ ਜਾਂਦਾ ਹੈ, ਵਿਖੇ ਡੈਲੀਗੇਟਾਂ ਨੂੰ ਪਰੰਪਰਾ ਅਤੇ ਆਧੁਨਿਕਤਾ ਦੇ ਵਿਲੱਖਣ ਮਿਸ਼ਰਣ ਦਾ ਅਨੁਭਵ ਕਰਨ ਦਾ ਮੌਕਾ ਮਿਲੇਗਾ। ਕਾਨਫ਼ਰੰਸ ਦੌਰਾਨ ਡਾ. ਰੁਪਿੰਦਰ ਬਖਸ਼ੀ ਸੰਯੁਕਤ ਡਾਇਰੈਕਟਰ ਮੈਡੀਕਲ ਸਿੱਖਿਆ ਅਤੇ ਖੋਜ ਪੰਜਾਬ, ਡਾ. ਕਰਨਲ ਮਿਸ਼ਰਾ, ਡਾ. ਰਿਤੰਬਰਾ, ਡਾ. ਪਰਮੀਤ ਬੱਗਾ, ਡਾ. ਕੇ.ਡੀ. ਸਿੰਘ, ਡਾ. ਕਰਮਜੀਤ ਸਿੰਘ, ਡਾ. ਜੇ.ਪੀ. ਅਟਾਰੀ, ਡਾ. ਵਿਜੇ ਬੋਦਲ, ਡਾ. ਗਿੱਲ ਅਤੇ ਡਾ. ਜਸਪ੍ਰੀਤ ਸਿੰਘ ਵੀ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਵੀ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ। ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਦਾ ਹਿੱਸਾ ਰਹੇ ਡਾ. ਵਿਨੈ ਕੁਮਾਰ ਨੇ ਕਾਨਫ਼ਰੰਸ ਵਿੱਚ ਸ਼ਿਕਾਗੋ ਤੋਂ ਵਰਚੂਅਲੀ ਤੌਰ ਤੇ ਸ਼ਾਮਲ ਹੋ ਕੇ ਪੈਥੋਲੋਜੀ ਦੇ ਖੇਤਰ ਬਾਰੇ ਆਪਣੀਆਂ ਖੋਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਭਾਰ ਵਧਾਉਣ ਲਈ ਸਭ ਤੋਂ ਵਧੀਆ ਹੈ ਦਾਲ ਤੇ ਘਿਓ

ਅਕਸਰ ਕਈ ਮਾਪੇ ਇਸ ਗੱਲ ਤੋਂ ਪ੍ਰੇਸ਼ਾਨ ਰਹਿੰਦੇ ਹਨ ਕਿ ਉਨ੍ਹਾਂ ਦਾ ਬੱਚਾ ਖਾਣਾ ਤਾਂ ਚੰਗੀ ਤਰ੍ਹਾਂ ਖਾਂਦਾ ਹੈ, ਪਰ ਫਿਰ ਵੀ ਉਹ ਦੁਬਲਾ-ਪਤਲਾ ਹੈ



ਅਤੇ ਉਸ ਦਾ ਭਾਰ ਨਹੀਂ ਵੱਧ ਰਿਹਾ ਹੈ। ਜੇਕਰ ਤੁਸੀਂ ਵੀ ਇਸੇ ਸਮੱਸਿਆ ਦਾ ਸਾਹਮਣਾ ਕਰ ਰਹੇ ਹੋ, ਤਾਂ ਚਿੰਤਾ ਨਾ ਕਰੋ।, ਤੁਸੀਂ ਆਪਣੇ ਬੱਚੇ ਦੀ ਡਾਇਟ ਵਿੱਚ ਕੁਝ ਖ਼ਾਸ ਫੂਡਜ਼ ਨੂੰ ਸ਼ਾਮਲ ਕਰਕੇ ਇਸ ਪਰੇਸ਼ਾਨੀ ਨੂੰ ਦੂਰ ਕਰ ਸਕਦੇ ਹੋ। ਇਸ ਲੇਖ ਵਿੱਚ ਅਸੀਂ ਉਨ੍ਹਾਂ 6 ਬਿਹਤਰੀਨ ਚੀਜ਼ਾਂ ਬਾਰੇ ਦੱਸ ਰਹੇ ਹਾਂ, ਜੋ ਬੱਚੇ ਦਾ ਭਾਰ ਵਧਾਉਣ ਵਿੱਚ ਮਦਦ ਕਰਦੀਆਂ ਹਨ।

**ਦਾਲ ਅਤੇ ਘਿਓ**: ਤੁਸੀਂ ਕਿਸੇ ਵੀ ਦਾਲ ਨੂੰ ਚੰਗੀ ਤਰ੍ਹਾਂ ਉਬਾਲ ਲਓ। ਫਿਰ ਉਸ ਨੂੰ ਚੰਗੀ ਤਰ੍ਹਾਂ ਮੈਸ਼ ਕਰਕੇ ਉਸ ਵਿੱਚ ਘਿਓ ਮਿਲਾਓ ਅਤੇ ਬੱਚੇ ਨੂੰ ਖਿਲਾਓ। ਭਾਰ ਵਧਾਉਣ ਦਾ ਇਹ ਇੱਕ ਬਹੁਤ ਹੀ ਉੱਤਮ ਤਰੀਕਾ ਹੈ।

**ਪਨੀਰ, ਟੋਫੂ ਜਾਂ ਅੰਡਾ**: ਬੱਚੇ ਦੇ ਸਹੀ ਵਿਕਾਸ ਲਈ ਇਹ ਜ਼ਰੂਰੀ ਪੌਸ਼ਕ ਤੱਤ ਹਨ। ਪਨੀਰ, ਟੋਫੂ ਜਾਂ ਅੰਡੇ ਵਿੱਚ ਪ੍ਰੋਟੀਨ ਭਰਪੂਰ ਮਾਤਰਾ ਵਿੱਚ ਹੁੰਦਾ ਹੈ, ਜੋ ਬੱਚੇ ਦਾ ਭਾਰ ਵਧਾਉਣ ਵਿੱਚ ਕਾਫ਼ੀ ਮਦਦਗਾਰ ਸਾਬਤ ਹੁੰਦਾ ਹੈ।

**ਸ਼ਕਰਕੰਦੀ ਜਾਂ ਆਲੂ**: ਸ਼ਕਰਕੰਦੀ ਜਾਂ ਆਲੂ ਨੂੰ ਚੰਗੀ ਤਰ੍ਹਾਂ ਉਬਾਲ ਕੇ ਅਤੇ ਮੈਸ਼ ਕਰਕੇ ਬੱਚੇ ਨੂੰ ਦਿਓ। ਇਸ ਵਿੱਚ ਫਾਈਬਰ ਅਤੇ ਕੰਪਲੈਕਸ ਕਾਰਬੋਹਾਈਡ੍ਰੇਟਸ ਹੁੰਦੇ ਹਨ, ਜੋ ਸਰੀਰ ਨੂੰ ਊਰਜਾ ਦਿੰਦੇ ਹਨ ਅਤੇ ਤੇਜ਼ੀ ਨਾਲ ਭਾਰ ਵਧਾਉਂਦੇ ਹਨ।

**ਪੀਸੇ ਹੋਏ ਸੁੱਕੇ ਮੇਵੇ**: ਸੁੱਕੇ ਮੇਵਿਆਂ ਨੂੰ ਬਾਰੀਕ ਪੀਸ ਲਓ। ਇਸ ਪਾਊਡਰ ਨੂੰ ਤੁਸੀਂ ਦੁੱਧ, ਦਹੀਂ ਜਾਂ ਦਾਲ ਵਿੱਚ ਮਿਲਾ ਕੇ ਬੱਚੇ ਨੂੰ ਦੇ ਸਕਦੇ ਹੋ। ਡ੍ਰਾਈ ਫਰੂਟਸ ਬੱਚੇ ਦਾ ਭਾਰ ਵਧਾਉਣ ਵਿੱਚ ਬਹੁਤ ਅਸਰਦਾਰ ਹੁੰਦੇ ਹਨ।

**ਆਟੇ ਦਾ ਹਲਵਾ ਅਤੇ ਓਟਸ ਦਾ ਦਲੀਆ**: ਬੱਚੇ ਨੂੰ ਹਲਕੀ ਚੀਨੀ ਪਾ ਕੇ ਆਟੇ ਦਾ ਹਲਵਾ ਬਣਾ ਕੇ ਖਿਲਾਉਣ ਨਾਲ ਵੀ ਵਜ਼ਨ ਵਧਦਾ ਹੈ। ਇਸ ਤੋਂ ਇਲਾਵਾ, ਤੁਸੀਂ ਬੱਚੇ ਨੂੰ ਓਟਸ ਦਾ ਦਲੀਆ ਬਣਾ ਕੇ ਵੀ ਦੇ ਸਕਦੇ ਹੋ, ਇਹ ਵੀ ਸਿਹਤ ਲਈ ਬਹੁਤ ਫਾਇਦੇਮੰਦ ਹੈ।

# ਮਹਾਂਰਾਸ਼ਟਰ 'ਚ 1 ਕਰੋੜ ਸਕੂਲੀ ਬੱਚੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਮੁਕਾਬਲਿਆਂ 'ਚ ਲੈਣਗੇ ਭਾਗ

### ਫੜਨਵੀਸ ਤੇ ਬਾਬਾ ਹਰਨਾਮ ਸਿੰਘ ਦੀ ਅਗਵਾਈ ਹੇਠ ਹੋ ਰਹੇ ਤੀਸਰੇ ਸ਼ਤਾਬਦੀ ਸਮਾਗਮਾਂ ਲਈ ਸੰਗਤਾਂ 'ਚ ਭਾਰੀ ਉਤਸ਼ਾਹ: ਚੇਅਰਮੈਨ ਸਿੱਧੂ

ਚੌਕ ਮਹਿਤਾ, 21ਫਰਵਰੀ (ਬਲਰਾਜ ਸਿੰਘ ਰਾਜਾ, ਬਲਜਿੰਦਰ ਸਿੰਘ ਰੰਧਾਵਾ) : ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 28 ਫਰਵਰੀ ਦਿਨ ਸ਼ਨੀਵਾਰ ਤੇ 01 ਮਾਰਚ ਦਿਨ ਐਤਵਾਰ ਨੂੰ ਖਾਰਘਰ (ਨਵੀਂ ਮੁੰਬਈ) ਦੇ ਉਵੇ ਮੈਦਾਨ 'ਚ ਤੀਸਰੇ ਪੜਾਅ ਦੇ ਹੋਣ ਜਾ ਰਹੇ ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਗੁਰਦੁਆਰਾ ਸੁਪਰੀਮ ਕੌਂਸਲ ਨਵੀਂ ਮੁੰਬਈ ਦੇ ਚੇਅਰਮੈਨ ਭਾਈ ਜਸਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸਰਪ੍ਰਸਤੀ 'ਚ ਹੋ ਰਹੇ ਇਹ ਆਖਰੀ ਸ਼ਹੀਦੀ ਸ਼ਤਾਬਦੀ ਸਮਾਗਮ ਬਹੁਤ ਹੀ ਆਲੌਕਿਕ ਤੇ ਵਿਸ਼ਾਲ ਹੋਣਗੇ। ਉਨ੍ਹਾਂ ਕਿਹਾ ਕਿ ਇਸ ਮੌਕੇ ਮਹਾਰਾਸ਼ਟਰ 'ਚ ਕੌਂਕਣ ਏਰੀਆ ਅੰਦਰ ਬਹੁਤ ਹੀ ਧਾਰਮਿਕ ਮਾਹੌਲ ਉਸਰਿਆ ਹੋਇਆ



ਹੈ।ਸਕੂਲਾਂ ਅੰਦਰ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਲੇਖ,ਪੇਂਟਿੰਗ ਤੇ ਸੁੰਦਰ ਲਿਖਾਈ ਆਦਿ ਬਹੁਤ ਸਾਰੇ ਵਿਦਿਅਕ ਮੁਕਾਬਲੇ ਕਰਵਾਏ ਜਾ ਰਹੇ ਹਨ,ਜਿਸ ਵਿੱਚ ਹੁਣ ਤੱਕ 50 ਲੱਖ ਤੋਂ ਵੱਧ ਬੱਚੇ ਭਾਗ ਲੈ ਚੁੱਕੇ ਹਨ ਤੇ ਹੁਣ ਇਸ ਗਿਣਤੀ ਨੂੰ 1 ਕਰੋੜ ਤੱਕ ਲੈ ਕੇ ਜਾਣ ਦਾ ਟੀਚਾ ਹੈ।ਇਹ ਵਿੱਦਿਅਕ ਮੁਕਾਬਲੇ 25 ਫਰਵਰੀ ਤੱਕ ਹੋਣਗੇ,ਉਪਰੰਤ ਕੌਂਕਣ ਡਿਵੀਸ਼ਨ ਦੇ ਕੁਲੈਕਟਰ ਵੱਲੋਂ 15 ਮੁੱਖ ਬੱਚਿਆਂ ਦੀ ਚੋਣ ਕੀਤੀ ਜਾਵੇਗੀ,ਜਿੰਨ੍ਹਾਂ ਨੂੰ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋ ਰਹੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੁਆਰਾ ਸਨਮਾਨਿਤ ਕੀਤਾ ਜਾਵੇਗਾ।ਸਿੱਧੂ ਨੇ ਦੱਸਿਆ ਕਿ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ 4 ਲੱਖ ਤੋਂ ਵੱਧ ਸਕੂਲੀ ਬੱਚਿਆਂ ਵੱਲੋਂ ਵੱਖ ਵੱਖ ਨਗਰ ਕੀਰਤਨ ਵੀ ਸਜਾਏ ਗਏ ਹਨ।ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਦੇ ਸੰਦਰਭ 'ਚ ਇਸ ਸਮੇਂ ਹੋਰ ਵੀ ਬਹੁਤ ਸਾਰੀਆਂ ਗਤੀਵਿਧੀਆਂ ਆਰੰਭੀਆਂ ਗਈਆਂ ਹਨ ।

ਚੇਅਰਮੈਨ ਸਿੱਧੂ ਨੇ ਕਿਹਾ ਕਿ 8 ਦਸੰਬਰ ਨੂੰ ਨਾਗਪੁਰ ਤੇ 24-25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਤੋਂ ਬਾਅਦ ਹੁਣ ਲੜੀ ਦਾ ਤੀਸਰਾ ਤੇ ਆਖਰੀ ਸਮਾਗਮ ਖਾਰਗਰ ਵਿਖੇ ਹੋਣ ਜਾ ਰਿਹਾ ਹੈ,ਜਿਸ ਦੀਆਂ ਸਾਰੀਆਂ ਤਿਆਰੀਆਂ ਲਗਭਗ ਮੁਕੰਮਲ ਹਨ।ਮੈਦਾਨ ਅੰਦਰ ਸੁੰਦਰ ਤੇ ਵਿਸ਼ਾਲ ਪੰਡਾਲ ਦੀ ਤਿਆਰੀ ਹੋ ਚੁੱਕੀ ਹੈ ਤੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਸ ਤੀਸਰੇ ਤੇ ਆਖਰੀ ਸਮਾਗਮ ਪ੍ਰਤੀ ਦੇਸ਼ ਵਿਦੇਸ਼ 'ਚ ਵੱਸਦੀ ਨਾਨਕ ਨਾਮ ਲੇਵਾ ਸੰਗਤਾਂ ਤੇ ਸਮੁੱਚੇ ਸਿੱਖ ਸਮੁਦਾਏ 'ਚ ਭਾਰੀ ਉਤਸ਼ਾਹ ਹੈ।ਉਨ੍ਹਾਂ ਨੇ ਇਸ ਇਤਿਹਾਸਕ ਉਪਰਾਲੇ ਲਈ ਮਹਾਰਾਸ਼ਟਰ ਸਰਕਾਰ ਤੇ ਦਮਦਮੀ ਟਕਸਾਲ ਦਾ ਦਿਲੀ ਧੰਨਵਾਦ ਕਰਦੇ ਹੋਏ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਮਨਾ ਕੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਤੇ ਸੁਪਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਹਾਰਾਸ਼ਟਰ ਵੱਸਦੇ ਵੱਖ ਵੱਖ ਸਿੱਖ ਸਮਾਜਾਂ ਨੂੰ ਇਕੱਤਰ ਕਰਕੇ ਸਭ ਨੂੰ ਮੋਤੀਆਂ ਵਾਂਗ ਸਭ ਨੂੰ ਇੱਕ ਧਾਗੇ 'ਚ ਪਰੋਣ ਦਾ ਮਹਾਨ ਕਾਰਜ ਕੀਤਾ ਹੈ।

### ਮੈਕ ਆਟੋ ਐਕਸਪੋ-2026 ਦਾ ਦੂਜਾ ਦਿਨ

# ਰਿਕਾਰਡ ਤੋੜ ਭੀੜ ਉਦਯੋਗ ਜਗਤ ਵੱਲੋਂ ਉਤਪਾਦਾਂ ਦੀ ਗੁਣਵੱਤਾ ਅਤੇ ਨਵਚੇਤਨਤਾ ਦੀ ਭਰਪੂਰ ਪ੍ਰਸੰਸਾ

ਸਾਹਨੇਵਾਲ,ਕੁਹਾੜਾ 21 ਫਰਵਰੀ (ਕੁਲਦੀਪ ਸਿੰਘ ਕੁਹਾੜਾ) : ਮੈਕ ਆਟੋ ਦਾ ਦੂਜਾ ਦਿਨ ਰਿਕਾਰਡ ਤੋੜ ਹਾਜ਼ਰੀ ਨਾਲ ਬੇਹੱਦ ਸਫਲ ਰਿਹਾ। ਵਿਜ਼ਟਰਾਂ ਦੀ ਵੱਡੀ ਗਿਣਤੀ ਨੇ ਨਿਰਮਾਣ ਅਤੇ ਇੰਜੀਨੀਅਰਿੰਗ ਖੇਤਰ ਵਿੱਚ ਵੱਧਦੇ ਉਤਸ਼ਾਹ ਅਤੇ ਭਰੋਸੇ ਨੂੰ ਸਪਸ਼ਟ ਤੌਰ 'ਤੇ ਦਰਸਾਇਆ। ਸਵੇਰ ਤੋਂ ਹੀ ਪ੍ਰਦਰਸ਼ਨੀ ਹਾਲ ਉਦਯੋਗਪਤੀਆਂ, ਨਿਰਮਾਤਿਆਂ, ਤਕਨੀਕੀ ਵਿਸ਼ੇਸ਼ਗਿਆਂ, ਉਦਯੋਗ ਪ੍ਰੇਣੇਤਾਵਾਂ ਅਤੇ ਫ਼ੈਸਲਾ ਕਰਨ ਵਾਲੇ ਅਧਿਕਾਰੀਆਂ ਨਾਲ ਭਰੇ ਰਹੇ, ਜੋ ਮਸ਼ੀਨਰੀ, ਆਟੋਮੇਸ਼ਨ ਅਤੇ ਪ੍ਰਿਸੀਜ਼ਨ ਇੰਜੀਨੀਅਰਿੰਗ ਵਿੱਚ ਨਵੀਂ ਤਰੱਕੀ ਦੇ ਦਰਸ਼ਨ ਕਰਨ ਲਈ ਉਤਸੁਕ ਸਨ।

ਵਿਜ਼ਟਰਾਂ ਦੀ ਭਾਰੀ ਮੌਜੂਦਗੀ ਨੇ ਮੈਕ ਆਟੋ ਐਕਸਪੋ ਨੂੰ ਇੱਕ ਪ੍ਰਮੁੱਖ ਉਦਯੋਗਿਕ ਮੰਚ ਵਜੋਂ ਹੋਰ ਮਜ਼ਬੂਤ ਕੀਤਾ ਹੈ, ਜਿੱਥੇ ਤਕਨਾਲੋਜੀ, ਨਵਚੇਤਨਤਾ ਅਤੇ ਵਪਾਰਕ ਮੌਕੇ ਇਕੱਠੇ ਹੋ ਕੇ ਸਾਹਮਣੇ ਆਉਂਦੇ ਹਨ। ਪ੍ਰਦਰਸ਼ਕਾਂ ਨੇ ਵਿਜ਼ਟਰਾਂ ਨਾਲ ਹੋਈ ਗੱਲਬਾਤ ਦੌਰਾਨ ਉਤਪਾਦਾਂ ਦੀ ਉੱਚ



ਗੁਣਵੱਤਾ ਦੀ ਖਾਸ ਤੌਰ 'ਤੇ ਸਰਾਹਨਾ ਕੀਤੀ। ਰਵਾਇਤੀ ਪ੍ਰਦਰਸ਼ਨੀਆਂ ਤੋਂ ਵੱਖਰੇ, ਮੈਕ ਆਟੋ ਵਿੱਚ ਸੰਵਾਦ ਕੇਂਦਰਿਤ ਅਤੇ ਵਪਾਰਕ ਰਿਹਾ, ਜਿਸ ਨਾਲ ਕਈ ਗੱਲਬਾਤਾਂ ਠੋਸ ਲੀਡਾਂ, ਪੁੱਛਗਿੱਛਾਂ ਅਤੇ ਸੰਭਾਵਿਤ ਸਹਿਯੋਗ ਵਿੱਚ ਬਦਲ ਗਈਆਂ। ਕਈ ਪ੍ਰਦਰਸ਼ਕਾਂ ਨੇ ਗੰਭੀਰ ਖਰੀਦਦਾਰਾਂ ਵੱਲੋਂ ਮਾਇਨੇਦਾਰ ਪੁੱਛਗਿੱਛ ਮਿਲਣ ਦੀ ਗੱਲ ਦੱਸੀ, ਜੋ ਐਕਸਪੋ ਦੀ ਬਿਜ਼ਨਸ-ਕੇਂਦਰਿਤ ਪ੍ਰਕਿਰਤੀ ਨੂੰ ਦਰਸਾਉਂਦੀ ਹੈ। ਇਸ ਮੌਕੇ 'ਤੇ ਸੀਆਈਸੀਯੂ ਦੇ ਪ੍ਰਧਾਨ ਸ. ਉਪਕਾਰ ਸਿੰਘ ਆਹੂਜਾ ਨੇ ਕਿਹਾ ਕਿ ਦੂਜੇ ਦਿਨ ਦੀ ਸ਼ਾਨਦਾਰ ਪ੍ਰਤੀਕਿਰਿਆ ਐਕਸਪੋ ਦੀ ਭਰੋਸੇਯੋਗਤਾ ਅਤੇ ਨਿਰਮਾਣ ਖੇਤਰ ਦੀ ਵਧਦੀ ਪੱਕੇਪਨ ਨੂੰ ਦਰਸਾਉਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਐਕਸਪੋ ਉਹਨਾਂ ਗੰਭੀਰ ਉਦਯੋਗਕ ਪੇਸ਼ੇਵਰਾਂ ਨੂੰ ਆਕਰਸ਼ਿਤ ਕਰਦਾ ਹੈ ਜੋ ਆਧੁਨਿਕ ਹੱਲਾਂ ਅਤੇ ਤਕਨੀਕੀ ਅਪਗ੍ਰੇਡੇਸ਼ਨ ਦੀ ਖੋਜ ਵਿੱਚ ਹੁੰਦੇ ਹਨ, ਜਿਸ ਨਾਲ ਇਹ ਵਪਾਰਕ ਨੈੱਟਵਰਕਿੰਗ ਅਤੇ ਵਿਕਾਸ ਲਈ ਬਹੁਤ ਹੀ ਉਤਪਾਦਕ ਮੰਚ ਬਣਦਾ ਹੈ। ਦੂਜੇ ਦਿਨ ਦੀ ਸਕਾਰਾਤਮਕ ਪ੍ਰਤੀਕਿਰਿਆ ਨੇ ਮੈਕ ਆਟੋ ਐਕਸਪੋ ਨੂੰ ਖੇਤਰ ਦੀਆਂ ਸਭ ਤੋਂ ਪ੍ਰਭਾਵਸ਼ਾਲੀ ਉਦਯੋਗਕ ਪ੍ਰਦਰਸ਼ਨੀਆਂ ਵਿੱਚੋਂ ਇੱਕ ਵਜੋਂ ਹੋਰ ਮਜ਼ਬੂਤ ਕੀਤਾ ਹੈ। ਭਾਰੀ ਭਾਗੀਦਾਰੀ, ਉੱਚ-ਗੁਣਵੱਤਾ ਵਾਲੀਆਂ ਵਪਾਰਕ ਗੱਲਬਾਤਾਂ ਅਤੇ ਰਣਨੀਤਕ ਨੈੱਟਵਰਕਿੰਗ ਮੌਕਿਆਂ ਨਾਲ, ਇਹ ਐਕਸਪੋ ਉਦਯੋਗਕ ਉਤਕ੍ਰਿਸ਼ਟਤਾ ਨੂੰ ਉਤਸ਼ਾਹਿਤ ਕਰਦਾ, ਸਾਂਝੇਦਾਰੀਆਂ ਨੂੰ ਵਧਾਵਾ ਦਿੰਦਾ ਅਤੇ ਸਮੂਹ ਉਦਯੋਗਕ ਇਕੋਸਿਸਟਮ ਨੂੰ ਮਜ਼ਬੂਤ ਕਰਦਾ ਜਾ ਰਿਹਾ ਹੈ। ਆਯੋਜਕ ਅਤੇ ਭਾਗੀਦਾਰ ਆਸ਼ਾਵਾਨ ਹਨ ਕਿ ਇਹ ਰਫ਼ਤਾਰ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ, ਜਿਸ ਨਾਲ ਵਿਕਾਸ, ਸਹਿਯੋਗ ਅਤੇ ਨਵਚੇਤਨਤਾ ਦੇ ਹੋਰ ਵੱਡੇ ਮੌਕੇ ਸਿਰਜੇ।

# ਅਭਯੁਦਯ 2025-2026 ਪਤੰਜਲੀ ਯੂਨੀਵਰਸਿਟੀ ਵਿਖੇ ਕਰਵਾਇਆ

ਨਵੀਂ ਦਿੱਲੀ, 21 ਫਰਵਰੀ (ਚ.ਨ.ਸ.) : ਸਾਲਾਨਾ ਸੱਭਿਆਚਾਰਕ ਅਤੇ ਵਿਦਿਅਕ ਉਤਸਵ ਅਭਯੁਦਯ 2026 ਪਤੰਜਲੀ ਯੂਨੀਵਰਸਿਟੀ, ਹਰਿਦੁਆਰ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਬਹੁਤ ਹੀ ਮਾਣ, ਅਧਿਆਤਮਿਕ ਖੁਸ਼ੀ ਅਤੇ ਰਾਸ਼ਟਰੀ ਮਾਣ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ ਪ੍ਰਾਚੀਨ ਗੁਰੂਕੁਲ ਪਰੰਪਰਾ ਅਤੇ ਆਧੁਨਿਕ ਸਿੱਖਿਆ ਦੇ ਜੀਵੰਤ ਏਕੀਕਰਨ ਦੇ ਪ੍ਰਤੀਕ ਵਜੋਂ ਉਭਰਿਆ। ਇਸ ਸਾਲ ਦੇ ਅਭਯੁਦਯ ਪ੍ਰੋਗਰਾਮ ਦਾ ਵਿਸ਼ਾ ÷ਯੋਗ ਤੋਂ ਮੁਰਦਿਆਂ ਦੇ ਯੁੱਗ ਤੱਕ÷ ਸੀ। ਪ੍ਰੋਗਰਾਮ ਦੀਵੇ ਜਗਾਉਣ ਨਾਲ ਸ਼ੁਰੂ ਹੋਇਆ। ਪਤੰਜਲੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ÷ਯੋਗ ਤੋਂ ਮੁਰਦਿਆਂ ਦੇ ਯੁੱਗ ਤੱਕ÷ ਨਾਟਕ ਪੇਸ਼ ਕਰਕੇ ਵਿਸ਼ੇਸ਼ ਮਹਿਮਾਨਾਂ ਨੂੰ ਮੋਹਿਤ ਕੀਤਾ। ਇਸ ਮੌਕੇ 'ਤੇ, ਪਤੰਜਲੀ ਯੂਨੀਵਰਸਿਟੀ ਦੇ ਚਾਂਸਲਰ, ਸਵਾਮੀ ਰਾਮਦੇਵ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ, ÷ਤੁਸੀਂ ਸਾਰੇ ਪਤੰਜਲੀ ਯੂਨੀਵਰਸਿਟੀ ਦੇ ਵਿਦਿਆਰਥੀ ਹੋ, ਜੋ ਕਿ ਪੂਰੀ ਦੁਨੀਆ ਵਿੱਚ ਸੱਭਿਆਚਾਰ ਦਾ ਸਭ ਤੋਂ ਵੱਡਾ ਕੇਂਦਰ ਹੈ।÷ ਤੁਸੀਂ ਸਾਰੇ ਇਸ ਰਿਸ਼ੀ ਸੱਭਿਆਚਾਰ ਦੇ ਝੰਡਾਬਰਦਾਰ ਬਣ



ਕੇ ਇਸ ਰਸਮ ਨੂੰ ਅੱਗੇ ਵਧਾ ਰਹੇ ਹੋ। ਸਵਾਮੀ ਜੀ ਨੇ ਕਿਹਾ ਕਿ ਜਿਨ੍ਹਾਂ ਸੰਕਲਪਾਂ @ਤੇ ਅਸੀਂ ਰਹਿੰਦੇ ਹਾਂ, ਉਹ ਤੁਹਾਡੇ ਸਾਰਿਆਂ ਦੇ ਅੰਦਰ ਠੋਸ ਰੂਪ ਲੈ ਰਹੇ ਹਨ। ਨਾਟਕ ਪੇਸ਼ਕਾਰੀ ਦੇਖਣ ਤੋਂ ਬਾਅਦ, ਸਵਾਮੀ ਜੀ ਨੇ ਕਿਹਾ ਕਿ ਅੱਜ, ਇੱਕ ਸਾਜ਼ਿਸ਼ ਦੇ ਹਿੱਸੇ ਵਜੋਂ, ਭਾਰਤ ਨੂੰ ਵਿਸ਼ਵ ਨੇਤਾ ਵਜੋਂ ਕਈ ਗੁੰਮਰਾਹਕੁੰਨ ਗੱਲਾਂ ਫੈਲਾਈਆਂ ਜਾ ਰਹੀਆਂ ਹਨ। ਹਾਲਾਂਕਿ, ਭਾਰਤ ਵਿਸ਼ਵ ਨੇਤਾ ਸੀ, ਹੈ, ਅਤੇ ਹਮੇਸ਼ਾ ਰਹੇਗਾ। ਉਸ ਤਾਕਤ, ਬਹਾਦਰੀ, ਹਿੰਮਤ ਅਤੇ ਦਿਲ ਦੇ ਦ੍ਰਿੜ ਇਰਾਦੇ ਨਾਲ ਜੋ ਬਿਨਾਂ ਕਿਸੇ ਸ਼ੱਕ, ਅਟੱਲ ਯਤਨ, ਮਹਾਨ ਸੋਚ, ਸਖ਼ਤ ਮਿਹਨਤ ਅਤੇ ਦ੍ਰਿੜ ਇਰਾਦੇ ਨਾਲ ਹੈ, ਅਸੀਂ ਅੱਗੇ ਵਧਾਂਗੇ ਅਤੇ ਭਾਰਤ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਾਂਗੇ। ਇਹ ਸਿਰਫ਼ ਇੱਕ ਨਾਟਕ ਨਹੀਂ ਹੈ, ਸਗੋਂ ਇਨ੍ਹਾਂ ਵਿਦਿਆਰਥੀਆਂ ਦੇ ਜੀਵਨ ਦੀ ਅਸਲੀਅਤ ਹੈ। ਉਹ ਉਸ ਅਸਲੀਅਤ ਦੇ ਜਿਉਂਦੇ ਜਾਗਦੇ ਰੂਪ ਹਨ: ਧਰਮ, ਅਧਿਆਤਮਿਕਤਾ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ। ਜਦੋਂ ਮੈਂ ਇਨ੍ਹਾਂ ਵਿਦਿਆਰਥੀਆਂ ਦੇ ਆਚਰਣ ਅਤੇ ਕਾਰਜਾਂ ਨੂੰ ਵੇਖਦਾ ਹਾਂ, ਤਾਂ ਮੇਰਾ ਦਿਲ ਉਮੀਦ ਅਤੇ ਵਿਸ਼ਵਾਸ ਨਾਲ ਭਰ ਜਾਂਦਾ ਹੈ ਕਿ ਪਿਛਲੇ 50 ਸਾਲਾਂ ਤੋਂ ਅਸੀਂ ਜੋ ਤਪੱਸਿਆ ਕੀਤੀ ਹੈ, ਉਹ ਤੁਹਾਡੇ ਵਿੱਚ ਫਲ ਦੇ ਰਹੀ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਸਾਡੇ ਪਤੰਜਲੀ ਵਿਦਿਆਰਥੀ ਕਦੇ ਵੀ ਆਪਣੇ ਚਰਿੱਤਰ ਤੋਂ ਭਟਕਣਗੇ ਨਹੀਂ। ਇਹ ਸਾਡੀ ਅੰਦਰੂਨੀ ਤਾਕਤ, ਵੇਦਾਂ ਦੀ ਸ਼ਕਤੀ ਅਤੇ ਬ੍ਰਹਮਾ ਦੀ ਸ਼ਕਤੀ ਹੈ। ਇਹ ਸਾਡਾ ਰਾਮਤਵ, ਕ੍ਰਿਸ਼ਨਤਵ, ਹਨੂਮਤਵ, ਸ਼ਿਵਤਵ ਅਤੇ ਗੁਰੂਤਵ ਹੈ। ਇਸ ਸਮਾਗਮ ਵਿੱਚ, ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਆਚਾਰੀਆ ਬਾਲਕ੍ਰਿਸ਼ਨ ਨੇ ਨਾਟਕ ਦੇ ਸਫਲ ਆਯੋਜਨ ਲਈ ਸਾਧਵੀ ਦੇਵਪ੍ਰਿਆ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਧਵੀ ਜੀ ਨੇ ਇਸ ਨਾਟਕ ਦੇ ਸਫਲ ਆਯੋਜਨ ਵਿੱਚ ਕੁਸ਼ਲ ਅਗਵਾਈ ਪ੍ਰਦਾਨ ਕੀਤੀ ਹੈ। ਉਨ੍ਹਾਂ ਨੇ ਲੇਖਕਾਂ, ਟ੍ਰੇਨਰਾਂ ਦੀ ਟੀਮ ਅਤੇ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਵੀ ਜਾਣ-ਪਛਾਣ ਕਰਵਾਈ, ਉਨ੍ਹਾਂ ਦਾ ਵੀ ਧੰਨਵਾਦ ਕੀਤਾ।

# ਸੈਂਟਰਲ ਬੈਂਕ ਆਫ਼ ਇੰਡੀਆ ਵੱਲੋਂ ਜ਼ੀਰਕਪੁਰ ਵਿੱਚ ਰਿਟੇਲ ਕ੍ਰੈਡਿਟ ਆਊਟਰੀਚ ਕੈਂਪ

ਜ਼ੀਰਕਪੁਰ, 21 ਫਰਵਰੀ (ਚ.ਨ.ਸ.) : ਜ਼ੀਰਕਪੁਰ ਦੇ ਐਸਬੀਪੀ ਦਫ਼ਤਰ ਵਿਖੇ ਰਿਟੇਲ ਬੈਂਕਿੰਗ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਅਤੇ ਸੰਭਾਵੀ ਗਾਹਕਾਂ ਵਿੱਚ ਕ੍ਰੈਡਿਟ ਪਹੁੰਚ ਨੂੰ ਮਜ਼ਬੂਤ ਕਰਨ ਲਈ ਇੱਕ ਸਫਲ




ਰਿਟੇਲ ਕ੍ਰੈਡਿਟ ਆਊਟਰੀਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੀ ਅਗਵਾਈ ਕੇਂਦਰੀ ਦਫ਼ਤਰ ਦੇ ਜਨਰਲ ਮੈਨੇਜਰ ਸ਼੍ਰੀ ਐਸ.ਵੀ. ਮੰਗਰੂਲਕਰ ਨੇ ਕੀਤੀ ਅਤੇ ਇਸ ਵਿੱਚ ਚੰਡੀਗੜ੍ਹ ਦੇ ਖੇਤਰੀ ਮੁਖੀ ਸ਼੍ਰੀ ਰਾਮ ਕੁਮਾਰ ਯਾਦਵ ਦੀ ਮੌਜੂਦਗੀ ਸ਼ਾਮਲ ਸੀ। ਇਸ ਮੌਕੇ ਵਿਸ਼ੇਸ਼ ਮਹਿਮਾਨਾਂ ਵਿੱਚ ਹਰਿਆਣਾ ਸਰਕਾਰ ਦੇ ਜ਼ਿਲ੍ਹਾ ਅਟਾਰਨੀ ਸ਼੍ਰੀ ਮਨੋਜ ਕੁਮਾਰ; ਐਸਬੀਪੀ ਗਰੁੱਪ ਦੇ ਚੇਅਰਮੈਨ ਸ਼੍ਰੀ ਆਲੋਕ ਕਪੂਰ; ਐਸਬੀਪੀ ਗਰੁੱਪ ਦੇ ਉਪ ਪ੍ਰਧਾਨ ਸ਼੍ਰੀ ਸ਼ੇਸ਼ ਪਾਲ; ਅਤੇ ਆਰਐਸਏ ਮੋਟਰਜ਼ ਤੋਂ ਸ਼੍ਰੀ ਰਵਿੰਦਰ ਸ਼ਾਮਲ ਸਨ। ਘਰੇਲੂ ਕਰਜ਼ੇ, ਵਾਹਨ ਕਰਜ਼ੇ, ਮੌਰਗੇਜ ਕਰਜ਼ੇ ਅਤੇ ਨਿੱਜੀ ਕਰਜ਼ੇ ਸਮੇਤ ਵੱਖ-ਵੱਖ ਪ੍ਰਚੂਨ ਕਰਜ਼ੇ ਦੇ ਉਤਪਾਦਾਂ ਬਾਰੇ ਵਿਸਤ੍ਰਿਤ ਪੇਸ਼ਕਾਰੀਆਂ ਦਿੱਤੀਆਂ ਗਈਆਂ। ਸਮਾਜਿਕ ਸੁਰੱਖਿਆ ਸਕੀਮਾਂ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ ਗਈ, ਅਤੇ ਗਾਹਕਾਂ ਨਾਲ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇਣ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤੇ ਗਏ। ਇਹ ਸਮਾਗਮ ਵਿਸ਼ੇਸ਼ ਮਹਿਮਾਨਾਂ ਦੇ ਕੀਮਤੀ ਸੁਝਾਵਾਂ ਅਤੇ ਪ੍ਰੇਰਨਾਦਾਇਕ ਮਾਰਗਦਰਸ਼ਨ ਨਾਲ ਸਮਾਪਤ ਹੋਇਆ। ਇਹ ਆਊਟਰੀਚ ਪਹਿਲ ਬਹੁਤ ਹੀ ਅਰਥਪੂਰਨ, ਪ੍ਰਭਾਵਸ਼ਾਲੀ ਅਤੇ ਲਾਭਕਾਰੀ ਸਾਬਤ ਹੋਈ, ਜਿਸ ਨਾਲ ਬੈਂਕ ਅਤੇ ਐਸਬੀਪੀ ਗਰੁੱਪ ਵਿਚਕਾਰ ਭਾਈਵਾਲੀ ਹੋਰ ਮਜ਼ਬੂਤ ਹੋਈ।

### ਹਰਮਨਪ੍ਰੀਤ ਬਣੀ ਸਭ ਤੋਂ ਵੱਧ ਮੈਚ ਖੇਡਣ ਵਾਲੀ ਮਹਿਲਾ ਕ੍ਰਿਕਟਰ

ਕੈਨਬਰਾ , 21 ਫਰਵਰੀ (ਚ.ਨ.ਸ.) : ਭਾਰਤ ਦੀ ਮਹਿਲਾ ਵਿਸ਼ਵ ਕੱਪ ਜੇਤੂ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ ਆਸਟ੍ਰੇਲੀਆ ਵਿਰੁੱਧ ਦੂਜੇ ਟੀ-20 'ਚ ਖੇਡਣ ਦੇ ਨਾਲ ਹੀ ਸਭ ਤੋਂ ਵੱਧ ਮੈਚ ਖੇਡਣ ਵਾਲੀ ਕੌਮਾਂਤਰੀ ਮਹਿਲਾ ਕ੍ਰਿਕਟਰ ਬਣ ਗਈ। ਹਰਮਨਪ੍ਰੀਤ ਕੌਰ ਨੇ ਵੀਰਵਾਰ ਨੂੰ ਭਾਰਤ ਲਈ ਸਾਰੇ ਫਾਰਮੈਟਾਂ 'ਚ ਆਪਣਾ 356ਵਾਂ ਮੈਚ ਖੇਡ ਕੇ ਇਹ ਉਪਲੱਬਧੀ ਹਾਸਲ ਕੀਤੀ। ਇਸ ਦੇ ਨਾਲ ਉਸ ਨੇ ਨਿਊਜ਼ੀਲੈਂਡ ਦੀ ਮਹਾਨ ਸੂਜ਼ੀ ਬੇਟਸ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ।ਕੌਰ ਨੇ 2009 'ਚ ਕੌਮਾਂਤਰੀ ਕ੍ਰਿਕਟ 'ਚ ਸ਼ੁਰੂਆਤ ਕਰਨ ਤੋਂ ਬਾਅਦ 6 ਟੈਸਟ ਮੈਚ, 161 ਵਨ ਡੇ ਅਤੇ 189 ਕੌਮਾਂਤਰੀ ਟੀ-20 ਮੈਚ ਖੇਡੇ ਹਨ। ਆਈ.ਸੀ.ਸੀ. ਅਨੁਸਾਰ, ਉਹ ਭਾਰਤ 'ਚ ਮਹਿਲਾ ਕ੍ਰਿਕਟ ਕ੍ਰਾਂਤੀ ਦਾ ਇਕ ਵੱਡਾ ਹਿੱਸਾ ਰਹੀ ਹੈ ਅਤੇ ਪਿਛਲੇ ਸਾਲ ਉਸ ਨੇ ਟੀਮ ਨੂੰ ਪਹਿਲੀ ਵਾਰ ਵਿਸ਼ਵ ਚੈਂਪੀਅਨਸ਼ਿਪ ਜਿਤਾਈ।ਬੱਲੇ ਨਾਲ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀ ਕੌਰ ਨੇ 140 ਵਨ ਡੇ ਪਾਰੀਆਂ 'ਚ 37.05 ਦੀ ਔਸਤ ਨਾਲ 4409 ਦੌੜਾਂ ਬਣਾਈਆਂ ਹਨ, ਟੈਸਟ 'ਚ 200 ਦੌੜਾਂ ਅਤੇ ਟੀ-20 'ਚ 3820 ਦੌੜਾਂ ਬਣਾਈਆਂ ਹਨ। ਉਸ ਨੇ ਭਾਰਤ ਲਈ 8 ਸੈਂਕੜੇ ਅਤੇ 38 ਅਰਧ ਸੈਂਕੜੇ ਲਾਏ ਹਨ।

### ਭਾਰਤ ਦਾ ਪਹਿਲਾ ਏਆਈ ਫੈਸਟ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਸਮਾਪਤ

# 2030 ਤੱਕ 1.5 ਲੱਖ ਨੌਜਵਾਨਾਂ ਨੂੰ ਸਿਖਲਾਈ ਦੇਣ ਦੇ ਟੀਚੇ ਨਾਲ ਏਆਈ ਐਥਿਕਸ ਸਿਖਲਾਈ ਪ੍ਰੋਗਰਾਮ ਸ਼ੁਰੂ

ਮੁਹਾਲੀ, 21 ਫਰਵਰੀ (ਚ.ਨ.ਸ.): ਚੰਡੀਗੜ੍ਹ ਯੂਨੀਵਰਸਿਟੀ ਵਿਖੇ ਤਿੰਨ ਦਿਨਾਂ ਏਆਈ ਫੈਸਟ 2026 ਭਾਰਤ ਦੇ ਪਹਿਲੇ ਅਤੇ ਸਭ ਤੋਂ ਵੱਡੇ ਯੂਨੀਵਰਸਿਟੀ-ਸੰਚਾਲਿਤ ਸਟਾਰਟਅੱਪ ਲਾਂਚਪੈਡ ਕੈਂਪਸ ਟੈਂਕ ਦੇ ਫਿਨਾਲੇ ਨਾਲ ਸਮਾਪਤ ਹੋਇਆ। ਕੈਂਪਸ ਟੈਂਕ ਫਾਈਨਲ ਵਿੱਚ ਚੋਟੀ ਦੇ 10 ਸਟਾਰਟਅੱਪਸ ਦਾ ਐਲਾਨ ਕੀਤਾ ਗਿਆ, ਜਿਸਨੇ £6 ਮਿਲੀਅਨ ਦੇ ਫੰਡਿੰਗ ਪੂਲ ਤੱਕ ਪਹੁੰਚ ਪ੍ਰਾਪਤ ਕੀਤੀ। ਕੈਂਪਸ ਟੈਂਕ, ਸਭ ਤੋਂ ਵੱਡਾ ਯੂਨੀਵਰਸਿਟੀ-ਸੰਚਾਲਿਤ ਸਟਾਰਟਅੱਪ ਲਾਂਚਪੈਡ, ਚੰਡੀਗੜ੍ਹ ਯੂਨੀਵਰਸਿਟੀ ਦੁਆਰਾ ਇੱਕ ਭਾਰਤੀ ਯੂਨੀਕੋਰਨ ਅਤੇ ਮੋਹਰੀ ਪੇਸ਼ੇਵਰ ਨੌਕਰੀ ਨੈੱਟਵਰਕਿੰਗ ਪਲੇਟਫਾਰਮ, ਅਪਨਾ, ਅਤੇ ਭਾਰਤ ਦੇ ਮੋਹਰੀ ਸਟਾਰਟਅੱਪ ਇਨਕਿਊਬੇਟਰਾਂ ਵਿੱਚੋਂ ਇੱਕ, ਵੈਂਚਰ ਕੈਟਾਲਿਸਟਸ ਦੇ ਸਹਿਯੋਗ ਨਾਲ ਲਾਂਚ ਕੀਤਾ ਗਿਆ ਸੀ।

ਮਾਹਿਰਾਂ ਦੀ ਸਲਾਹ ਅਤੇ ਉੱਦਮ ਮਾਰਗਦਰਸ਼ਨ ਇਹਨਾਂ ਸਟਾਰਟਅੱਪਾਂ ਨੂੰ ਆਪਣੇ ਨਵੀਨਤਾਕਾਰੀ ਵਿਚਾਰਾਂ ਨੂੰ ਮਾਰਕੀਟ-ਤਿਆਰੀ ਵਿੱਚ ਬਦਲਣ




ਵਿੱਚ ਮਦਦ ਕਰੇਗਾ, ਸਟਾਰਟਅੱਪ ਇੰਡੀਆ ਮਿਸ਼ਨ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗਾ, ਅਤੇ ਭਾਰਤ ਦੇ ਉੱਦਮੀ ਵਿਕਾਸ ਨੂੰ ਮਜ਼ਬੂਤ ??ਕਰੇਗਾ। ਫੰਡਿੰਗ ਸਹਾਇਤਾ ਤੋਂ ਇਲਾਵਾ, ਉੱਚ-ਪ੍ਰਭਾਵ ਵਾਲੇ ਸਟਾਰਟਅੱਪਾਂ ਨੂੰ ਢਾਂਚਾਗਤ ਇਨਕਿਊਬੇਸ਼ਨ, ਰਣਨੀਤਕ ਹੈਂਡਹੋਲਡਿੰਗ, ਅਤੇ ਮਜ਼ਬੂਤ ??ਈਕੋਸਿਸਟਮ ਭਾਈਵਾਲੀ ਤੱਕ ਪਹੁੰਚ ਪ੍ਰਾਪਤ ਹੋਵੇਗੀ ਤਾਂ ਜੋ ਉਹਨਾਂ ਨੂੰ ਆਪਣੇ ਕਾਰੋਬਾਰੀ ਮਾਡਲਾਂ ਨੂੰ ਸੁਧਾਰਨ, ਉਤਪਾਦ-ਮਾਰਕੀਟ ਫਿੱਟ ਪ੍ਰਾਪਤ ਕਰਨ ਅਤੇ ਸਥਿਰਤਾ ਨਾਲ ਸਕੇਲ ਕਰਨ ਵਿੱਚ ਮਦਦ ਮਿਲ ਸਕੇ। ਛੇ ਮਹੀਨਿਆਂ ਦੀ ਚੋਣ ਪ੍ਰਕਿਰਿਆ ਵਿੱਚ, ਪਹਿਲੇ ਦੌਰ ਵਿੱਚ 21,789 ਰਜਿਸਟ੍ਰੇਸ਼ਨਾਂ ਵਿੱਚੋਂ 1,000 ਸਟਾਰਟਅੱਪਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਸੀ।

ਦੂਜੇ ਦੌਰ ਲਈ 500 ਟੀਮਾਂ ਦੀ ਚੋਣ ਕੀਤੀ ਗਈ, ਅਤੇ ਫਾਈਨਲ ਲਈ 300 ਟੀਮਾਂ ਦੀ ਚੋਣ ਕੀਤੀ ਗਈ। ਇਹਨਾਂ ਵਿੱਚੋਂ, 100 ਨੇ ਆਪਣੇ ਉਤਪਾਦਾਂ ਦੇ ਨਾਲ ਆਪਣੇ ਮਾਰਕੀਟ-ਤਿਆਰ ਸਟਾਰਟਅੱਪਸ ਦਾ ਪ੍ਰਦਰਸ਼ਨ ਕੀਤਾ, ਜਦੋਂ ਕਿ 200 ਟੀਮਾਂ ਨੇ ਵਿਸਤ੍ਰਿਤ ਪੇਸ਼ਕਾਰੀਆਂ ਰਾਹੀਂ ਆਪਣੇ ਵਿਚਾਰ ਪੇਸ਼ ਕੀਤੇ।

ਉਨ੍ਹਾਂ ਅੱਗੇ ਕਿਹਾ, ਕੇਂਦਰ ਸਰਕਾਰ ਨੇ ਸਟਾਰਟਅੱਪਸ ਲਈ ਫੰਡ ਆਫ਼ ਫੰਡਜ਼, ਸਟਾਰਟਅੱਪ ਇੰਡੀਆ ਸੀਡ ਫੰਡ, ਅਤੇ ਕ੍ਰੈਡਿਟ ਗਾਰੰਟੀ ਵਰਗੀਆਂ ਯੋਜਨਾਵਾਂ ਰਾਹੀਂ ਪੂੰਜੀ ਤੱਕ ਪਹੁੰਚ ਨੂੰ ਮਜ਼ਬੂਤ ਕੀਤਾ ਹੈ, 25,000 ਕਰੋੜ ਤੋਂ ਵੱਧ ਦੇ ਨਿਵੇਸ਼ਾਂ ਦਾ ਸਮਰਥਨ ਕੀਤਾ ਹੈ। ਕੈਂਪਸ ਟੈਂਕ ਪਹਿਲਕਦਮੀ ਰਾਹੀਂ, ਸਾਡਾ ਉਦੇਸ਼ ਇਸ ਵਿਕਾਸ ਨੂੰ ਤੇਜ਼ ਕਰਨਾ ਅਤੇ ਉੱਦਮੀਆਂ ਦੀ ਭਵਿੱਖੀ ਪੀੜ੍ਹੀ ਨੂੰ ਸਸ਼ਕਤ ਬਣਾਉਣਾ ਹੈ। ਕੈਂਪਸ ਟੈਂਕ ਦੇਸ਼ ਦੇ ਨੌਜਵਾਨ ਨਵੀਨਤਾਕਾਰਾਂ ਵਿੱਚ ਉੱਦਮਤਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰ ਰਿਹਾ ਹੈ ਅਤੇ ਕੇਂਦਰ ਸਰਕਾਰ ਦੇ ਦੇਸ਼ ਨੂੰ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਬਣਾਉਣ, ਚੀਨ ਨੂੰ ਪਛਾੜਨ ਅਤੇ 2047 ਤੱਕ 1,000 ਯੂਨੀਕੋਰਨ ਬਣਾਉਣ ਦੇ ਵੱਡੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਮਦਦ ਕਰ ਰਿਹਾ ਹੈ।

ST. MICHAEL'S CONVENT SCHOOL
SMCS
LET YOUR LIGHT SHINE
JULKAN, DEVIGARH

ST. MICHAEL'S CONVENT SCHOOL
JULKAN DEVIGARH-147111
Affiliated to CISCE, New Delhi
(Affiliation No. PU125)



Teachers Required
TGT - Geography, English
PRT - Primary Classes (All Subjects)
Eligibility:
B.Ed., Experienced and Fluent in English
MOBILE: 94784 43407
Send Your Resume to: st.michael2006julkan@gmail.com

# ਸ਼ਹੀਦ ਭਗਤ ਸਿੰਘ ਨਗਰ ਪੁਲਿਸ ਨੂੰ ਨਸ਼ਿਆਂ ਖਿਲਾਫ਼ ਚਲਾਈ ਮੁਹਿੰਮ 'ਚ ਭਾਰੀ ਕਾਮਯਾਬੀ ਮਿਲੀ

## ➢ਨਸ਼ਿਆਂ ਦਾ ਕਾਰੋਬਾਰੀ ਸਾਥੀਆਂ ਸਮੇਤ ਗ੍ਰਿਫ਼ਤਾਰ



ਨਵਾਂ ਸ਼ਹਿਰ, 21 ਫਰਵਰੀ (ਸੁਖਦੇਵ ਸਿੰਘ ਉੜਾਪੜ) : ਨਵਾਂ ਸ਼ਹਿਰ ਪੁਲਿਸ ਨੂੰ ਨਸ਼ਿਆਂ ਖਿਲਾਫ ਚਲਾਈ ਵਿਸ਼ੇਸ਼ ਮੁਹਿੰਮ ਵਿੱਚ ਭਾਰੀ ਕਾਮਯਾਬੀ ਮਿਲੀ ਹੈ। ਪੁਲਿਸ ਨੇ ਇੱਕ ਨਸ਼ਿਆਂ ਦੇ ਕਾਰੋਬਾਰੀ ਨੂੰ ਉਸਦੇ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਹੈ। ਪੁਲਿਸ ਵੱਲੋਂ ਪ੍ਰੈਸ ਨੂੰ ਦਿੱਤੀ ਜਾਣਕਾਰੀ ਦੇ ਅਨੁਸਾਰ ਸਰਬਜੀਤ ਸਿੰਘ ਐਸਪੀ (ਜਾਂਚ) ਦੀਆਂ ਹਦਾਇਤਾਂ ਅਨੁਸਾਰ ਨਵਾਂ ਸ਼ਹਿਰ ਦੇ ਸੀ ਆਈ ਏ ਸਟਾਫ ਦੀ ਟੀਮ ਨੇ ਨਵਾਂ ਸ਼ਹਿਰ ਦੇ ਇੱਕ ਵਿਅਕਤੀ ਗੁਰਪ੍ਰੀਤ ਦਾਦਰੀ ਉਰਫ ਪ੍ਰਿੰਸ ਉਰਫ ਸੱਪ ਪੁੱਤਰ ਰਾਜਕੁਮਾਰ ਵਾਸੀ ਗਲੀ ਨੰਬਰ ਇੱਕ ਨਵੀਂ ਆਬਾਦੀ ਮੂਸਾਪੁਰ ਰੋਡ ਨਵਾਂ ਸ਼ਹਿਰ ਅਤੇ ਉਸਦੇ ਸਾਥੀਆਂ ਸੁਨੀਲ ਉਰਫ ਹਰਜੋਤ, ਸੋਮਲ, ਰੋਹਨ ਕੁਮਾਰ ਉਰਫ ਰਿਤਿਕ, ਆਸ਼ੀਸ਼ ਉਰਫ ਅਭੀ, ਸਤਵਿੰਦਰ ਸਿੰਘ ਉਰਫ ਕਾਕਾ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਿਸ ਅਨੁਸਾਰ ਮਿਤੀ 14 ਫਰਵਰੀ ਨੂੰ ਪੁਲਿਸ ਪਾਰਟੀ ਵੱਲੋਂ ਮਹਾਲੋਂ ਤੋਂ ਮੋਟਰਸਾਈਕਲ ਦੋ ਸਵਾਰਾਂ ਨੂੰ ਗ੍ਰਿਫਤਾਰ ਕੀਤਾ ਤੇ ਇਹਨਾਂ ਪਾਸੋਂ ਛੇ ਨਸ਼ੀਲੇ ਟੀਕੇ ਬਰਾਮਦ ਕੀਤੇ ਤੇ ਇਹਨਾਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸੇ ਲੜੀ ਵਿੱਚ ਮਿਤੀ 18 ਫਰਵਰੀ ਨੂੰ ਪੁਲਿਸ ਪਾਰਟੀ ਵੱਲੋਂ ਨਵਾਂ ਸ਼ਹਿਰ ਵੱਲੋਂ ਪਿੰਡ ਕਲੇਰਾਂ ਤੋਂ ਇੱਕ ਬਿਨਾਂ ਨੰਬਰੀ ਗੱਡੀ ਸਕਾਰਪੀਓ ਵਿੱਚ ਸਵਾਰ ਤਿੰਨ ਨੌਜਵਾਨਾਂ ਗੁਰਪ੍ਰੀਤ ਦਾਦਰੀ ਉਰਫ ਪ੍ਰਿੰਸ ਉਰਫ ਸੱਪ ਪੁੱਤਰ ਰਾਜਕੁਮਾਰ ਵਾਸੀ ਗਲੀ ਨੰਬਰ ਇੱਕ ਨਵੀਂ ਆਬਾਦੀ ਮੂਸਾਪੁਰ ਰੋਡ ਨਵਾਂ ਸ਼ਹਿਰ ਥਾਣਾ ਸਿਟੀ ਨਵਾਂ ਸ਼ਹਿਰ ਅਤੇ ਸਤਵਿੰਦਰ ਸਿੰਘ ਉਰਫ ਕਾਕਾ ਪੁੱਤਰ ਸੁਖਬੀਰ ਸਿੰਘ ਵਾਸੀ ਪਿੰਡ ਮਜਾਰੀ ਥਾਣਾ ਸਦਰ ਬੰਗਾ ਨੂੰ ਕਾਬੂ ਕਰਕੇ ਗੱਡੀ ਦੀ ਤਲਾਸ਼ੀ ਕਰਨ 'ਤੇ ਗੱਡੀ ਦੇ ਡੈਕਸ ਬੋਰਡ ਵਿੱਚੋਂ 15 ਨਸ਼ੀਲੇ ਟੀਕੇ ਬਿਨਾਂ ਮਾਰਕਾ, ਚਾਰ ਗਰਾਮ ਹੈਰੋਇਨ ਅਤੇ ਗੱਡੀ ਦੀ ਕਲੀਂਡਰ ਸੀਟ ਦੇ ਪਿੱਛੇ ਬਣੀ ਜੇਬ ਵਿੱਚੋਂ ਇੱਕ ਦੇਸੀ ਪਿਸਟਲ ਬਿਨਾਂ ਮਾਰਕਾ ਸਮੇਤ ਮੈਗਜ਼ੀਨ ਬਰਾਮਦ ਹੋਇਆ। ਪੁਲਿਸ ਪਾਰਟੀ ਵੱਲੋਂ ਇਹਨਾਂ ਨੂੰ ਵੀ ਗ੍ਰਿਫਤਾਰ ਕਰਕੇ ਇਹਨਾਂ ਖਿਲਾਫ ਮੁਕੱਦਮਾ ਦਰਜ ਕਰ ਦਿੱਤਾ ਗਿਆ। ਨਵਾਂ ਸ਼ਹਿਰ ਪੁਲਿਸ ਦੀ ਵਧੀ ਹੋਈ ਸਰਗਰਮੀ ਅਤੇ ਨਵਾਂ ਸ਼ਹਿਰ ਪੁਲਿਸ ਨੂੰ ਮਿਲ ਰਹੀਆਂ ਕਾਮਯਾਬੀਆਂ ਦੀ ਇਲਾਕੇ ਭਰ ਵਿੱਚ ਤਾਰੀਫ ਕੀਤੀ ਜਾ ਰਹੀ ਹੈ।

# ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਵਿੱਚ ਸਹਾਈ ਸਿੱਧ ਹੋ ਰਹੀ ਹੈ ਸੀ.ਐਮ. ਦੀ ਯੋਗਸ਼ਾਲਾ

## ਜ਼ਿਲ੍ਹੇ 'ਚ 323 ਯੋਗ ਕਲਾਸਾਂ 'ਚ 13 ਹਜ਼ਾਰ ਤੋਂ ਵੱਧ ਲੋਕ ਯੋਗ ਕਰਕੇ ਲੈ ਰਹੇ ਨੇ ਲਾਭ



ਫ਼ਿਰੋਜ਼ਪੁਰ, 21 ਫ਼ਰਵਰੀ (ਤਿਵਾੜੀ) : ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਲਈ ਚਲਾਏ ਜਾ ਰਹੀ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਜ਼ਿਲ੍ਹੇ ਵਿੱਚ ਹਜ਼ਾਰਾਂ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਵਿੱਚ ਬਹੁਤ ਸਹਾਈ ਸਿੱਧ ਹੋ ਰਿਹਾ ਹੈ। ਅਕਤੂਬਰ 2023 'ਚ ਸਾਰੇ ਸ਼ਹਿਰਾਂ ਵਿੱਚ ਸ਼ੁਰੂ ਕੀਤੇ ਇਸ ਪ੍ਰੋਜੈਕਟ ਤਹਿਤ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ 323 ਯੋਗ ਕਲਾਸਾਂ ਵਿੱਚ 13 ਹਜ਼ਾਰ ਤੋਂ ਵੱਧ ਲੋਕ ਰੋਜ਼ਾਨਾ ਮੁਫ਼ਤ ਯੋਗ ਕਲਾਸਾਂ ਵਿੱਚ ਯੋਗ ਕਰ ਕੇ ਲਾਭ ਲੈ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨਪ੍ਰੀਤ ਕੌਰ ਜ਼ਿਲ੍ਹਾ ਕੁਆਰਡੀਨੇਟਰ (ਸੀ.ਐਮ. ਦੀ ਯੋਗਸ਼ਾਲਾ) ਨੇ ਦੱਸਿਆ ਕਿ ਸਿਹਤਮੰਦ ਪੰਜਾਬ ਦੀ ਸਿਰਜਣਾ ਵਿੱਚ ਸੀ.ਐਮ. ਦੀ ਯੋਗਸ਼ਾਲਾ ਕਾਫ਼ੀ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ 94 ਮਾਹਿਰ ਯੋਗ ਟਰੇਨਰ ਨਿਯੁਕਤ ਕੀਤੇ ਗਏ ਹਨ ਜੋ ਫ਼ਿਰੋਜ਼ਪੁਰ ਦੇ ਤਹਿਸੀਲਾਂ, ਬਲਾਕਾਂ, ਪਿੰਡਾਂ ਵਿੱਚ ਵੱਖ-ਵੱਖ ਥਾਵਾਂ 'ਤੇ ਸੀ.ਐਮ. ਦੀ ਯੋਗਸ਼ਾਲਾ ਦੀਆਂ ਸਵੇਰੇ-ਸ਼ਾਮ ਕਲਾਸਾਂ ਲੈ ਕੇ ਲੋਕਾਂ ਨੂੰ ਯੋਗ ਸਿਖਾ ਰਹੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਜ਼ਦੀਕ ਦੀ ਯੋਗ ਕਲਾਸ ਦਾ ਲਾਭ ਜ਼ਰੂਰ ਲੈਣ। ਉਨ੍ਹਾਂ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਫ਼ਿਰੋਜ਼ਪੁਰ, ਗੁਰੂਹਰਸਹਾਏ, ਜ਼ੀਰਾ ਅਤੇ ਮੱਖੂ ਵਿਖੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਵੱਖ-ਵੱਖ ਥਾਵਾਂ 'ਤੇ ਯੋਗ ਕਲਾਸਾਂ ਸਵੇਰੇ ਸ਼ਾਮ ਲੱਗਦੀਆਂ ਹਨ। ਇਹ ਕਲਾਸਾਂ ਬਿਲਕੁਲ ਮੁਫ਼ਤ ਹਨ ਅਤੇ ਪੰਜਾਬ ਸਰਕਾਰ ਵੱਲੋਂ ਨਿਯੁਕਤ ਮਾਹਿਰ ਯੋਗ ਟਰੇਨਰਾਂ ਵੱਲੋਂ ਲੋਕਾਂ ਨੂੰ ਯੋਗ ਅਭਿਆਸ ਕਰਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰੇਕ ਟ੍ਰੇਨਰ ਆਪਣੀ ਸੇਵਾ ਬੜੀ ਬਾਖੂਬੀ ਦੇ ਨਾਲ ਨਿਭਾ ਰਿਹਾ ਹੈ।

ਯੋਗ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਯੋਗ ਦੇ ਫਾਇਦਿਆਂ ਬਾਰੇ ਵੀ ਜਾਗਰੂਕ ਕਰਵਾਇਆ ਜਾ ਰਿਹਾ ਹੈ ਅਤੇ ਸਿਹਤਮੰਦ ਜੀਵਨਸ਼ੈਲੀ ਅਤੇ ਸੰਤੁਲਿਤ ਖੁਰਾਕ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਮੁਫ਼ਤ ਯੋਗਸ਼ਾਲਾ ਦੇ ਵਿੱਚ ਹਰ ਵਰਗ ਦੇ ਲੋਕ ਬੱਚੇ, ਨੌਜਵਾਨ, ਔਰਤਾਂ ਅਤੇ ਬਜ਼ੁਰਗ ਭਾਗ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਗਲੀ ਮੁਹੱਲੇ ਦੇ ਵਿੱਚ ਲੋਕ ਯੋਗ ਕਲਾਸ ਲਗਵਾਉਣਾ ਚਾਹੁੰਦੇ ਹਨ ਤਾਂ ਉਹ 25 ਮੈਂਬਰਾਂ ਦਾ ਇੱਕ ਗਰੁੱਪ ਬਣਾ ਕੇ ਫੋਨ ਨੰਬਰ 76694-00500 'ਤੇ ਮਿਸਡ ਕਾਲ ਕਰ ਸਕਦੇ ਹਨ।

# ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ 'ਮਾਂ-ਬੋਲੀ ਮੇਲਾ' ਮਨਾਇਆ




ਘੁਮਾਣ/ਸਿਰੀ ਹਰਗੋਬਿੰਦਪੁਰ, 21 ਫ਼ਰਵਰੀ (ਡਾਕਟਰ ਨਰਿੰਦਰ ਸਿੰਘ ਘੁਮਾਣ /ਜਗੀਰ ਸਿੰਘ ਮੰਡ) : ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਮੌਕੇ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਵੱਲੋਂ ਭਰਪੂਰ ਜੋਸ਼ ਅਤੇ ਉਤਸ਼ਾਹ ਨਾਲ 'ਮਾਂ ਬੋਲੀ ਮੇਲਾ' ਮਨਾਇਆ ਗਿਆ। ਇਹ ਆਯੋਜਨ ਵਿਦਿਆਰਥੀਆਂ ਵਿੱਚ ਆਪਣੀ ਮਾਂ ਬੋਲੀ ਪੰਜਾਬੀ ਪ੍ਰਤੀ ਡੂੰਘਾ ਸਤਿਕਾਰ, ਪਿਆਰ ਅਤੇ ਜਾਗਰੂਕਤਾ ਪੈਦਾ ਕਰਨ ਲਈ ਕੀਤਾ ਗਿਆ ਸੀ। ਸੰਸਥਾ ਦੇ ਸ੍ਰ. ਮਹਿੰਦਰ ਸਿੰਘ ਰੰਧਾਵਾ ਹਾਲ ਵਿੱਚ ਸੁੰਦਰਤਾ ਨਾਲ ਸਜਾਏ ਮੰਚ 'ਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸ਼ਾਨਦਾਰ ਨਾਟਕਾਂ ਨਾਲ ਮੇਲੇ ਦੀ ਸ਼ੁਰੂਆਤ ਹੋਈ। ਮੈਡਮ ਨੀਲਮ ਅਤੇ ਮੈਡਮ ਜਗਦੀਪ ਕੌਰ ਦੀ ਅਗਵਾਈ ਹੇਠ ਪੇਸ਼ ਕੀਤਾ ਗਿਆ ਨਾਟਕ ਸਭ ਤੋਂ ਵੱਧ ਖਿੱਚ ਦਾ ਕੇਂਦਰ ਬਣਿਆ। ਇਸ ਨਾਟਕ ਨੇ ਮਾਂ ਬੋਲੀ ਦੀ ਮਹੱਤਤਾ ਅਤੇ ਇਸ ਦੀ ਸੰਭਾਲ ਨਾਲ ਜੁੜੇ ਸੰਦੇਸ਼ਾਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਵਿਦਿਆਰਥੀਆਂ ਦੀ ਬੇਮਿਸਾਲ ਅਦਾਕਾਰੀ ਅਤੇ ਸੰਦੇਸ਼ ਭਰਪੂਰ ਪੇਸ਼ਕਾਰੀ ਨੇ ਹਾਲ ਨੂੰ ਤਾਲੀਆਂ ਦੀ ਗੂੰਜ ਨਾਲ ਰੌਣਕਮਈ ਬਣਾ ਦਿੱਤਾ। ਮੇਲੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹਨਾਂ ਵਿੱਚ ਕਵਿਤਾ ਮੁਕਾਬਲਾ, ਕੈਲੀਗ੍ਰਾਫੀ ਮੁਕਾਬਲਾ, ਬੋਰਡ ਲਿਖਣ ਮੁਕਾਬਲਾ ਅਤੇ ਲੈਕਚਰ ਮੁਕਾਬਲਾ ਸ਼ਾਮਲ ਸਨ। ਸਰ ਜੀਨਸ ਜੀ ਦੀ ਅਗਵਾਈ ਅਧੀਨ ਪ੍ਰਸ਼ਨ-ਉੱਤਰ ਮੁਕਾਬਲਾ ਆਯੋਜਿਤ ਕੀਤਾ ਗਿਆ ਜਿਸ ਵਿੱਚ ਪੰਜਾਬੀ ਭਾਸ਼ਾ ਦੇ ਲੁਪਤ ਹੋ ਰਹੇ ਸ਼ਬਦਾਂ ਬਾਰੇ ਸਵਾਲ ਪੁੱਛੇ ਗਏ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਗਤੀਵਿਧੀ ਨੇ ਬੱਚਿਆਂ ਵਿੱਚ ਪੁਰਾਤਨ ਅਤੇ ਖਤਰੇ ਵਿੱਚ ਪਏ ਸ਼ਬਦਾਂ ਪ੍ਰਤੀ ਰੁਚੀ ਅਤੇ ਜਾਗਰੂਕਤਾ ਵਧਾਈ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੈਡਮ ਮਨਪ੍ਰੀਤ ਕੌਰ ਨੇ ਕਿਹਾ 'ਜੇਕਰ ਤੁਹਾਡੀ ਮਾਂ ਬੋਲੀ ਵਿੱਚ ਮੁਹਾਰਤ ਹੈ ਤਾਂ ਬਾਕੀ ਭਾਸ਼ਾਵਾਂ 'ਤੇ ਵੀ ਮੁਹਾਰਤ ਹਾਸਲ ਕਰਨਾ ਆਸਾਨ ਹੋ ਜਾਂਦਾ ਹੈ।

ਮਾਂ ਬੋਲੀ ਮਜ਼ਬੂਤ ਹੋਵੇਗੀ ਤਾਂ ਹੋਰ ਭਾਸ਼ਾਵਾਂ ਸਿੱਖਣ ਵਿੱਚ ਆਸਾਨੀ ਰਹਿੰਦੀ ਹੈ।' ਪ੍ਰਿੰਸੀਪਲ ਇੰਦਰਜੀਤ ਕੌਰ ਨੇ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਅਤੇ ਉਨ੍ਹਾਂ ਦੀ ਸ਼ਾਨਦਾਰ ਪੇਸ਼ਕਾਰੀ ਦੀ ਸਰਾਹਨਾ ਕੀਤੀ। ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਮਾਂ ਬੋਲੀ ਪੰਜਾਬੀ ਸਾਡੀ ਪਹਿਚਾਣ, ਸਾਡਾ ਮਾਣ ਹੈ। ਜੇਕਰ ਜੜ੍ਹਾਂ ਮਜ਼ਬੂਤ ਹੋਣ ਦਰੱਖਤ ਉੱਚਾ ਵੱਧਦਾ ਹੈ ਸੋ ਮਾਂ ਬੋਲੀ ਸਾਡੀਆਂ ਜੜ੍ਹਾਂ ਹਨ, ਤੇ ਇਸ ਨੂੰ ਸਾਂਭਣਾ ਸੱਚੀ ਸਿੱਖਿਆ ਹੈ। ਉਹਨਾਂ ਨੇ ਕਿਹਾ ਆਪਣੀ ਮਾਂ ਬੋਲੀ ਨੂੰ ਭੁੱਲ ਜਾਓਗੇ ਤਾਂ ਕੱਖਾਂ ਵਾਂਗੂੰ ਰੁਲ ਜਾਵੋਗੇ। ਅਖ਼ੀਰ ਮਾਂ ਬੋਲੀ ਮੇਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਨਮਾਨ-ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਵਿਦਿਆਰਥੀਆਂ ਨੇ ਸੰਕਲਪ ਵੀ ਲਿਆ ਕਿ ਉਹ ਕਦੇ ਵੀ ਆਪਣੀ ਮਾਂ ਬੋਲੀ ਨੂੰ ਵਿਸਾਰਨਗੇ ਨਹੀਂ ਤੇ ਮਾਂ ਬੋਲੀ ਵਿੱਚ ਵੱਧ ਤੋਂ ਵੱਧ ਸਾਹਿਤਿਕ ਕਿਤਾਬਾਂ ਵੀ ਪੜ੍ਹਨਗੇ।

# 'ਆਪ' ਸਰਕਾਰ ਨੇ ਪੰਜਾਬ ਦੇ ਹਰ ਵਰਗ ਨੂੰ ਦਿੱਤੀਆਂ ਸਹੂਲਤਾਂ : ਜੀਪੀ

## ਵਾਰਡ ਨੰਬਰ 23 ਦੀ ਇੰਚਾਰਜ ਹਰਪ੍ਰੀਤ ਕੌਰ ਘੁੰਮਣ ਦੇ ਹੱਕ 'ਚ ਕੀਤੀ ਪ੍ਰਭਾਵਸ਼ਾਲੀ ਮੀਟਿੰਗ



ਮੰਡੀ ਗੋਬਿੰਦਗੜ੍ਹ, 21 ਫਰਵਰੀ (ਸੂਦ) : ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਨੇ ਵਾਰਡ ਨੰਬਰ 23 ਦੀ ਇੰਚਾਰਜ ਹਰਪ੍ਰੀਤ ਕੌਰ ਘੁੰਮਣ ਅਤੇ ਜਗਦੀਸ ਸਿੰਘ ਗੋਲਡੀ ਘੁੰਮਣ ਦੇ ਹੱਕ 'ਚ ਇਕ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਨੂੰ ਸਹੂਲਤਾਂ ਦਿੱਤੀਆਂ ਜਦੋਂ ਕਿ ਪਿਛਲੀਆਂ ਸਰਕਾਰਾਂ ਨੇ ਆਪਣੀਆਂ ਤਜ਼ੌਰੀਆਂ ਭਰਨ ਨੂੰ ਹੀ ਤਰਜ਼ੀਹ ਦਿੱਤੀ ਜਿਸ ਕਾਰਣ ਪੰਜਾਬ ਦਾ ਹਰ ਵਰਗ ਅੱਜ ਆਪ ਸਰਕਾਰ ਤੋਂ ਖੁਸ਼ ਹੈ। ਮੀਟਿੰਗ ਵਿਚ ਆਮ ਆਦਮੀ ਪਾਰਟੀ ਦੇ ਸਾਰੇ ਵਿੰਗਾਂ ਦੇ ਅਹੁੱਦੇਦਾਰਾਂ ਨੇ ਵੀ ਸ਼ਿਰਕਤ ਕੀਤੀ ਅਤੇ ਆਉਂਣ ਵਾਲੀਆਂ ਨਗਰ ਕੌਂਸਲ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ 2027 ਵਿਚ ਆਮ ਆਦਮੀ ਪਾਰਟੀ ਮੁੜ ਸ਼ਾਨਦਾਰ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਕਾਇਮ ਕਰੇਗੀ ਕਿਉਂਕਿ ਵਿਰੋਧੀ ਪਾਰਟੀਆਂ ਪਾਸ ਝੂਠ ਤੋਂ ਇਲਾਵਾ ਹੋਰ ਕੁਝ ਨਹੀਂ।

ਇਸ ਮੌਕੇ ਸ੍ਰੀ ਜਗਦੀਸ਼ ਸਿੰਘ ਗੋਲਡੀ ਘੁੰਮਣ ਅਤੇ ਵਾਰਡ ਇੰਚਾਰਜ ਹਰਪ੍ਰੀਤ ਕੌਰ ਨੇ ਕਿਹਾ ਕਿ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਵੜਿੰਗ ਦੀ ਅਗਵਾਈ ਹੇਠ ਹਲਕੇ ਦਾ ਸਰਵਪੱਖੀ ਵਿਕਾਸ ਹੋ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਆਪ ਦਾ ਡੱਟ ਕੇ ਸਾਥ ਦੇਣ ਦੀ ਵੀ ਅਪੀਲ ਕੀਤੀ। ਇਸ ਮੌਕੇ ਸ੍ਰੀ ਜੀਪੀ ਦੇ ਪੀਏ ਰਮਨ ਤਾਂਗੜੀ, ਪਰਮਜੀਤ ਸਿੰਘ ਵਾਲੀਆ, ਨੰਬਰਦਾਰ ਬਲਕਾਰ ਸਿੰਘ, ਕੌਂਸਲਰ ਰਣਧੀਰ ਸਿੰਘ ਹੈਪੀ, ਬਲਾਕ ਪ੍ਰਧਾਨ ਦਲਜੀਤ ਸਿੰਘ ਵਿਰਕ, ਐਸ.ਸੀ. ਵਿੰਗ ਦੇ ਬਲਾਕ ਪ੍ਰਧਾਨ ਕੁਲਵੰਤ ਸਿੰਘ ਲੁਹਾਰ ਮਾਜਰਾ, ਯੂਥ ਵਿੰਗ ਵਾਰਡ ਨੰਬਰ 23 ਦੇ ਇੰਚਾਰਜ ਦਵਿੰਦਰ ਸਿੰਘ ਰਵੀ ਅਤੇ ਐਸਸੀ ਵਿੰਗ ਦੇ ਵਾਰਡ ਇੰਚਾਰਜ ਵਿਕਰਮ ਸਿੰਘ ਆਦਿ ਨੇ ਵਿਚਾਰ ਪੇਸ਼ ਕੀਤੇ।

# ਸਰਪੰਚ ਤੇ ਸਮਾਜ ਸੇਵਕ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਲ



ਟਾਂਡਾ ਉੜਮੁੜ, 21 ਫਰਵਰੀ (ਅਰਜੁਨ ਜੈਨ) : ਹਲਕਾ ਮੁਕੇਰੀਆਂ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਹਲਕੇ ਦੇ ਨੌਜਵਾਨ ਸਰਪੰਚ ਅਤੇ ਸਮਾਜ ਸੇਵਕ ਸੰਦੀਪ ਸਿੰਘ ਸੰਨੀ ਪਿੰਡ ਗਾਲੜੀਆਂ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ। ਇਸ ਮੌਕੇ 'ਤੇ ਹਲਕਾ ਮੁਕੇਰੀਆਂ ਦੇ ਅਕਾਲੀ ਆਗੂ ਜਥੇਦਾਰ ਕਿਰਪਾਲ ਸਿੰਘ ਗੇਰਾ, ਜਥੇਦਾਰ ਈਸ਼ਰ ਸਿੰਘ ਮੰਝਪੁਰ, ਲਖਵਿੰਦਰ ਸਿੰਘ ਟਿੰਮੀ, ਹਲਕਾ ਇੰਚਾਰਜ ਸ਼ਾਮ 84 ਸੰਦੀਪ ਸਿੰਘ ਸੀਕਰੀ, ਸੀਨੀਅਰ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਅੰਮ੍ਰਿਤ ਪਾਲ ਸਿੰਘ ਮੰਝਪੁਰ, ਗੁਰਦਿਆਲ ਸਿੰਘ ਉਲਾਹਾ ਸਰਕਲ ਪ੍ਰਧਾਨ ਹਾਜੀਪੁਰ, ਸੁਖਚੈਨ ਸਿੰਘ ਸਰਕਲ ਪ੍ਰਧਾਨ ਬੇਲਾ ਸਰਿਆਣਾ, ਫਤਿਹ ਸਿੰਘ ਸਰਕਲ ਪ੍ਰਧਾਨ ਦਗਨ ਅਤੇ ਹੋਰ ਅਕਾਲੀ ਆਗੂਆਂ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਲੱਖੀ ਨੇ ਸਰਪੰਚ ਸੰਦੀਪ ਸਿੰਘ ਸਨੀ ਦਾ ਲੱਖੀ ਪਲਾਜ਼ਾ ਟਾਂਡਾ ਉੜਮੁੜ ਵਿਖੇ ਸਥਿਤ ਆਪਣੇ ਦਫਤਰ ਵਿਖੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ ਅਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ।

ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਸ਼੍ਰੋਮਣੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਾਇਰਾ ਦਿਨੋ ਦਿਨ ਵੱਡਾ ਹੋ ਰਿਹਾ ਹੈ ਅਤੇ ਹਰ ਰੋਜ਼ ਲੋਕ ਹੋਰਨਾਂ ਪਾਰਟੀਆਂ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਅਤੇ ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਨੂੰ ਦੇਖਦਿਆਂ ਲੋਕ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਦੇ ਲੋਕਾਂ ਵੱਲੋਂ ਨਵਾਂ ਇਤਿਹਾਸ ਸਿਰਜ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਜਾਵੇਗੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਇਆ ਜਾਵੇਗਾ।

ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਹੋਰ ਅਕਾਲੀ ਦਲ ਦੇ ਆਗੂ ਤੇ ਵਰਕਰ ਵੀ ਹਾਜ਼ਰ ਸੀ।

# ਨਗਰ ਕੌਂਸਲ ਕਾਦੀਆਂ ਅਧੀਨ ਆਉਂਦੇ ਨਾਲਿਆਂ ਦੀ ਸਫਾਈ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ

## ➢ਸਥਾਨਕ ਲੋਕਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਗੰਦੇ ਪਾਣੀ 'ਚੋਂ ਗੁਜ਼ਰਨਾ ਪੈ ਰਿਹੈ



ਘੁਮਾਣ/ ਸ੍ਰੀ ਹਰਗੋਬਿੰਦਪੁਰ ਸਾਹਿਬ, 21 ਫਰਵਰੀ (ਡਾਕਟਰ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ) :-ਨਗਰ ਕੌਂਸਲ ਕਾਦੀਆਂ ਅਧੀਨ ਆਉਂਦੇ ਠੀਕਰੀਵਾਲ ਰੋਡ ਸਥਿਤ ਸਿੱਖ ਨੈਸ਼ਨਲ ਕਾਲਜ ਦੇ ਕੋਲ ਅਤੇ ਹੋਰਨਾਂ ਥਾਵਾਂ 'ਤੇ ਨਾਲਿਆਂ ਦੀ ਸਫਾਈ ਨਾ ਹੋਣ ਕਾਰਨ ਪਾਣੀ ਸੜਕਾਂ ਦੇ ਉੱਪਰ ਜਮ੍ਹਾ ਹੋਣ ਦੇ ਤਹਿਤ ਸਥਾਨਕ ਲੋਕਾਂ ਅਤੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਗੁਜ਼ਰਨ ਵਾਲੇ ਸਕੂਲੀ ਵਿਦਿਆਰਥੀਆਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ। ਸਥਾਨਕ ਲੋਕਾਂ ਦੇ ਵੱਲੋਂ ਪ੍ਰਸ਼ਾਸਨ ਦੇ ਖਿਲਾਫ ਭਾਰੀ ਰੋਸ਼ ਜਾਹਿਰ ਕਰਦੇ ਹੋਏ ਮੰਗ ਕੀਤੀ ਕਿ ਇਹਨਾਂ ਨਾਲਿਆਂ ਦੀ ਸਫਾਈ ਕਰਵਾਈ ਜਾਵੇ। ਇਸ ਸਬੰਧੀ ਮਨਜੀਤ ਸਿੰਘ, ਰਣਜੀਤ ਸਿੰਘ, ਸੁਰਿੰਦਰ ਸਿੰਘ, ਇਕਬਾਲ ਸਿੰਘ, ਬਲਵਿੰਦਰ ਸਿੰਘ ਆਦੀ ਵਸਨੀਕਾਂ ਨੇ ਦੱਸਿਆ ਕਿ ਨਗਰ ਕੌਂਸਲ ਵੱਲੋਂ ਨਾਲਿਆਂ ਦੀ ਸਫ਼ਾਈ ਬੇਸ਼ੱਕ ਸਮਾਂ ਰਹਿੰਦਿਆਂ ਕਰਵਾਈ ਜਾਂਦੀ ਹੈ ਪਰ ਨਾਲਿਆਂ ਦੀ ਸਫਾਈ ਚੰਗੀ ਤਰ੍ਹਾਂ ਨਾ ਹੋਣ ਕਾਰਨ ਗੰਦਗੀ ਕਾਰਨ ਲੋਕਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਹਿਰ ਦੇ ਨਾਲਿਆਂ ਦੀ ਨਿਯਮਤ ਸਫ਼ਾਈ ਨਾ ਹੋਣ ਕਾਰਨ ਉਨ੍ਹਾਂ ਵਿੱਚ ਗੰਦਗੀ ਜਮ੍ਹਾਂ ਹੋ ਗਈ ਹੈ, ਜਿਸ ਕਰਕੇ ਗੰਦਗੀ ਕਾਰਨ ਆਮ ਲੋਕਾਂ ਨੂੰ ਡੇਂਗੂ ਅਤੇ ਮਲੇਰੀਆ ਵਰਗੀਆਂ ਗੰਭੀਰ ਬਿਮਾਰੀਆਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਨੇ ਦੱਸਿਆ ਕਿ ਨਾਲਿਆਂ ਦਾ ਪਾਣੀ ਸੜਕਾਂ ਤੱਕ ਜਮ੍ਹਾ ਹੋ ਗਿਆ ਜਿਸ ਕਾਰਨ ਨਾਲੇ ਦਾ ਗੰਦਾ ਪਾਣੀ ਉਨ੍ਹਾਂ ਦੇ ਘਰਾਂ ਦੇ ਸਾਹਮਣੇ ਇਕੱਠਾ ਹੋ ਜਾਂਦਾ ਹੈ। ਇਸ ਦੀ ਬਦਬੂ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਤੇ ਰੋਜ਼ਾਨਾ ਹੀ ਇੱਥੋਂ ਸਕੂਲੀ ਵਿਦਿਆਰਥੀ ਗੁਜ਼ਰਦੇ ਹਨ ਜਿਨ੍ਹਾਂ ਨੂੰ ਪਾਣੀ ਵਿੱਚੋਂ ਲੰਘ ਕੇ ਜਾਣਾ ਪੈਂਦਾ ਹੈ ਅਤੇ ਬੱਚਿਆਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਣੀ ਜਮ੍ਹਾਂ ਹੋਣ ਦੇ ਕਾਰਨ ਇਸ ਵਿੱਚ ਮੱਛਰ ਪੈਦਾ ਹੋ ਰਹੇ ਹਨ ਅਤੇ ਲੋਕਾਂ ਨੂੰ ਡੇਂਗੂ ਅਤੇ ਮਲੇਰੀਆ ਵਰਗੀਆਂ ਗੰਭੀਰ ਬਿਮਾਰੀਆਂ ਹੋਣ ਦਾ ਖ਼ਤਰਾ ਹੈ। ਸਥਾਨਕ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਨਾਲੀਆਂ ਦੀ ਸਫਾਈ ਕੀਤੀ ਜਾਵੇ ਤਾਂ ਜੋ ਕਿ ਪਾਣੀ ਦੀ ਨਿਕਾਸੀ ਹੋ ਸਕੇ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਦੂਰ ਹੋ ਸਕਣ।

ਲੋਕਾਂ ਨੇ ਇਹ ਵੀ ਦੱਸਿਆ ਹੈ ਕਿ ਜੇਕਰ ਇਲਾਕੇ ਦੇ ਵਿੱਚ ਕੋਈ ਭਿਆਨਕ ਬਿਮਾਰੀ ਦਸਤਕ ਦਿੰਦੀ ਹੈ ਤਾਂ ਉਸ ਲਈ ਸਥਾਨਕ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ।

# ਰਾਸ਼ਟਰੀ ਬਾਕਸਿੰਗ ਮੁਕਾਬਲੇ 'ਚ ਨਿਤਾਸ਼ਾ ਨੇ ਜਿੱਤਿਆ ਚਾਂਦੀ ਦਾ ਤਮਗ਼ਾ



ਮੰਡੀ ਗੋਬਿੰਦਗੜ, 21 ਫਰਵਰੀ (ਸੂਦ) : ਉਦੈਪੁਰ ਵਿੱਚ ਆਯੋਜਿਤ ਰਾਣਾ ਸੰਗਾ ਟਰਾਫ਼ੀ ਨੈਸ਼ਨਲ ਓਪਨ ਜੂਨੀਅਰ ਬਾਕਸਿੰਗ ਚੈਂਪੀਅਨਸ਼ਿਪ 2026 ਵਿੱਚ ਗੋਬਿੰਦਗੜ੍ਹ ਪਬਲਿਕ ਸਕੂਲ ਦੀ ਨੌਵੀਂ ਦੀ ਵਿਦਿਆਰਥਣ ਨਿਤਾਸ਼ਾ ਸ਼ਾਰਦਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਗ਼ਮਾ ਹਾਸਲ ਕੀਤਾ। ਉਸ ਨੇ ਆਪਣੇ ਦ੍ਰਿੜ ਨਿਸ਼ਚੇ, ਕਠੋਰ ਮਿਹਨਤ ਅਤੇ ਬੇਮਿਸਾਲ ਖੇਡ ਕੌਸ਼ਲ ਨਾਲ ਫਾਈਨਲ ਤੱਕ ਦਾ ਸਫ਼ਰ ਤੈਅ ਕੀਤਾ ਅਤੇ ਚਾਂਦੀ ਦਾ ਤਗਮਾ ਆਪਣੇ ਨਾਮ ਕੀਤਾ। ਉਸ ਦੀ ਇਸ ਕਾਮਯਾਬੀ ਨੇ ਉਸ ਦੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਡਾ. ਨੀਰੂ ਅਰੋੜਾ ਅਤੇ ਸਟਾਫ਼ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਸਰੀਰਕ ਸਿੱਖਿਆ ਵਿਭਾਗ ਦੇ ਨਮਿੰਦਰਦੀਪ ਸਿੰਘ ਨੇ ਦੋਵਾਂ ਵਿਦਿਆਰਥੀਆਂ ਨੂੰ ਸਿਖਲਾਈ ਦਿੱਤੀ ਅਤੇ ਮੁਕਾਬਲੇ ਦੀ ਤਿਆਰੀ ਕਰਵਾ ਕੇ ਇਸ ਮੁਕਾਮ ਨੂੰ ਹਾਸਲ ਕਰਨ ਵਿੱਚ ਸਹਾਇਤਾ ਕੀਤੀ।

# 19ਵੀਂ ਬਟਾਲੀਅਨ ਨੇ ਸਰਹੱਦੀ ਨੌਜਵਾਨਾਂ ਨੂੰ ਖੇਡਾਂ ਅਤੇ ਫਿਟਨੈੱਸ ਨਾਲ ਜੁੜਨ ਲਈ ਉਤਸ਼ਾਹਿਤ ਕੀਤਾ




ਫਾਜ਼ਿਲਕਾ, 21 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸੀਮਾ ਸੁਰੱਖਿਆ ਬਲ (ਬੀਐਸਐਫ) ਦੀ 19ਵੀਂ ਬਟਾਲੀਅਨ ਵੱਲੋਂ ਸਰਹੱਦੀ ਪਿੰਡ ਮੋਜ਼ਮ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਇੱਕ ਵਿਸ਼ੇਸ਼ 'ਸਿਵਿਕ ਐਕਸ਼ਨ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਕਾਰਜਕਾਰੀ ਕਮਾਂਡੈਂਟ ਸ਼੍ਰੀ ਗੁੰਜਨ ਸ਼ਾਹ ਅਤੇ ਰਸਦ ਅਧਿਕਾਰੀ ਸ਼੍ਰੀ ਗੌਰਵ ਯਾਦਵ ਦੀ ਦੇਖ-ਰੇਖ ਹੇਠ ਹੋਏ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਸਰਹੱਦੀ ਖੇਤਰ ਦੇ ਨੌਜਵਾਨਾਂ ਵਿੱਚ ਫਿਟਨੈੱਸ, ਸਮਾਜਿਕ ਜਾਗਰੂਕਤਾ ਅਤੇ ਭਾਈਚਾਰਕ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਮੋਜ਼ਮ ਅਤੇ ਆਸ-ਪਾਸ ਦੇ ਪਿੰਡਾਂ ਦੇ ਸਰਪੰਚਾਂ, ਸਕੂਲੀ ਬੱਚਿਆਂ ਅਤੇ ਆਉਣ ਵਾਲੀ 'ਬਾਰਡਰਮੈਨ ਮੈਰਾਥਨ 2026' ਦੇ ਭਾਗੀਦਾਰਾਂ ਸਮੇਤ ਲਗਭਗ 80 ਲੋਕਾਂ ਨੇ ਹਿੱਸਾ ਲਿਆ। ਦੱਸਣਯੋਗ ਹੈ ਕਿ ਇਹ ਮੈਰਾਥਨ 22 ਫਰਵਰੀ 2026 ਨੂੰ 'ਓਪਸ ਸਿੰਦੂਰ' ਦੀ ਜਿੱਤ ਅਤੇ ਸਰਹੱਦ ਦੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਲਈ ਅਟਾਰੀ ਬਾਰਡਰ, ਅੰਮ੍ਰਿਤਸਰ ਵਿਖੇ ਕਰਵਾਈ ਜਾਵੇਗੀ। ਇਸ ਮੈਰਾਥਨ ਦੀ ਤਿਆਰੀ ਲਈ ਬੀਐਸਐਫ ਵੱਲੋਂ ਦੌੜਾਕਾਂ ਨੂੰ 60 ਜੋੜੀ ਖੇਡ ਜੁੱਤੇ ਵੰਡੇ ਗਏ, ਤਾਂ ਜੋ ਨੌਜਵਾਨ ਬਿਹਤਰ ਤਰੀਕੇ ਨਾਲ ਅਭਿਆਸ ਕਰ ਸਕਣ। ਸੁਰੱਖਿਆ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਨਿਭਾਉਂਦਿਆਂ ਬੀਐਸਐਫ ਅਧਿਕਾਰੀਆਂ ਨੇ ਪਿੰਡ ਵਾਸੀਆਂ ਨੂੰ ਨਸ਼ਿਆਂ, ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਹਥਿਆਰਾਂ ਦੇ ਗੰਭੀਰ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਸਰਹੱਦੀ ਖੇਤਰਾਂ ਵਿੱਚ ਨਸ਼ਾ ਤਸਕਰੀ ਦੀ ਚੁਣੌਤੀ ਨਾਲ ਨਜਿੱਠਣ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਨੂੰ ਅਪਣਾ ਕੇ ਆਪਣੀ ਊਰਜਾ ਦਾ ਸਕਾਰਾਤਮਕ ਉਪਯੋਗ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅਧਿਕਾਰੀਆਂ ਨੇ ਵਿਸ਼ੇਸ਼ ਤੌਰ 'ਤੇ ਬਹਾਦਰ ਲੜਕੀਆਂ ਅਤੇ ਲੜਕਿਆਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ।

ਸੁਰੱਖਿਆ ਬਲਾਂ ਅਤੇ ਨਾਗਰਿਕਾਂ ਵਿਚਕਾਰ ਵਿਸ਼ਵਾਸ ਦਾ ਸੇਤੂ ਸਰੀਰਕ ਫਿਟਨੈੱਸ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਪਿੰਡ ਵਾਸੀਆਂ ਨੂੰ ਅਨੁਸ਼ਾਸਨ ਅਤੇ ਸਿਹਤ ਪ੍ਰਤੀ ਜਾਗਰੂਕ ਕੀਤਾ ਗਿਆ। ਬੀਐਸਐਫ ਦੀ ਇਸ ਪਹਿਲ ਦੀ ਪਿੰਡ ਵਾਸੀਆਂ ਨੇ ਕਾਫੀ ਸ਼ਲਾਘਾ ਕੀਤੀ।

# ਸੰਤ ਬਾਬਾ ਹਰਨਾਮ ਸਿੰਘ ਸਪੋਰਟਸ ਕਲੱਬ ਵੱਲੋਂ ਫਰੀ ਮੈਡੀਕਲ ਕੈਂਪ ਅੱਜ : ਡਾ. ਪਾਠਕ



ਕਾਹਨੂੰਵਾਨ, 21 ਫਰਵਰੀ (ਕੁਲਜੀਤ ਸਿੰਘ ਖੋਖਰ) : ਸੰਤ ਬਾਬਾ ਹਰਨਾਮ ਸਿੰਘ ਸਪੋਰਟਸ ਕਲੱਬ ਅੰਬਾਲਾ ਜੱਟਾਂ ਵੱਲੋਂ ਪਿੰਡ ਅੰਬਾਲਾ ਜੱਟਾਂ ਵਿਖੇ ਅੱਜ ਮਿਤੀ 22 ਫਰਵਰੀ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 3 ਵਜੇ ਤਕ ਫਰੀ ਮੈਡੀਕਲ ਚੈਕਅੱਪ ਕੈਂਪ ਡਾ. ਮੋਹਣ ਲਾਲ ਥੰਮਣ ਅਤੇ ਪਾਠਕ ਹਸਪਤਾਲ ਟਾਂਡਾ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿਚ ਹਰ ਆਉਣ ਵਾਲੇ ਬਿਮਾਰ ਵਿਅਕਤੀ ਨੂੰ ਬਰੀਕੀ ਨਾਲ ਚੈੱਕ ਕੀਤਾ ਜਾਵੇਗਾ ਸੋ ਇਲਾਕੇ ਦੇ ਸਮੂਹਿਕ ਨਿਵਾਸੀਆਂ ਨੂੰ ਪਾਠਕ ਹਸਪਤਾਲ ਵੱਲੋਂ ਬੇਨਤੀ ਹੈ ਕੇ ਇਸ ਕੈਂਪ ਵਿਚ ਪਹੁੰਚ ਕੇ ਵੱਧ ਤੋਂ ਵੱਧ ਲਾਭ ਉਠਾਉ। ਇਸ ਕੈਂਪ ਵਿਚ ਸ਼ੂਗਰ ਮਰੀਜ਼ਾਂ ਦੇ ਟੈਸਟ ਫਰੀ ਕੀਤੇ ਜਾਣਗੇ ਅਤੇ ਉਹਨਾਂ ਨੂੰ ਦਵਾਈਆਂ ਫਰੀ ਦਿੱਤੀਆਂ ਜਾਣਗੀਆਂ। ਅੱਗੇ ਉਹਨਾਂ ਕਿਹਾ ਕੇ ਕੈਂਪ ਵਿਚ ਬਹੁਤ ਤਜਰਬੇਕਾਰ ਡਾਕਟਰਾਂ ਦੀਆਂ ਟੀਮਾਂ ਪਹੁੰਚ ਰਹੀਆਂ ਹਨ ਜਿਵੇਂ ਕਿ ਡਾ. ਅਮਿਤ ਪਾਠਕ ਐਮ ਬੀ ਬੀ ਐਸ ਹੱਡੀਆਂ ਦੇ ਮਾਹਰ ਡਾ. ਅਨੁਪਮਾ ਪਾਠਕ B D S (M A H E) ਦੰਦਾਂ ਦੇ ਮਾਹਰ ਡਾ. ਅਨੁਜ ਖੁੱਲਰ ਐਮ ਬੀ ਬੀ ਐਸ ਅੱਖਾਂ ਦੇ ਮਾਹਰ ਡਾ. ਸਨਮ ਖੁੱਲਰ ਦੰਦਾਂ ਦੇ ਮਾਹਰ ਡਾ. ਅਭਸ਼ੇਕ ਥੰਮਣ ਐਮ ਬੀ ਬੀ ਐਸ (MD) ਡਾ. ਸਵਰਨਾ ਥੰਮਣ ਜਰਨਲ ਸਰਜਰੀ ਡਾ. ਅਜੇ ਥੰਮਣ ਬੀ ਏ ਐਮ ਐਸ ਅਤੇ ਡਾਕਟਰ ਹਰਜੀਤ ਸਿੰਘ ਰਿਟਾਇਰ ਐਸ ਐਮ ਓ ਭੂੰਗਾ ਅਤੇ ਡਾਕਟਰ ਰਣਜੀਤ ਸਿੰਘ ਰਾਣਾ ਪ੍ਰੀਵਾਰ ਵਿਕਾਸ ਭਲਾਈ ਅਫਸਰ ਹੁਸ਼ਿਆਰਪੁਰ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

# ਬਲਬੀਰ ਸਿੰਘ ਪੰਨੂੰ ਵੱਲੋਂ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਦਾ ਦੌਰਾ



ਬਟਾਲਾ/ਅਲੀਵਾਲ, 21 ਫ਼ਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਤਨਾਮ ਸਿੰਘ ਸੰਧੂ) : ਬਟਾਲਾ ਇਥੋਂ ਥੋੜ੍ਹੀ ਦੂਰ ਬਲਬੀਰ ਸਿੰਘ ਪੰਨੂ (ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਅਤੇ ਸੀਨੀਅਰ ਆਪ ਆਗੂ) ਨੇ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸ਼ਰਫ ਦਾ ਦੌਰਾ ਕੀਤਾ ਅਤੇ ਸਟਾਫ ਅਤੇ ਬੱਚਿਆਂ ਦੇ ਨਾਲ ਕੁੱਝ ਖੁਸ਼ੀ ਦੇ ਪਲ ਸਾਂਝੇ ਕੀਤੇ ਅਤੇ ਬੱਚਿਆਂ ਦੇ ਅਧਿਆਪਨ ਦੇ ਲਈ ਸਾਰਥਿਕ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ। ਸ. ਪੰਨੂੰ ਨੇ ਸਕੂਲ ਦੀ ਪ੍ਰਿੰਸੀਪਲ ਮੈਡਮ ਪਿੰਕਾ ਤਿਵਾੜੀ, ਸਟਾਫ ਅਤੇ ਵਿਦਿਆਰਥੀਆਂ ਦੀ ਪ੍ਰਸੰਸਾ ਕੀਤੀ। ਯਾਦ ਰਹੇ ਕਿ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ, ਗੁਰੂ ਤੇਗ ਬਹਾਦਰ ਇੰਟਰਫੇਥ ਐਜੂਕੇਸ਼ਨ ਟਰੱਸਟ ਵੱਲੋਂ, ਡਾ. ਸਰਵਣ ਸਿੰਘ, ਅੰਤਰਰਾਸ਼ਟਰੀ ਵਿਦਵਾਨ ਅਤੇ ਮੈਂਬਰ ਬੁੱਧੀਜੀਵੀ ਵਿੰਗ ਆਮ ਆਦਮੀ ਪਾਰਟੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਚੱਲ ਰਹੀ ਹੈ।

ਇਸ ਸਮੇਂ ਬਲਬੀਰ ਸਿੰਘ ਪੰਨੂ ਨੇ ਡਾ. ਸਰਵਣ ਸਿੰਘ ਦੁਆਰਾ ਖੋਜ ਭਰਪੂਰ ਪ੍ਰਕਾਸ਼ਤ ਕੀਤੀ ਕਿਤਾਬ 'ਸ੍ਰੀ ਅੰਮ੍ਰਿਤਸਰ ਸ੍ਰੋਤ' ਪੁਸਤਕ ਦੀ ਵੀ ਸ਼ਲਾਘਾ ਕੀਤੀ। ਇਸ ਸਮੇਂ ਅਕੈਡਮੀ ਦੇ ਪ੍ਰਬੰਧਕਾਂ ਅਤੇ ਸਟਾਫ ਵੱਲੋਂ ਸ. ਬਲਬੀਰ ਸਿੰਘ ਪੰਨੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਬਲਾਕ ਪ੍ਰਧਾਨ ਸ.ਮਨਜਿੰਦਰ ਸਿੰਘ ਪੂਰੀਆਂ ਅਤੇ ਪੂਰੀ ਟੀਮ ਦਾ ਸਨਮਾਨ ਵੀ ਕੀਤਾ ਗਿਆ। ਇੱਸ ਸਮੇਂ ਡਾ. ਜਸਮੇਲ ਕੌਰ, ਮੈਡਮ ਪ੍ਰਿਅੰਕਾ ਤਿਵਾੜੀ (ਪ੍ਰਿੰਸੀਪਲ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸਰਫ, ਮੈਡਮ ਜਗਦੀਪ ਕੌਰ, ਹਰਪ੍ਰੀਤ ਕੌਰ, ਗੁਰਪ੍ਰੀਤ ਮੈਡਮ ਮਧੂ ਮੈਡਮ, ਮੈਡਮ ਮਨਜੀਤ ਕੌਰ, ਬਲਜੀਤ ਕੌਰ, ਸੁਖਦੇਵ ਸਿੰਘ, ਪ੍ਰਤਾਪ ਸਿੰਘ ਬੱਲਪੁਰੀਆਂ, ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਨੈਸ਼ਨਲਿਸਟ ਕਾਂਗਰਸ ਪਾਰਟੀ ਦੇ ਅਕਾਸ਼ਦੀਪ ਸਾਥੀਆਂ ਸਮੇਤ ਸੱਚਖੰਡ ਰਵਿਦਾਸ ਧਾਮ ਬੱਲਾਂ ਪਹੁੰਚੇ



ਮੰਡੀ ਗੋਬਿੰਦਗੜ, 21 ਫ਼ਰਵਰੀ (ਸੂਦ) : ਪਿੰਡ ਬੱਲਾਂ ਵਿਖੇ ਸਥਿਤ ਸੱਚਖੰਡ ਸ੍ਰੀ ਗੁਰੂ ਰਵਿਦਾਸ ਧਾਮ ਵਿੱਚ ਨੈਸ਼ਨਲਿਸਟ ਕਾਂਗਰਸ ਪਾਰਟੀ ਦੇ ਯੂਥ ਵਿੰਗ ਦੇ ਸੂਬਾ ਪ੍ਰਧਾਨ ਆਕਾਸ਼ਦੀਪ ਸਿੰਘ ਆਪਣੇ ਸਾਥੀਆਂ ਸਮੇਤ ਪਹੁੰਚੇ ਅਤੇ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕਰਕੇ ਅਸ਼ੀਰਵਾਦ ਹਾਸਲ ਕੀਤਾ। ਸ੍ਰੀ ਅਕਾਸ਼ਦੀਪ ਨੇ ਸੰਤਾਂ ਨੂੰ ਸਨਮਾਨ ਵਜੋਂ ਸ੍ਰੀ ਗੁਰੂ ਰਵਿਦਾਸ ਜੀ ਦੀ ਤਸਵੀਰ ਵੀ ਭੇਟ ਕੀਤੀ। ਸੰਤ ਨਿਰੰਜਨ ਦਾਸ ਨੇ ਅਸ਼ੀਰਵਾਦ ਦਿੰਦਿਆਂ ਸਮਾਜ ਵਿੱਚ ਭਾਈਚਾਰੇ, ਸੇਵਾ ਭਾਵਨਾ ਅਤੇ ਏਕਤਾ ਦਾ ਸੰਦੇਸ਼ ਦਿੱਤਾ। ਸ੍ਰੀ ਅਕਾਸ਼ਦੀਪ ਸਿੰਘ ਨੇ ਕਿਹਾ ਕਿ ਸੰਤ ਮਹਾਤਮਾਂ ਦਾ ਮਾਰਗਦਰਸ਼ਨ ਸਮਾਜ ਨੂੰ ਸਹੀ ਦਿਸ਼ਾ ਦਿੰਦਾ ਹੈ ਅਤੇ ਨੌਜਵਾਨਾਂ ਨੂੰ ਸਕਾਰਾਤਮਕ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸੰਤਾਂ ਦੇ ਆਸ਼ੀਰਵਾਦ ਨਾਲ ਸਮਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

# ਆਤਮ ਵੱਲਭ ਸਕੂਲ 'ਚ ਅਧਿਆਪਕ-ਮਾਪੇ ਗੋਸ਼ਟੀ ਕਰਵਾਈ




ਫਾਜ਼ਿਲਕਾ, 21 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਥਾਨਕ ਆਤਮ ਵੱਲਭ ਪਬਲਿਕ ਸਕੂਲ 'ਚ ਚੱਲ ਰਹੀ ਦਸ ਰੋਜ਼ਾ ਅਧਿਆਪਕ-ਮਾਪੇ ਗੋਸ਼ਟੀ ਦੇ ਤਹਿਤ ਪਹਿਲੀ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਸਕੂਲ ਪ੍ਰਬੰਧਕ ਅਨੁਸਾਰ ਬੱਚਿਆਂ ਦਾ ਸਰਬਪੱਖੀ ਵਿਕਾਸ ਕਰਨਾ ਹੀ ਏ.ਵੀ.ਪੀ. ਐਸ ਦਾ ਮੁੱਖ ਟੀਚਾ ਹੈ ਤੇ ਇਸੇ ਲੜੀ ਤਹਿਤ ਇਹ ਗੋਸ਼ਟੀ ਕਰਵਾਈ ਗਈ। ਮੀਟਿੰਗ ਦੌਰਾਨ ਅਧਿਆਪਕਾਂ ਨੇ ਬੱਚਿਆਂ ਦੀ ਵਿੱਦਿਅਕ ਪ੍ਰਗਤੀ, ਸਾਲਾਨਾ ਪ੍ਰੀਖਿਆਵਾਂ ਦੀ ਤਿਆਰੀ, ਸਕੂਲ 'ਚ ਹਾਜ਼ਰੀ ਅਤੇ ਅਨੁਸ਼ਾਸਨ ਵਰਗੇ ਮਹੱਤਵਪੂਰਨ ਨੁਕਤਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮਾਪਿਆਂ ਨੇ ਵੀ ਆਪਣੇ ਸੁਝਾਅ ਸਾਂਝੇ ਕੀਤੇ ਅਤੇ ਸਕੂਲ ਵੱਲੋਂ ਕੀਤੀ ਇਸ ਪਹਿਲ ਦੀ ਪ੍ਰਸ਼ੰਸਾ ਕੀਤੀ।

ਸਕੂਲ ਪ੍ਰਸ਼ਾਸਨ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗੋਸ਼ਟੀਆਂ ਸਕੂਲ ਅਤੇ ਮਾਪਿਆਂ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਦੀਆਂ ਹਨ, ਜੋ ਬੱਚਿਆਂ ਦੇ ਭਵਿੱਖ ਲਈ ਲਾਹੇਵੰਦ ਹੈ। ਇਸ ਮੌਕੇ ਸਕੂਲ ਦੇ ਪ੍ਰਧਾਨ ਰਮਨ ਕੁਮਾਰ ਵਾਟਸ, ਪ੍ਰਿੰਸੀਪਲ ਸੰਗੀਤਾ ਤਿੰਨਾ, ਐਗਜ਼ੀਕਿਊਟਿਵ ਡਾਇਰੈਕਟਰ ਦੀਪਕ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸੀਮਾ ਸ਼ਰਮਾ ਤੇ ਪੀ. ਟੀ. ਏ. ਪ੍ਰਧਾਨ ਨਰਿੰਦਰ ਸਚਦੇਵਾ ਸਮੇਤ ਸਮੂਹ ਸਟਾਫ਼ ਨੇ ਬੱਚਿਆਂ ਨੂੰ ਸਾਲਾਨਾ ਪ੍ਰੀਖਿਆਵਾਂ ਲਈ ਸ਼ੁੱਭਕਾਮਨਾਵਾਂ ਤੇ ਆਸ਼ੀਰਵਾਦ ਦਿੱਤਾ।



# ਪਟਿਆਲਾ-ਆਸ/ਪਾਸ



## ਭਾਸ਼ਾ ਵਿਭਾਗ ਨੇ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ

### ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵਿਖੇ ਸਜੀ ਕਾਵਿ ਮਹਿਫ਼ਿਲ

ਪਟਿਆਲਾ, 21 ਫਰਵਰੀ (ਚ.ਨ.ਸ.): ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਸਟੇਟ ਕਾਲਜ ਆਫ ਐਜੂਕੇਸ਼ਨ ’ਚ ਸਥਿਤ ਕੈਂਪਸ ਵਿਖੇ ਪਟਿਆਲਾ ਸਾਹਿਤ ਉਤਸਵ ਦੌਰਾਨ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ, ਜਿਸ ਦੌਰਾਨ ਨਾਮਵਰ ਲੇਖਕ ਪ੍ਰੋ. (ਡਾ.) ਸੁਹਿੰਦਰਬੀਰ ਸਿੰਘ ਮੁੱਖ ਮਹਿਮਾਨ ਵਜੋਂ, ਪ੍ਰੋ. ਪਰਵੀਨ ਕੁਮਾਰ, ਡਾ. ਕੁਲਦੀਪ ਸਿੰਘ ਤੇ ਕਵੀ ਸਤਬੀਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਅਮਰਜੀਤ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ। ਭਾਸ਼ਾ ਵਿਭਾਗ ਦੀ ਤਰਫ਼ੋਂ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਸਭ ਦਾ ਧੰਨਵਾਦ ਕੀਤਾ ਅਤੇ ਮੰਚ ਸੰਚਾਲਨ ਦੀ ਜ਼ੁੰਮੇਵਾਰੀ ਬਾਖੂਬੀ ਨਿਭਾਈ।ਡਾ. ਸੁਹਿੰਦਰਬੀਰ ਸਿੰਘ ਨੇ ‘ਅੱਖੀਆਂ ਵਿੱਚ ਅੱਥਰੂ..’ ਕਵਿਤਾ ਰਾਹੀਂ ਕਵੀ ਦਰਬਾਰ ਦੀ ਸ਼ੁਰੂਆਤ ਕੀਤੀ ਅਤੇ ਸਤਬੀਰ ਸਿੰਘ ਸਮਾਜਿਕ ਕੁਰੀਤੀਆਂ ਬਾਰੇ ਕਵਿਤਾ ਪੜ੍ਹੀ। ਪ੍ਰਧਾਨਗੀ ਭਾਸ਼ਨ ਦੌਰਾਨ ਦਰਸ਼ਨ ਬੁੱਟਰ ਨੇ ਭਾਸ਼ਾ ਵਿਭਾਗ ਤੇ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਆਪਣੀ ਕਵਿਤਾ ‘ਜੂਨ’ ਰਾਹੀਂ ਮਖੌਟੇ ਪਹਿਨ ਕੇ ਸਮਾਜ ’ਚ ਵਿਚਰਨ ਵਾਲਿਆਂ ’ਤੇ ਵਿਅੰਗ ਕੀਤਾ। ਅਮਰਜੀਤ ਕਸਕ ਨੇ ਵੀ ਆਪਣੀ ਕਵਿਤਾ ਰਾਹੀਂ ਅਜੋਕੀਆਂ ਸਮਾਜਿਕ ਪ੍ਰਸਥਿਤੀਆਂ ਬਾਰੇ ਗੰਭੀਰ ਚਿੰਤਨ ਦਾ ਪ੍ਰਗਟਾਵਾ ਕੀਤਾ। ਅਮਰਜੀਤ ਕੌਂਕੇ ਨੇ ‘ਸਟੇਟਸ’ ਕਵਿਤਾ ਰਾਹੀਂ ਅਜੋਕੇ ਪ੍ਰੇਮੀਆਂ ’ਤੇ ਅਤੇ ਹਰਦੀਪ ਸੱਭਰਵਾਲ ਨੇ ਮੌਜੂਦਾ ਰਾਜਨੀਤੀ ’ਤੇ ਚੋਟ ਕੀਤੀ। ਗੁਰਵਿੰਦਰ ਅਮਨ ਨੇ ਜ਼ਮੀਰ, ਦਵਿੰਦਰ ਪਟਿਆਲਵੀ ਨੇ ਧੀਆਂ ਬਾਰੇ, ਹਰਪ੍ਰੀਤ ਸੰਧੂ ਨੇ ਭਾਈਚਾਰਕ ਸਾਂਝ ਦੇ ਬਦਲਦੇ ਰੂਪ ਬਾਰੇ ਕਾਵਿ ਪੇਸ਼ ਕੀਤਾ। ਨਵਦੀਪ ਮੁੰਡੀ ਨੇ ਆਪਣੀ ਕਵਿਤਾ ਰਾਹੀਂ ਉਮਰ ਦੇ ਹਿਸਾਬ ਨੇ ਵਿਅਕਤੀ ਦੇ ਦ੍ਰਿਸ਼ਟੀਕੋਣ ’ਚ ਹੋਣ ਵਾਲੀਆਂ ਤਬਦੀਲੀਆਂ ਦੀ ਖ਼ੂਬਸੂਰਤ ਵਿਆਖਿਆ ਕੀਤੀ। ਅਨੀਤਾ ਪਟਿਆਲਵੀ ਨੇ ਪੰਜਾਬ ਦੀ ਖ਼ੂਬਸੂਰਤੀ ਅਤੇ ਸੁਖਵਿੰਦਰ ਚਹਿਲ ਨੇ ਸਮਾਜਿਕ ਸਾਂਝਾਂ ਬਾਰੇ ਕਵਿਤਾ ਪੇਸ਼ ਕੀਤੀ।



## 25 ਸਾਲਾਂ ਬਾਅਦ ਪਹਿਲੀ ਵਾਰ ਨਗਰ ਨਿਗਮ ’ਚ ਵਾਧੇ ਦਾ ਬਜਟ ਪੇਸ਼ ਹੋਵੇਗਾ

### ➢ਸ਼ਹਿਰ ਨੂੰ ਨਗੀਨਾ ਬਣਾਉਣ ਦਾ ਟੀਚਾ, ਬਿਨਾਂ ਕੁਰੱਪਸ਼ਨ ਵਿਕਾਸ ਹੀ ਮੇਰੀ ਪਹਿਲ : ਮੇਅਰ ਗੋਗੀਆ

ਪਟਿਆਲਾ, 21 ਫਰਵਰੀ (ਰੁਪਾਣਾ) : ਸ਼ਾਹੀ-ਸ਼ਹਿਰ ਪਟਿਆਲਾ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਵਿਕਸਿਤ ਬਣਾਉਣ ਲਈ ਨਗਰ ਨਿਗਮ ਵੱਲੋਂ ਲਗਾਤਾਰ ਵੱਡੇ ਪੱਧਰ ’ਤੇ ਉਪਰਾਲੇ ਕੀਤੇ ਜਾ ਰਹੇ ਹਨ। ਮੇਅਰ ਦੀ ਕੁਰਸੀ ਰਾਜਸੀ ਸ਼ਾਨ-ਸ਼ੌਕਤ ਲਈ ਨਹੀਂ, ਸਗੋਂ ਲੋਕਾਂ ਦੀ ਸੇਵਾ ਲਈ ਹੁੰਦੀ ਹੈ ਅਤੇ ਮੇਰਾ ਮਕਸਦ ਲੋਕਾਂ ਲਈ ਉਦਾਹਰਨ ਬਣ ਕੇ ਦਿਖਾਉਣਾ ਹੈ ਕਿ ਇਮਾਨਦਾਰੀ ਨਾਲ ਕੰਮ ਕਿਵੇਂ ਕੀਤਾ ਜਾਂਦਾ ਹੈ। ਇਹ ਗੱਲਬਾਤ ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਦੌਰਾਨ ਕੀਤੀ। ਮੇਅਰ ਗੋਗੀਆ ਨੇ ਦੱਸਿਆ ਕਿ ਪਟਿਆਲਾ ਨੂੰ ਕੂੜਾ ਮੁਕਤ ਬਣਾਉਣ ਲਈ 52 ਕਰੋੜ ਰੁਪਏ ਦਾ ਟੈਂਡਰ ਲਗਾਇਆ ਗਿਆ ਹੈ। ਹੁਣ ਤਾਜ਼ਾ ਕੂੜਾ ਉਸੇ ਦਿਨ ਸੈਗਰੀਗੇਟ ਕਰਕੇ ਨਿਪਟਾਇਆ ਜਾਵੇਗਾ।



50 ਸਾਲ ਪੁਰਾਣੇ ਡੰਪ ਦਾ ਲਗਭਗ 50 ਫੀਸਦੀ ਹਿੱਸਾ ਪਹਿਲਾਂ ਹੀ ਖਤਮ ਕੀਤਾ ਜਾ ਚੁੱਕਾ ਹੈ ਅਤੇ ਉੱਥੇ ਗ੍ਰੀਨ ਏਰੀਆ ਵਿਕਸਿਤ ਕਰਨ ਦੀ ਯੋਜਨਾ ਹੈ।ਮੇਅਰ ਗੋਗੀਆ ਨੇ ਕਿਹਾ ਕਿ ਇਸ ਵਾਰ ਹਾਊਸ ਮੀਟਿੰਗ ਵਿੱਚ 25 ਸਾਲਾਂ ਮਗਰੋਂ ਪਹਿਲੀ ਵਾਰੀ ਵਾਧੇ ਦਾ ਬਜਟ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਨੇਕ ਨੀਤੀ ਅਤੇ ਸਹਿਯੋਗ ਸਦਕੇ ਬਿਲਡਿੰਗ, ਲੈਂਡ, ਟੈਕਸ ਅਤੇ ਵਾਟਰ ਸਪਲਾਈ ਸਮੇਤ ਸਾਰੀਆਂ ਬ੍ਰਾਂਚਾਂ ਨੇ ਟਾਰਗੇਟ ਤੋਂ ਵੱਧ ਕਲੈਕਸ਼ਨ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਗਲਤੀਆਂ ਮਿਲੀਆਂ, ਉੱਥੇ ਸਖ਼ਤ ਕਾਰਵਾਈ ਕੀਤੀ ਗਈ। ਹੁਣ 10 ਲੱਖ ਤੋਂ ਵੱਧ ਦੇ ਸੜਕ ਪ੍ਰੋਜੈਕਟਾਂ ਦੀ ਥਰਡ ਪਾਰਟੀ ਜਾਂਚ ਹੋ ਰਹੀ ਹੈ। ਜਦ ਤੱਕ ਕੰਮ ਦੀ ਗੁਣਵੱਤਾ ਠੀਕ ਨਹੀਂ ਹੁੰਦੀ, ਠੇਕੇਦਾਰ ਨੂੰ ਭੁਗਤਾਨ ਨਹੀਂ ਕੀਤਾ ਜਾਂਦਾ।ਉਨ੍ਹਾਂ ਵਿਸ਼ੇਸ਼ ਤੌਰ ’ਤੇ ਕਿਹਾ ਕਿ ਮੁਲਾਜ਼ਮਾਂ ਲਈ ਪਹਿਲੀ ਤਰੀਕ ਨੂੰ ਤਨਖਾਹ, ਪੀਐਫ, ਗ੍ਰੈਚੁਇਟੀ ਅਤੇ ਮੈਡੀਕਲ ਬਿਲਾਂ ਦੀ ਅਦਾਇਗੀ ਯਕੀਨੀ ਬਣਾਈ ਗਈ ਹੈ। ਕਰਮਚਾਰੀਆਂ ਦਾ ਮਨੋਬਲ ਵਧਾਉਣਾ ਵੀ ਸਾਡੀ ਤਰਜੀਹ ਹੈ। ਉਹਨਾਂ ਕਿਹਾ ਕਿ ਮੈਂ ਸਵੇਰੇ ਲੋਕਾਂ ਵਿਚਕਾਰ ਰਹਿੰਦਾ ਹਾਂ, ਬਿਨਾਂ ਗੰਨਮੈਨ ਅਤੇ ਬਿਨਾਂ ਵੀਆਈਪੀ ਕਲਚਰ ਦੇ ਲੋਕਾਂ ਨਾਲ ਸਿੱਧਾ ਸੰਪਰਕ ਰੱਖਦਾ ਹਾਂ। ਅੰਤ ਵਿੱਚ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਮੇਰਾ ਟੀਚਾ ਪਟਿਆਲਾ ਨੂੰ ਐਸਾ ਸ਼ਹਿਰ ਬਣਾਉਣਾ ਹੈ, ਜੋ ਸਾਫ਼-ਸੁਥਰਾ, ਹਰਾ-ਭਰਾ, ਸੁੰਦਰ ਅਤੇ ਵਿਕਸਿਤ ਹੋਵੇ। ਇਮਾਨਦਾਰੀ, ਪਾਰਦਰਸ਼ਤਾ ਅਤੇ ਲੋਕਾਂ ਦੀ ਭਲਾਈ ਹੀ ਮੇਰੀ ਨੀਤੀ ਹੈ। ਮੈਂ ਚਾਹੁੰਦਾ ਹਾਂ ਕਿ ਜਦੋਂ ਮੇਰਾ ਕਾਰਜਕਾਲ ਖਤਮ ਹੋਵੇ, ਤਾਂ ਲੋਕ ਕਹਿਣ ਕਿ ਇਸ ਦੌਰ ਵਿੱਚ ਪਟਿਆਲਾ ਨੇ ਨਵਾਂ ਰੂਪ ਧਾਰਿਆ।

## ਜੱਸੀ ਸੋਹੀਆਂ ਵਾਲਾ ਨੇ ਤੀਰਥ ਯਾਤਰਾ ਲਈ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ



ਭਾਦਸੋਂ, 21 ਫਰਵਰੀ (ਭਰਪੂਰ ਸਿੰਘ ਮੱਟਰਾਂ) : ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਅੱਜ ਨਾਭਾ ਹਲਕੇ ਦੇ ਪਿੰਡ ਕਾਲਸਨਾ ਤੋਂ ਸੰਗਤਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਿਰ ਅਤੇ ਰਾਮ ਤੀਰਥ ਦੇ ਦਰਸ਼ਨਾਂ ਲਈ ਚਲਾਈ ਗਈ ਤੀਰਥ ਯਾਤਰਾ ਬੱਸ ਨੂੰ ਆਮ ਆਦਮੀ ਪਾਰਟੀ ਸੇਵਾ ਸੰਗਠਨ ਦੇ ਸਟੇਟ ਸੈਕਟਰੀ ਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਅਤੇ ਹਲਕਾ ਵਿਧਾਇਕ ਦੇਵ ਮਾਨ ਦੇ ਭਰਾ ਸੁਖਦੇਵ ਸਿੰਘ ਨੇ ਸਾਂਝੇ ਤੌਰ ਤੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਜ਼ੁਰਗਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਬਜ਼ੁਰਗਾਂ ਲਈ ਵਰਦਾਨ ਸਾਬਤ ਹੋ ਰਹੀ ਹੈ, ਜਿਸ ਤਹਿਤ ਉਨ੍ਹਾਂ ਨੂੰ ਗੁਰੂ ਧਾਮਾਂ ਦੇ ਦਰਸ਼ਨ ਦੀਦਾਰ ਕਰਵਾਏ ਜਾ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਕੱਲਰਮਾਜਰੀ, ਕੰਪਨੀ ਮੈਨੇਜਰ ਤੇਜਿੰਦਰ ਸਿੰਘ, ਸੁਖਜੀਤ ਸਿੰਘ ਹਾਂਸ, ਜਸਕਰਨਵੀਰ ਸਿੰਘ ਤੇਜੇ, ਬਲਕਾਰ ਸਿੰਘ ਗੋਨੀ ਅਤੇ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਮੌਜੂਦ ਸਨ।

## ਹੈਰੋਇਨ ਦਾ ਸੇਵਨ ਕਰਦਾ ਨੌਜਵਾਨ ਕਾਬੂ

ਸਮਾਣਾ, 21 ਫਰਵਰੀ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਹੈਰੋਇਨ ਦਾ ਸੇਵਨ ਕਰ ਰਹੇ ਇੱਕ ਨੌਜਵਾਨ ਨੂੰ ਲਾਈਟਰ, ਫ਼ੋਇਲ ਪੇਪਰ ਅਤੇ ਫ਼ੋਇਲ ਪਾਈਪ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਸੂਰਜ ਕੁਮਾਰ ਵਾਸੀ ਮਲਕਾਣਾ ਪੱਤੀ, ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਹੈੱਡ ਕਾਂਸਟੇਬਲ ਗਗਨਦੀਪ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਭਾਖੜਾ ਪੁਲ ਪਟਿਆਲਾ ਰੋਡ ’ਤੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਨੌਜਵਾਨ ਨਾਮਧਾਰੀ ਕਾਲੋਨੀ ਰੋਡ ’ਤੇ ਬੈਠਾ ਨਸ਼ਾ ਕਰ ਰਿਹਾ ਹੈ। ਪੁਲਿਸ ਪਾਰਟੀ ਵੱਲੋਂ ਮਾਰੇ ਗਏ ਛਾਪੇ ਦੌਰਾਨ ਇੱਕ ਲਾਈਟਰ, ਇੱਕ ਫ਼ੋਇਲ ਪੇਪਰ ਅਤੇ ਫ਼ੋਇਲ ਪੇਪਰ ਦੀ ਪਾਈਪ ਬਰਾਮਦ ਹੋਣ ’ਤੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ ’ਤੇ ਮੁਲਜ਼ਮ ਨੂੰ ਨਸ਼ਾ ਛੁਡਾਊ ਕੇਂਦਰ ਭੇਜਿਆ ਜਾ ਰਿਹਾ ਹੈ।

## ਡਾ. ਬੀ. ਐਸ. ਸੰਧੂ ਸਕੂਲ ਦੇ ਵਿਦਿਆਰਥੀਆਂ ਨੇ ਸਾਹਿਤਕ ਮੁਕਾਬਲਿਆਂ ਵਿੱਚ ਮਾਰੀਆਂ ਮੱਲਾਂ




ਦੇਵੀਗੜ੍ਹ, 21 ਫਰਵਰੀ (ਗੁਰਜੀਤ ਸਿੰਘ ਢੋਟ) : ਡਾ. ਬੀ. ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹ ਖੇੜੀ ਦੇ ਵਿਦਿਆਰਥੀਆਂ ਨੇ ਵੱਖ-ਵੱਖ ਅੰਤਰ-ਸਕੂਲ ਸਾਹਿਤਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਨ੍ਹਾਂ ਜੇਤੂ ਵਿਦਿਆਰਥੀਆਂ ਦੇ ਸਨਮਾਨ ਵਿੱਚ ਸਕੂਲ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਉਨ੍ਹਾਂ ਨੂੰ ਸਰਟੀਫਿਕੇਟਾਂ ਨਾਲ ਨਿਵਾਜਿਆ ਗਿਆ।ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਹੇਠ ਲਿਖੀਆਂ ਸ਼੍ਰੇਣੀਆਂ ਵਿੱਚ ਸਥਾਨ ਹਾਸਲ ਕੀਤੇ: ਵਿਦਿਆਰਥੀਆਂ ਨੇ ਮਾਂ-ਬੋਲੀ ਪੰਜਾਬੀ ਪ੍ਰਤੀ ਆਪਣਾ ਪਿਆਰ ਅਤੇ ਕਵਿਤਾ ਪੇਸ਼ਕਾਰੀ ਦੀ ਮੁਹਾਰਤ ਦਿਖਾਈ। ਹਿੰਦੀ ਕਵਿਤਾ ਉਚਾਰਨ ਮੁਕਾਬਲੇ ਵਿੱਚ ਵਿਦਿਆਰਥੀਆਂ ਦੀ ਪ੍ਰਭਾਵਸ਼ਾਲੀ ਸ਼ਬਦਾਵਲੀ ਅਤੇ ਲੈਅ ਨੂੰ ਭਰਪੂਰ ਸਲਾਹਿਆ ਗਿਆ। ਇਸੇ ਤਰ੍ਹਾਂ ਅੰਗਰੇਜ਼ੀ ਭਾਸ਼ਣ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਗੰਭੀਰ ਵਿਸ਼ਿਆਂ ’ਤੇ ਆਪਣੇ ਵਿਚਾਰ ਬੜੇ ਆਤਮ-ਵਿਸ਼ਵਾਸ ਨਾਲ ਪੇਸ਼ ਕੀਤੇ।ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਨੇ ਜੇਤੂਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਬੱਚਿਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਅਕਾਦਮਿਕ ਅਤੇ ਸਹਿ-ਅਕਾਦਮਿਕ ਗੁਣਾਂ ਨੂੰ ਨਿਖਾਰਨ ਲਈ ਵਚਨਬੱਧ ਹੈ। ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ (ਸਰਟੀਫਿਕੇਟ) ਵੰਡੇ ਗਏ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

## ਹਡਾਣਾ ਵੱਲੋਂ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ ’ਚ 30 ਲੱਖ ਤੋਂ ਵੱਧ ਦੇ ਵਿਕਾਸ ਕੰਮਾਂ ਦਾ ਉਦਘਾਟਨ

ਦੇਵੀਗੜ੍ਹ, 21 ਫਰਵਰੀ (ਗੁਰਜੀਤ ਸਿੰਘ ਢੋਟ) : ਹਲਕੇ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਪਿੰਡ ਸਫੇੜਾ, ਹੁਸੈਨਪੁਰ ਜੌਲਾ, ਪੰਜੋਲਾ, ਨਨਾਨਸੂੰ ਆਦਿ ਪਿੰਡਾਂ ਵਿੱਚ 30 ਲੱਖ ਰੁਪਏ ਤੋਂ ਵੱਧ ਦੀ ਲਾਗਤ ਨਾਲ ਹੋ ਰਹੇ ਵਿਕਾਸੀ ਕੰਮਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਨ੍ਹਾਂ ਕੰਮਾਂ ਵਿੱਚ ਸੀਵਰੇਜ ਪ੍ਰਣਾਲੀ, ਇੰਟਰਲੌਕ ਟਾਈਲਾਂ, ਨਾਲੀਆਂ ਦੀ ਮਰੰਮਤ ਅਤੇ ਫਿਰਨੀ ਦੇ ਨਿਰਮਾਣ ਵਰਗੇ ਮਹੱਤਵਪੂਰਨ ਪ੍ਰੋਜੈਕਟ ਸ਼ਾਮਲ ਹਨ। ਇਸ ਮੌਕੇ ਉਨ੍ਹਾਂ ਨਾਲ ਹਰਪ੍ਰੀਤ ਸਿੰਘ ਘੁੰਮਣ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਸਰਪੰਚ, ਗੁਰਮੀਤ ਸਿੰਘ ਜਿਲ੍ਹਾ ਪ੍ਰੀਸ਼ਦ ਮੈਂਬਰ, ਨਿਸ਼ਾ ਕੌਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਭੂਸ਼ਨ ਕੁਮਾਰ ਤੋਂ ਇਲਾਵਾ ਕਈ ‘ਆਪ’ ਆਗੂ, ਸਰਪੰਚ,



ਬਲਾਕ ਪ੍ਰਧਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਮੈਂਬਰ ਅਤੇ ਵੱਖ-ਵੱਖ ਪਿੰਡਾਂ ਦੇ ਸਥਾਨਕ ਵਾਸੀ ਵੀ ਮੌਜੂਦ ਰਹੇ। ਉਦਘਾਟਨ ਮੌਕੇ ਰਣਜੋਧ ਸਿੰਘ ਹਡਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਸਥਾਨਕ ਵੱਖ-ਵੱਖ ਪਿੰਡ ਵਾਸੀਆਂ ਨੇ ਵਿਕਾਸੀ ਕੰਮਾਂ ਦੇ ਉਦਘਾਟਨ ’ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਕਈ ਸਾਲਾਂ ਤੋਂ ਇਹ ਮੰਗਾਂ ਲਟਕੀਆਂ ਹੋਈਆਂ ਸਨ। ਹੁਣ ਸੀਵਰੇਜ, ਸੜਕਾਂ ਅਤੇ ਫਿਰਨੀ ਦੇ ਸੁਧਾਰ ਨਾਲ ਪਿੰਡਾਂ ਦੀ ਦਿੱਖ ਦੇ ਨਾਲ-ਨਾਲ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਵੀ ਸੁਧਾਰ ਆਵੇਗਾ।

## ਬੱਚੀ ਸੁਮੇਰਾ ਦੇ ਜਨਮ ਦਿਨ ਮੌਕੇ ਲੰਗਰ ਲਗਾਇਆ

ਪਟਿਆਲਾ, 21 ਫਰਵਰੀ (ਚ.ਨ.ਸ.) : ਸ੍ਰੀਮਤੀ ਮਾਤਾ ਦੇਵੀ ਜੀ ਜੋ ਕਿ ਮੰਦਿਰ ਸ੍ਰੀ ਕੇਦਾਰ ਨਾਥ ਪਟਿਆਲਾ ਵਿਖੇ ਸਾਫ ਸਫਾਈ ਦਾ ਕੰਮ ਕਰਦੀ ਹੈ ਵੱਲੋਂ ਆਪਣੀ ਪੁੱਤਰੀ 5 ਸਾਲ ਦੀ ਬੱਚੀ ਸੁਮੇਰਾ ਦੇ ਜਨਮ ਦਿਨ ਮੌਕੇ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਪਟਿਆਲਾ ਵਿਖੇ ਕੜੀ ਚਾਵਲ ਦਾ ਰਾਸ਼ਨ ਸੁਧਾਰ ਸਭਾ ਦੇ ਮੈਂਬਰਾਂ ਵੱਲੋਂ ਲੰਗਰ ਲਈ ਲਿਆ ਕੇ ਦਿੱਤਾ। ਸੁਧਾਰ ਸਭਾ ਦੇ ਸਾਰੇ ਮੈਂਬਰਾਂ ਵੱਲੋਂ ਲੰਗਰ ਬਣਾ ਕੇ ਮੰਦਿਰ ਵਿਖੇ ਪ੍ਰਸ਼ਾਦ ਲਗਾ ਕੇ ਵਰਤਾਇਆ ਗਿਆ। ਚੇਅਰਮੈਨ ਰਘਵੀਰ ਸਿੰਘ ਕਾਟੀ ਅਤੇ ਵਾਇਸ ਚੇਅਰਮੈਨ ਹਰੀ ਸਿੰਘ ਚੌਹਾਨ ਨੇ ਦੱਸਿਆ ਕਿ ਸੁਧਾਰ ਸਭਾ ਵੱਲੋਂ ਸਾਡੇ ਸਰਪ੍ਰਸਤ ਸਤਨਾਮ ਹਸੀਜਾ ਵੱਲੋਂ ਅਤੇ ਸਾਰੇ ਮੈਂਬਰਾਂ ਅਤੇ ਬੱਚਿਆਂ ਵੱਲੋਂ ਕੇਕ ਕੱਟਿਆ ਅਤੇ ਟੌਫੀਆਂ ਲਿਆ ਕੇ ਇਕੱਠੇ ਹੋਏ ਬੱਚਿਆਂ ਨੂੰ ਵਰਤਾਇਆ ਗਿਆ।



## ਲੜੀਵਾਰ ਖ਼ੂਨਦਾਨ ਕੈਂਪ ਲਗਾ ਕੇ ਕਲੱਬ ਨੇ ਮਿਸਾਲ ਕੀਤੀ ਕਾਇਮ : ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ



ਦੇਵੀਗੜ੍ਹ, 21 ਫਰਵਰੀ (ਗੁਰਜੀਤ ਸਿੰਘ ਢੋਟ) : ਮਨੁੱਖਤਾ ਦੇ ਭਲੇ ਲਈ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 340ਵਾਂ ਰੈਗੂਲਰ ਖ਼ੂਨਦਾਨ ਕੈਂਪ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਲਗਾਇਆ ਗਿਆ, ਜਿਸ ਦਾ ਰਸਮੀ ਉਦਘਾਟਨ ਅਰਮਾਨ ਸਿੰਘ ਚਾਹਲ ਬਸੰਤਪੁਰਾ ਨੇ 20 ਸਾਲ ਦੀ ਉਮਰ ਵਿਚ ਪਹਿਲੀ ਵਾਰ ਖ਼ੂਨਦਾਨ ਕਰਕੇ ਕੀਤਾ। ਇਸ ਮੌਕੇ ਗੁਰਚਰਨ ਸਿੰਘ ਸਹਿਜਪੁਰ ਕਲਾਂ ਨੇ 15ਵੀਂ ਵਾਰ, ਕੁਲਵਿੰਦਰ ਸਿੰਘ, ਹਰਮੀਤ ਸਿੰਘ ਸਨੌਰ, ਅਰੁਣ ਪਟਿਆਲਾ, ਹੈਪੀ ਮਵੀ ਸੱਪਾਂ, ਸੁਦਰਸ਼ਨ ਕੁਮਾਰ ਮੰਡੀ ਗੋਬਿੰਦਗੜ੍ਹ, ਹਰਮਨਪ੍ਰੀਤ ਸਿੰਘ ਖਾਲਸਪੁਰ, ਜਸਪ੍ਰੀਤ ਸਿੰਘ ਤੇ ਗਗਨਦੀਪ ਸਿੰਘ ਨੇ ਵੀ ਖ਼ੂਨਦਾਨ ਕੀਤਾ। ਖ਼ੂਨਦਾਨੀਆਂ ਨੂੰ ਆਸ਼ੀਰਵਾਦ ਦੇਣ ਲਈ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਅੰਗਰੇਜ਼ ਸਿੰਘ ਰਾਮਗੜ੍ਹ ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਪਹੁੰਚੇ। ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਿਤ ਕਰਦਿਆਂ ਪ੍ਰੋ. ਬਡੂੰਗਰ ਨੇ ਕਿਹਾ ਕਿ ਪਿਛਲੇ 14 ਸਾਲਾਂ ਤੋਂ ਲੜੀਵਾਰ ਖ਼ੂਨਦਾਨ ਕੈਂਪ ਲਗਾ ਕੇ ਹਰਦੀਪ ਸਿੰਘ ਸਨੌਰ ਤੇ ਸਾਥੀਆਂ ਨੇ ਮਿਸਾਲ ਕਾਇਮ ਕੀਤੀ ਹੈ, ਜਿਸ ਵਿਚ ਰੈਗੂਲਰ ਖ਼ੂਨਦਾਨੀਆਂ ਦਾ ਵੀ ਵੱਡਮੁੱਲਾ ਯੋਗਦਾਨ ਹੈ। ਇਸ ਮੌਕੇ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਭਾਈ ਰਵਿੰਦਰ ਸਿੰਘ ਭਾਂਖਰ, ਜਗਸੀਰ ਸਿੰਘ ਧਾਲੀਵਾਲ ਬੌੜਾਂ ਕਲਾਂ, ਸੁਖਜੀਤ ਸਿੰਘ ਬਸੰਤਪੁਰਾ ਤੇ ਸੁਖਵਿੰਦਰ ਸਿੰਘ ਸਮਾਣਾ ਵੀ ਹਾਜ਼ਰ ਸਨ। ਭਾਈ ਰਵਿੰਦਰ ਸਿੰਘ ਭਾਂਖਰ ਨੇ ਦੱਸਿਆ ਕਿ ਜਲਦ ਹੀ ਪਿੰਡ ਭਾਂਖਰ ਵਿਖੇ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ।

## ਘੇਰ ਕੇ ਕੀਤੀ ਕੁੱਟਮਾਰ

ਪਟਿਆਲਾ, 21 ਫਰਵਰੀ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਮਾਂਸ਼ੂ ਠਾਕੁਰ ਪੁੱਤਰ ਪ੍ਰਭੂ ਠਾਕੁਰ ਵਾਸੀ ਨੇੜੇ ਅਨੰਦ ਬੇਕਰੀ ਕਨੇਰਾ ਵਾਲਾ ਮੁਹੱਲਾ ਪਟਿਆਲਾ ਨੇ ਕਥਿਤ ਦੋਸ਼ੀਆਂ ਦੀਪਕ, ਹਰਮਨ ਵਾਸੀ ਦਾਰੂ ਕੁੱਟੀਆ ਮੁਹੱਲਾ ਪਟਿਆਲਾ ਅਤੇ ਚਾਰ ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੇ ਦੋਸਤ ਕ੍ਰਿਸ਼ ਨਾਲ ਧਾਨਕ ਮੁਹੱਲਾ ਪਟਿਆਲਾ ਕੋਲ ਜਾ ਰਿਹਾ ਸੀ ਤਾਂ ਕਥਿਤ ਦੋਸ਼ੀ ਮੋਟਰਸਾਈਕਲਾ ਪਰ ਸਵਾਰ ਹੋ ਕੇ ਆਏ ਅਤ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋ ਮਾਰਨ ਦੀਆ ਧਮਕੀਆ ਵੀ ਦਿੱਤੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਮੋਦੀ ਕਾਲਜ ’ਚ ਕੌਮਾਂਤਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ‘ਕਲਾ, ਕਿਤਾਬਾਂ ਅਤੇ ਕਲਾਕਾਰ’ ਵਿਸ਼ੇ ’ਤੇ ਭਾਸ਼ਣ



ਪਟਿਆਲਾ, 21 ਫਰਵਰੀ (ਰੁਪਾਣਾ) : ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਅੱਜ ਕੌਮਾਂਤਰੀ ਮਾਤ ਭਾਸ਼ਾ-ਦਿਵਸ ਮੌਕੇ ‘ਕਲਾ, ਕਿਤਾਬਾਂ ਅਤੇ ਕਲਾਕਾਰ’ ਥੀਮ ਨੂੰ ਲੈ ਕੇ ਯਾਦਗਾਰੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕਲਾ, ਸਾਹਿਤ ਅਤੇ ਕਲਾਕਾਰਾਂ ਵਿਚਕਾਰ ਆਪਸੀ ਤਾਲਮੇਲ ਦੀ ਡੂੰਘੀ ਸਮਝ ਨੂੰ ਉਜਾਗਰ ਅਤੇ ਉਤਸ਼ਾਹਿਤ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦੀ ਨਿੱਗਰ ਸੱਭਿਆਚਾਰਕ ਵਿਰਾਸਤ ਅਤੇ ਸਾਹਿਤਕ ਪ੍ਰੰਪਰਾਵਾਂ ਤੋਂ ਜਾਣੂ ਕਰਵਾਉਣਾ ਵੀ ਸੀ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਡਾ. ਸੁਰਜੀਤ ਸਿੰਘ, ਪ੍ਰੋਫੈਸਰ, ਪੰਜਾਬੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਸ਼ਾਮਲ ਹੋਏ ਅਤੇ ਮੁੱਖ ਮਹਿਮਾਨ ਵਜੋਂ ਰਾਣਾ ਰਣਬੀਰ, ਪ੍ਰਸਿੱਧ ਥੀਏਟਰ/ਫਿਲਮ ਕਲਾਕਾਰ ਨੇ ਸ਼ਿਰਕਤ ਕੀਤੀ। ਆਪਣੇ ਸਵਾਗਤੀ ਭਾਸ਼ਣ ਵਿੱਚ, ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਪੰਜਾਬੀ ਭਾਸ਼ਾ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਦੀ ਮਹੱਤਤਾ @ਤੇ ਜ਼ੋਰ ਦਿੱਤਾ। ਇਸਦੀਆਂ ਅਮੀਰ ਸੱਭਿਆਚਾਰਕ ਅਤੇ ਸਾਹਿਤਕ ਪਰੰਪਰਾਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਜਿੱਥੇ ਕਲਾ, ਸੱਭਿਆਚਾਰ ਅਤੇ ਸਾਹਿਤਕ ਪੱਖੋਂ ਬੇਹੱਦ ਅਹਿਮ ਹੈ ਉੱਥੇ ਇਸ ਦਾ ਭਾਰਤ ਦੀਆਂ ਬਾਕੀ ਭਾਸ਼ਾਵਾਂ ਅਤੇ ਗਲੋਬਲੀ ਵਰਤਾਰਿਆਂ ਨਾਲ ਅਦਾਨ-ਪ੍ਰਦਾਨ ਬਾਕਮਾਲ ਹੈ। ਪੰਜਾਬੀ ਵਿਭਾਗ ਦੇ ਮੁਖੀ, ਡਾ. ਵੀਰਪਾਲ ਕੌਰ ਨੇ ਰਾਣਾ ਰਣਬੀਰ ਅਤੇ ਡਾ. ਸੁਰਜੀਤ ਸਿੰਘ ਦੀ ਰਸਮੀ ਜਾਣ-ਪਛਾਣ ਕਰਵਾਉਂਦਿਆਂ ਕਿਹਾ ਕਿ ਅਜਿਹੀਆਂ ਸ਼ਖਸੀਅਤਾਂ ਨੂੰ ਸੁਣਨਾ ਅਤੇ ਜਾਨਣਾ ਆਪਣੇ ਆਪ ਵਿੱਚ ਅਹਿਮ ਪ੍ਰਾਪਤੀ ਹੈ। ਇਸ ਮੌਕੇ ’ਤੇ ਬੋਲਦਿਆ ਰਾਣਾ ਰਣਬੀਰ ਨੇ ਆਪਣੇ ਭਾਸ਼ਣ ਵਿੱਚ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਅਤੇ ਮਾਤ-ਭਾਸ਼ਾ ਨੂੰ ਅਮੀਰ ਕਰਨ ਹਿੱਤ ਕਲਾਕਾਰਾਂ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਸੁਰਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇੱਕ ਵਿਅਕਤੀ ਜਿਨ੍ਹਾਂ ਆਪਣੀ ਮਾਤ ਭਾਸ਼ਾ ਵਿੱਚ ਪਰਿਪੱਕ ਹੋਵੇਗਾ, ਉਨ੍ਹਾਂ ਹੀ ਉਹ ਦੂਜੀਆਂ ਭਾਸ਼ਾਵਾਂ ਨੂੰ ਵਧੇਰੇ ਪ੍ਰਬੀਨਤਾ ਨਾਲ ਸਿੱਖ ਸਕੇਗਾ। ਇਸ ਤੋਂ ਬਿਨ੍ਹਾਂ ਡਾ. ਸੁਰਜੀਤ ਨੇ ਰਾਣਾ ਰਣਬੀਰ ਦੀ ਜ਼ਿੰਦਗੀ ਦੇ ਕੁਝ ਹੋਰ ਅਣਗੌਲੇ ਪੱਖਾਂ ਵੱਲ ਵੀ ਸੰਕੇਤ ਕੀਤੇ। ਸਮਾਗਮ ਦਾ ਸਟੇਜ ਸੰਚਾਲਨ ਡਾ. ਦੀਪਕ ਕੁਮਾਰ ਨੇ ਕੀਤਾ ਅਤੇ ਧੰਨਵਾਦ ਦਾ ਮਤਾ ਡਾ. ਦਵਿੰਦਰ ਸਿੰਘ ਨੇ ਪੇਸ਼ ਕੀਤਾ। ਪ੍ਰੋਗਰਾਮ ਵਿੱਚ ਕਾਲਜ ਦੇ ਸਮੂਹ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਤੋਂ ਇਲਾਵਾ ਪੰਜਾਬੀ ਵਿਭਾਗ ਤੋਂ ਡਾ. ਰੁਪਿੰਦਰ ਸਿੰਘ, ਡਾ. ਜਸਪ੍ਰੀਤ ਕੌਰ, ਡਾ. ਗੁਰਜੰਟ ਸਿੰਘ, ਪ੍ਰੋ. ਕੁਲਵਿੰਦਰ ਸਿੰਘ, ਪ੍ਰੋ. ਕਪਿਲ ਸ਼ਰਮਾ, ਡਾ. ਪਰਮਿੰਦਰ ਸਿੰਘ, ਪ੍ਰੋ. ਗੁਰਵਿੰਦਰ ਸਿੰਘ, ਪ੍ਰੋ. ਤਲਵਿੰਦਰ ਸਿੰਘ, ਪ੍ਰੋ. ਰੁਪਿੰਦਰ ਕੌਰ ਅਤੇ ਪ੍ਰੋ. ਸੋਨੀ ਵੀ ਹਾਜ਼ਰ ਸਨ।

## ਸੜਕ ਹਾਦਸੇ ’ਚ ਨੌਜਵਾਨ ਦੀ ਮੌਤ

ਸਮਾਣਾ, 21 ਫਰਵਰੀ (ਵਿਜੇ ਕੁਮਾਰ) : ਪਿੰਡ ਤੁੱਲੇਵਾਲ ਨੇੜੇ ਵਾਪਰੇ ਇਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਪ੍ਰਵਾਸੀ ਨੌਜਵਾਨ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐਸ.ਆਈ. ਗੁਰਦੇਵ ਸਿੰਘ ਨੇ ਦੱਸਿਆ ਕਿ ਮ੍ਰਿਤਕ ਰਾਹੁਲ ਕੁਮਾਰ (23) ਦੇ ਪਿਤਾ ਹੰਸਰਾਜ ਵਾਸੀ ਪਿੰਡ ਭਾਖਲ (ਜ਼ਿਲ੍ਹਾ ਸਹਾਰਨਪੁਰ, ਉੱਤਰ ਪ੍ਰਦੇਸ਼) ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ, ਇੱਟ-ਭੱਠੇ ’ਤੇ ਕੰਮ ਕਰਦਾ ਉਸ ਦਾ ਲੜਕਾ ਬੀਤੀ ਰਾਤ ਮੋਟਰਸਾਈਕਲ ’ਤੇ ਸਵਾਰ ਹੋ ਕੇ ਪਿੰਡ ਤੁੱਲੇਵਾਲ ਵੱਲ ਜਾ ਰਿਹਾ ਸੀ। ਗੁੱਗਾ ਮਾੜੀ ਨੇੜੇ ਉਸ ਦਾ ਮੋਟਰਸਾਈਕਲ ਬੇਕਾਬੂ ਹੋ ਕੇ ਸੜਕ ਕਿਨਾਰੇ ਖੜ੍ਹੇ ਇੱਕ ਦਰੱਖਤ ਨਾਲ ਜਾ ਟਕਰਾਇਆ। ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ ਕਾਰਨ ਜਦੋਂ ਉਸ ਨੂੰ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ ਦਰਜ ਬਿਆਨਾਂ ਦੇ ਆਧਾਰ ’ਤੇ ਪੁਲਸ ਨੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

## ਕੁੱਟਮਾਰ ਸਬੰਧੀ ਮਾਮਲਾ ਦਰਜ

ਪਟਿਆਲਾ, 21 ਫਰਵਰੀ (ਵਿਨੋਦ ਸ਼ਰਮਾ) : ਕੁੱਟਮਾਰ ਅਤੇ ਕੱਪੜੇ ਵੀ ਪਾੜਨ ਸਬੰਧੀ ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਬਚਿੱਤਰ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਪਿੰਡ ਕਸਿਆਣਾ ਨੇ ਕਥਿਤ ਦੋਸ਼ੀਆਂ ਗੁਰਦੀਪ ਸਿੰਘ, ਹਰਜੀਤ ਕੌਰ ਪਤਨੀ ਗੁਰਦੀਪ ਸਿੰਘ, ਜਸਪ੍ਰੀਤ ਸਿੰਘ ਵਾਸੀ ਪਿੰਡ ਕਸਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਕਥਿਤ ਦੋਸ਼ੀ ਗੁਰਦੀਪ ਸਿੰਘ ਉਸ ਦਾ ਭਰਾ ਹੈ। ਉਸ ਦਾ ਪਿਤਾ ਦੋਵਾਂ ਤੋਂ ਅਲੱਗ ਰਹਿ ਰਿਹਾ ਹੈ ਤਾਂ ਕਥਿਤ ਦੋਸ਼ੀਆਂ ਨੇ ਉਸ ਦੇ ਪਿਤਾ ਦੇ ਭਾਂਡੇ ਚੁੱਕ ਕੇ ਬਾਹਰ ਸੁੱਟ ਦਿੱਤੇ, ਜਦੋਂ ਉਹ ਤੇ ਉਸਦੀ ਪਤਨੀ ਪਰਮਜੀਤ ਕੌਰ ਅਤੇ ਭਰਜਾਈ ਹਰਜਿੰਦਰ ਕੌਰ ਇਸ ਸਬੰਧੀ ਮੌਕਾ ਪਰ ਗਏ ਤਾਂ ਕਥਿਤ ਦੋਸ਼ੀਆਂ ਨੇ ਉਸ ਤੇ ਉਸਦੀ ਪਤਨੀ ਅਤੇ ਪਿਤਾ ਦੀ ਕੁੱਟਮਾਰ ਕੀਤੀ ਅਤੇ ਉਸ ਦੀ ਪਤਨੀ ਦੇ ਕੱਪੜੇ ਵੀ ਪਾੜ ਦਿੱਤੇ। ਪੁਲਿਸ ਨੇ ਧਾਰਾ 115(2), 118(1), 351(2),76,3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ੴ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

ਹੋਲਾ ਮਹੱਲਾ ਨਗਰ ਕੀਰਤਨ

ਮਿਤੀ : 28 ਫਰਵਰੀ 2026 ਦਿਨ ਸ਼ਨੀਵਾਰ ਨੂੰ ਸਵੇਰੇ 10.00 ਵਜੇ

ਮਹਾਨ ਗੁਰਮਤਿ ਸਮਾਗਮ

ਮਿਤੀ : 1 ਤੇ 2 ਮਾਰਚ 2026 ਦਿਨ ਐਤਵਾਰ ਅਤੇ ਸੋਮਵਾਰ ਸਵੇਰੇ 10 ਤੋਂ 2 ਵਜੇ ਤੱਕ

ਆਪ ਜੀ ਨੂੰ ਇਹ ਜਾਣ ਕੇ ਹਾਰਦਿਕ ਪ੍ਰਸੰਨਤਾ ਹੋਵੇਗੀ ਕਿ ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਲਖਵਿੰਦਰ ਸਿੰਘ ਜੀ ਦੇ ਉੱਦਮ ਸਦਕਾ ਪਟਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ ਵੱਲੋਂ **ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ**, ਗੁ. ਭਾਈ ਰਾਮ ਕਿਸ਼ਨ ਜੀ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਸ਼ੁਰੂ ਕੀਤੀ ਹੋਈ ਹੈ। ਜਿੱਥੇ ਹੁਣ ਤੱਕ 250 ਦੇ ਕ੍ਰੀਬ ਗ਼ਰੀਬ, ਲੋੜਵੰਦ, ਸੂਰਮੇ, ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਮੌਜੂਦਾ ਅਸਥਾਨ ਵਿਖੇ ਥਾਂ ਦੀ ਘਾਟ ਹੋਣ ਕਾਰਨ, **ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾਂ ਵਿਖੇ** ਬੱਚਿਆਂ ਦੀ ਰਿਹਾਇਸ਼ ਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖੁਸ਼ੀ ਵਿੱਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ **1 ਤੇ 2 ਮਾਰਚ, 2026 ਦਿਨ ਐਤਵਾਰ ਤੇ ਸੋਮਵਾਰ ਨੂੰ ਸਵੇਰੇ 10 ਤੋਂ 2 ਵਜੇ** ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

**ਸਿੱਖ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ ਜੀ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ** ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਜੀ ਗੜਗੱਜ, ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ; ਸਿੰਘ ਸਾਹਿਬ ਗਿ. ਪ੍ਰਣਾਮ ਸਿੰਘ ਜੀ, ਸਿੰਘ ਸਾਹਿਬ ਗਿ. ਪ੍ਰਿਤਪਾਲ ਸਿੰਘ ਜੀ, ਹੈੱਡ ਗ੍ਰੰਥੀ, ਗੁ. ਸ੍ਰੀ ਦੂਖ ਨਿਵਾਰਨ ਸਾਹਿਬ, ਸਿੰਘ ਸਾਹਿਬ ਗਿ. ਅਵਤਾਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿ. ਹਰਵਿੰਦਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਮੋਤੀ ਬਾਗ਼ ਸਾਹਿਬ ਉਚੇਚੇ ਤੌਰ ’ਤੇ ਪਹੁੰਚਣਗੇ।

**ਹੋਲਾ ਮਹੱਲਾ ਤੇ ਨਗਰ ਕੀਰਤਨ ਇਤਿਹਾਸਕ ਗੁ. ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਬਹਾਦਰਗੜ੍ਹ ਤੋਂ ਆਰੰਭ ਹੋਵੇਗਾ ਜੋ ਮੇਨ ਬਜ਼ਾਰ, ਅਹਿਮਦਪੁਰ ਅਤੇ ਭੱਠਲਾਂ ਵਿਚੋਂ ਹੁੰਦਾ ਹੋਇਆ ਗੁ. ਸਚਖੰਡ ਦਰਬਾਰ, ਸਚਖੰਡ ਐਨਕਲੇਵ, ਗਿਆਨ ਕਲੋਨੀ, ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ।**

**ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਅਤੇ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।**

ਭਾਈ ਲਖਵਿੰਦਰ ਸਿੰਘ
ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ
(ਮੁੱਖ ਸੇਵਾਦਾਰ)

ਡਾ. ਜਗਜੀਤ ਸਿੰਘ ਦਰਦੀ
‘ਪਦਮ ਸ਼੍ਰੀ’ ਐਵਾਰਡੀ
ਚੇਅਰਮੈਨ, ਚੜ੍ਹਦੀਕਲਾ ਗਰੁੱਪ

ਭਾਈ ਜੋਗਿੰਦਰ ਸਿੰਘ ਜੀ
(ਅਕੈਡਮੀ ਇੰਚਾਰਜ)
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ

ਭਾਈ ਹਰਪਾਲ ਸਿੰਘ ਜੀ

ਭਾਈ ਰਮਨਦੀਪ ਸਿੰਘ ਜੀ

ਟਰੱਸਟੀ, ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ

ਸਮੂਹ ਵਿਦਿਆਰਥੀ,
ਗੁਰਮਤਿ ਸੰਗੀਤ ਅਕੈਡਮੀ

